14-SEP-PAGE-1.qxd add.qxd 9/13/2023 10:16 PM Page 1

ਵੀਰਵਾਰ, 14 ਸਤੰਬਰ, 2023
29 ਭਾਦੋਂ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 104

ਨਵਾਂ ਜ਼ਮਾਨਾ

DAILY NAWAN ZAMANA • THURSDAY, 14 SEPTEMBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਪੰਜਾਬ ਸਰਕਾਰ ਸਤਯਮੇਵ ਜਯਤੇ GOVT. OF PUNJAB

ਸਰਕਾਰ
ਸਨਮਾਨਕਾਰ ਮਿਲਣੀ



ਮੁੱਖ ਮਹਿਮਾਨ
ਸ਼੍ਰੀ ਅਰਵਿੰਦ ਕੇਜਰੀਵਾਲ
ਮੁੱਖ ਮੰਤਰੀ, ਦਿੱਲੀ

ਮਿਤੀ : 14 ਸਤੰਬਰ, 2023
ਸਥਾਨ : ਅੰਮ੍ਰਿਤਸਰ, ਜਲੰਧਰ

ਮਿਤੀ : 15 ਸਤੰਬਰ, 2023
ਸਥਾਨ : ਲੁਧਿਆਣਾ, ਮੁਹਾਲੀ

ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਉਦਯੋਗ ਅਤੇ ਵਣਜ ਵਿਭਾਗ, ਪੰਜਾਬ

14-SEP-PAGE-10.qxd 9/13/2023 10:17 PM Page 1

ਪ੍ਰਿੰ. ਬੁੱਧ ਰਾਮ ਦੇ ਘਰ ਕੋਲ ਦੂਜੇ ਦਿਨ ਵੀ ਧਰਨਾ ਜਾਰੀ

ਬੁਢਲਾਡਾ (ਅਸ਼ੋਕ ਲਾਕੜਾ)

ਸੰਯੁਕਤ ਕਿਸਾਨ ਮੋਰਚੇ ਪੰਜਾਬ ਦੇ ਸੱਦੇ 'ਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਹਲਕਾ ਬੁਢਲਾਡਾ ਤੋਂ ਐਮ ਐਲ ਏ ਪ੍ਰਿੰਸੀਪਲ ਬੁੱਧ ਰਾਮ ਦੀ ਕੋਠੀ ਅੱਗੇ ਦਿੱਤੇ ਜਾਣ ਵਾਲੇ ਤਿੰਨ ਦਿਨ ਲਗਾਤਾਰ ਦਿਨ-ਰਾਤ ਧਰਨੇ ਦੇ ਦੂਜੇ ਦਿਨ ਸੰਬੋਧਨ ਕਰਦਿਆਂ ਰੈਲੀ ਦੀ ਪ੍ਰਧਾਨਗੀ ਬੀ ਕੇ ਯੂ ਕਾਦੀਆਂ, ਪੰਜਾਬ ਕਿਸਾਨ ਯੂਨੀਅਨ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਦੇ ਨੁਮਾਇੰਦਿਆਂ ਨੇ ਕੀਤੀ ਤੇ ਸਟੇਜ ਦਾ ਸੰਚਾਲਨ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਜਮਹੂਰੀ ਕਿਸਾਨ ਸਭਾ ਪੰਜਾਬ, ਬੀ ਕੇ ਯੂ ਲੱਖੋਵਾਲ, ਦੇ ਪ੍ਰਤੀਨਿਧਾਂ ਨੇ ਕੀਤਾ।

ਰੈਲੀ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਲੋਕਾਂ ਨਾਲ ਕੀਤੇ ਵਾਅਦਿਆਂ ਅਨੁਸਾਰ ਵੱਖ-ਵੱਖ ਸਮਿਆਂ 'ਤੇ ਲੰਪੀ ਸਕਿੰਨ ਨਾਲ ਪਸ਼ੂਆਂ ਦੇ ਹੋਏ ਨੁਕਸਾਨ, ਗੜੇਮਾਰੀ ਨਾਲ ਹੋਏ ਫ਼ਸਲਾਂ ਦੇ ਨੁਕਸਾਨ ਅਤੇ ਹੜਾ ਅਤੇ ਬਾਰਿਸ਼ ਕਾਰਨ ਹੋਏ ਫਸਲਾਂ, ਪਸ਼ੂਆ ਅਤੇ ਜਾਨੀ ਨੁਕਸਾਨ ਦਾ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ, ਜਿਨ੍ਹਾਂ ਕਿਸਾਨਾਂ ਦੀਆਂ ਜ਼ਮੀਨਾਂ ਵਿੱਚ ਰੇਤ/ਗਾਰ ਭਰ ਗਈ ਸੀ, ਉਨ੍ਹਾਂ ਨੂੰ ਜ਼ਮੀਨ ਨੂੰ ਸਾਫ ਕਰਨ ਲਈ ਮੁਆਵਜ਼ਾ ਦਿੱਤਾ ਜਾਵੇ, ਜਿਨ੍ਹਾਂ ਕਿਸਾਨਾਂ ਨੇ ਦੂਜੀ ਵਾਰ ਝੋਨਾ ਲਾਇਆ ਹੈ ਨੂੰ ਵੀ ਸਹਾਇਤਾ ਦਿੱਤੀ ਜਾਵੇ ਤੇ ਹੁਣ ਜਿਹੜੇ ਕਿਸਾਨ ਮੀਂਹ ਨਾ ਪੈਣ ਕਾਰਨ (ਸੋਕਾ ਪੈਣ ਕਾਰਨ) ਝੋਨਾ ਵਾਹੁਣ ਲਈ ਮਜਬੂਰ ਹੋ ਰਹੇ ਹਨ ਉਨ੍ਹਾਂ ਨੂੰ ਵੀ ਢੁੱਕਵੀਂ ਸਹਾਇਤਾ ਦਿੱਤੀ ਜਾਵੇ। ਜਿੰਨਾ ਲੋਕਾਂ ਦੇ ਮਕਾਨ ਡਿੱਗ ਗਏ ਸਨ ਉਨ੍ਹਾਂ ਨੂੰ ਘੱਟੋ-ਘੱਟ 5 ਲੱਖ ਰੁਪੈ ਪ੍ਰਤੀ ਮਕਾਨ ਅਤੇ ਮਰੇ ਪਸ਼ੂਆ ਦਾ ਘੱਟ ਤੋਂ ਘੱਟ ਲੱਖ ਰੁਪੈ ਪ੍ਰਤੀ ਪਸ਼ੂ ਮੁਆਵਜ਼ਾ ਦਿੱਤਾ ਜਾਵੇ। ਬੁਲਾਰਿਆਂ ਨੇ ਕਿਹਾ ਕਿ ਪ੍ਰਸ਼ਾਸਨ/ਸਰਕਾਰ ਲੋਕਾਂ ਦੀ ਬਾਹ ਫੜਣ ਦੀ ਥਾਂ ਫੋਕੇ ਲਾਰਿਆਂ ਤੇ ਅਖਬਾਰੀ ਬਿਆਨਾਂ ਨਾਲ ਹੀ ਡੰਗ ਟਪਾ ਰਹੀ ਹੈ। ਇਸ ਕਰਕੇ ਆਮ ਲੋਕਾਂ ਅਤੇ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ

ਕਾਂਗਰਸ ਨੂੰ ਮਜ਼ਬੂਤ ਬਣਾਉਣ ਲਈ ਸੰਪਰਕ ਮੀਟਿੰਗਾਂ ਦੀ ਮੁਹਿੰਮ ਚਲਾਈ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਕਾਂਗਰਸ ਪਾਰਟੀ ਨੂੰ ਹੇਠਲੇ ਪੱਧਰ ਤੱਕ ਹੋਰ ਮਜਬੂਤ ਬਨਾਉਣ ਲਈ ਜ਼ਿਲ੍ਹੇ ਭਰ ਅੰਦਰ ਸੰਪਰਕ ਮੀਟਿੰਗਾਂ ਦੀ ਮੁਹਿੰਮ ਚਲਾਈ ਗਈ ਹੈ। ਇਹ ਜਾਣਕਾਰੀ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਪਿੰਡ ਹਮੀਦੀ ਵਿਖੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਆਗੂ ਜਸਵਿੰਦਰ ਸਿੰਘ ਮਾਂਗਟ ਦੇ ਗ੍ਰਹਿ ਵਿਖੇ ਮੀਟਿੰਗ ਨੂੰ ਸੰਬੋਧਨ ਕਰਨ ਉਪਰੰਤ ਕੀਤਾ। ਜ਼ਿਲ੍ਹਾ ਪ੍ਰਧਾਨ ਕਾਲਾ ਢਿੱਲੋਂ ਨੇ ਕਿਹਾ ਕਾਂਗਰਸ ਪਾਰਟੀ ਵੱਲੋਂ ਆਗਾਮੀ ਚੋਣਾਂ ਦੀ ਤਿਆਰੀ 'ਚ ਸੰਪਰਕ ਮੁਹਿੰਮ ਚਲਾ ਕੇ ਪਿੰਡ ਪਿੰਡ ਵਰਕਰਾਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਾਂਗਰਸ ਪਾਰਟੀ ਸਾਫ਼ ਸੁਥਰੇ ਬੇਦਾਗ ਅਕਸ ਵਾਲੇ ਵਰਕਰਾਂ ਨੂੰ ਹੀ ਜ਼ਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ, ਪੰਚਾਇਤੀ ਚੋਣਾਂ 'ਚ ਅੱਗੇ ਲੈ ਕੇ ਆਵੇਗੀ। ਉਨ੍ਹਾਂ ਪਾਰਟੀ ਆਗੂਆਂ, ਵਰਕਰਾਂ ਨੂੰ ਸਾਰੇ ਮਤਭੇਦ ਭੁਲਾ ਕੇ ਪਾਰਟੀ ਦੀ ਮਜਬੂਤੀ ਲਈ ਜੁਟ ਜਾਣ ਦੀ ਅਪੀਲ ਕੀਤੀ। ਆਗੂ ਗੁਰਮੇਲ ਸਿੰਘ ਮੌੜ, ਪ੍ਰਧਾਨ ਜਸਮੇਲ ਸਿੰਘ ਬੜੀ, ਡਾ. ਅਮਰਜੀਤ ਸਿੰਘ ਮਹਿਲ ਕਲਾਂ ਨੇ ਕਿਹਾ ਕਿ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹਨ, ਸਾਡੀ ਜਦੋਂ ਵੀ ਲੋੜ ਹੋਵੇ ਤਾਂ ਅਸੀਂ ਹਰ ਸਮੇਂ 24 ਘੰਟੇ ਵਰਕਰਾਂ ਦੀ ਸੇਵਾ 'ਚ ਹਾਜ਼ਰ ਹਾਂ।

ਆਪ ਸਰਕਾਰ ਸੂਬੇ ਦੇ ਵਿਕਾਸ ਲਈ ਵਚਨਬੱਧ : ਬਾਜ਼ੀਗਰ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਸਾਰੇ ਵਰਗਾਂ ਦੀ ਬਿਹਤਰੀ ਲਈ ਲਗਾਤਾਰ ਯਤਨਸ਼ੀਲ ਹੈ। ਲੋਕਾਂ ਨਾਲ ਕੀਤੇ ਗਏ ਕਈ ਵਾਅਦਿਆਂ ਨੂੰ ਪੂਰਾ ਕਰ ਲਿਆ ਗਿਆ ਤੇ ਬਾਕੀ ਨੂੰ ਬਹੁਤ ਜਲਦੀ ਪੂਰਾ ਕਰ ਲਿਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਪਿੰਡ ਖਾਂਗ ਦੇ ਸੀਨੀਅਰ ਆਪ ਆਗੂ ਗਣੇਸਾ ਰਾਮ ਦੇ ਗ੍ਰਹਿ ਵਿਖੇ ਕੀਤੀ ਗਈ ਵਰਕਰ ਮਿਲਣੀ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਹਲਕਾ ਵਿਧਾਇਕ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਕਰਕੇ ਰਾਜ ਵਿੱਚੋਂ ਵੱਡੇ ਪੱਧਰ ਉੱਤੇ ਸਨਅਤ ਬਾਹਰਲੇ ਰਾਜਾਂ ਵਿੱਚ ਚਲੀ ਗਈ। ਦੂਜੇ ਰਾਜਾਂ ਵਿੱਚ ਜਾਣ ਕਰਕੇ ਬੇਰੁਜ਼ਗਾਰੀ ਵਿੱਚ ਵੱਡੇ ਪੱਧਰ ਉੱਤੇ ਵਾਧਾ ਹੋਇਆ ਜਿਸ ਕਰਕੇ ਪੰਜਾਬ ਦੇ ਨੌਜਵਾਨ ਬਾਹਰਲੇ ਦੇਸ਼ ਜਾਣ ਲੱਗੇ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨਾਲ ਕੀਤਾ ਗਿਆ ਵਾਅਦਾ ਪੂਰਾ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

ਉਨ੍ਹਾਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਆਉਣ ਵਾਲੀਆਂ ਗ੍ਰਾਮ ਪੰਚਾਇਤਾਂ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਦੇ ਨਾਲ ਨਾਲ ਲੋਕ ਸਭਾ ਚੋਣਾਂ ਵਿੱਚ ਸ਼ਾਨਦਾਰ ਜਿੱਤ ਦਰਜ ਕਰੇਗੀ। ਆਮ ਆਦਮੀ ਪਾਰਟੀ ਦੀ ਸਰਕਾਰ ਬਹੁਤ ਜਲਦੀ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਗਰੰਟੀ ਵੀ ਪੂਰੀ ਕਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲਰਾਂ ਦੇ ਸੀਨੀਅਰ ਮੀਤ ਪ੍ਰਧਾਨ ਸੋਨੀ ਜਲੂਰ, ਚੇਅਰਮੈਨ ਤੇਜਿੰਦਰ ਸਿੰਘ ਤੇਜੀ ਬੂਰੜ, ਸੀਨੀਅਰ ਆਪ ਆਗੂ ਹਿਟਲਰ ਸਿੰਘ ਵਿਰਕ, ਸੁਰੇਸ਼ ਸਿੰਘ, ਸਰਪੰਚ ਬਲਜੀਤ ਸਿੰਘ, ਡੀ ਸੀ ਯੂ ਚੇਅਰਮੈਨ ਹਰਿੰਦਰ ਸਿੰਘ ਚੱਠਾ, ਸਰਪੰਚ ਸੇਲਵਾਲਾ ਬਿੱਕਰ ਸਿੰਘ, ਚਰਨਜੀਤ ਸਿੰਘ ਸੰਧੂ, ਜੱਗਾ ਸਿੰਘ ਖਾਂਗ, ਬਲਵੰਤ ਸਿੰਘ ਸੰਧੂ ਮੌਲਵੀਵਾਲਾ ਆਦਿ ਹਾਜ਼ਰ ਸਨ।

ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ।

ਕਾਤਰਾਂ

ਪੀਓ ਸਟਾਫ਼ ਨੇ ਭਗੌੜਾ ਕੀਤਾ ਗ੍ਰਿਫ਼ਤਾਰ

ਜਲਾਲਾਬਾਦ (ਜੀਤ ਕੁਮਾਰ)-ਜ਼ਿਲ੍ਹਾ ਫ਼ਾਜ਼ਿਲਕਾ ਦੇ ਐਸ ਐਸ ਪੀ ਮਨਜੀਤ ਸਿੰਘ ਢੇਸੀ ਤੇ ਐਸ.ਪੀ. (ਡੀ) ਮਨਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੀ.ਓ. ਸਟਾਫ ਵੱਲੋਂ ਇੱਕ ਭਗੌੜੇ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਪੀ.ਓ. ਸਟਾਫ ਦੇ ਇੰਚਾਰਜ ਏ.ਐਸ.ਆਈ. ਰਤਨ ਲਾਲ ਨੇ ਦੱਸਿਆ ਕਿ ਥਾਣਾ ਸਦਰ ਫਾਜਿਲਕਾ ਵਿਖੇ ਮੁਕੱਦਮਾ ਨੰਬਰ 255 ਮਿਤੀ 21-07-2020 ਨੂੰ ਧਾਰਾ 61-1-14 ਆਬਕਾਰੀ ਐਕਟ ਅਧੀਨ ਕਰਮਜੀਤ ਸਿੰਘ ਉਰਫ ਸ਼ੰਟੀ ਪੁੱਤਰ ਬਸ਼ੀਰ ਸਿੰਘ ਵਾਸੀ ਫ਼ਤਿਹਗੜ੍ਹ ਦੇ ਖਿਲਾਫ਼ ਦਰਜ ਹੋਇਆ ਸੀ। ਇਸ ਮੁਕੱਦਮੇ ਵਿਚ ਨਾਮਜ਼ਦ ਕਰਮਜੀਤ ਸਿੰਘ ਨੂੰ ਮਾਣਯੋਗ ਅਦਾਲਤ ਵੱਲੋਂ 06-04-2023 ਨੂੰ ਪੀ.ਓ.299ਸੀ.ਆਰ.ਪੀ.ਸੀ.ਤਹਿਤ ਭਗੌੜਾ ਘੋਸ਼ਿਤ ਕੀਤਾ ਗਿਆ ਸੀ। ਪੀਓ ਸਟਾਫ਼ ਦੀ ਪੁਲਸ ਵੱਲੋਂ ਇਸ ਭਗੌੜੇ ਵਿਅਕਤੀ ਨੂੰ ਕਾਬੂ ਕਰਕੇ ਅਗਲੀ ਕਾਰਵਾਈ ਲਈ ਥਾਣਾ ਸਦਰ ਫ਼ਾਜ਼ਿਲਕਾ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ।

ਤੀਰਥ ਮਾਹਲਾ ਨੂੰ ਲੁਧਿਆਣਾ ਲੋਕ ਸਭਾ ਹਲਕੇ ਦਾ ਇੰਚਾਰਜ ਬਣਾਉਣ 'ਤੇ ਵਧਾਈਆਂ ਦਾ ਤਾਂਤਾ

ਬਾਘਾ ਪੁਰਾਣਾ (ਮਨੀ ਸਿਗਲਾ)-ਸੁਖਬੀਰ ਸਿੰਘ ਬਾਦਲ ਦੇ ਅੱਤ ਨੇੜੇ ਮੰਨੇ ਜਾਂਦੇ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਸ਼੍ਰੋਮਣੀ ਅਕਾਲੀ ਦਲ ਨੇ ਵੱਡਾ ਮਾਣ ਦਿੰਦਿਆਂ ਲੋਕ ਸਭਾ ਚੋਣਾਂ ਲਈ ਤੇ ਵੱਡੇ ਹਲਕੇ ਲੁਧਿਆਣਾ ਦਾ ਇੰਚਾਰਜ ਨਿਯੁਕਤ ਕੀਤਾ ਹੈ। ਦੱਸਣਾ ਬਣਦਾ ਹੈ ਕਿ ਅੱਤ ਨਿਮਰ ਸੁਭਾਅ ਕਰਕੇ ਹਰ ਕਿਸੇ ਨੂੰ ਪਹਿਲੀ ਮਿਲਣੀ ਵਿੱਚ ਅਪਣਾ ਬਣਾਉਣ ਲਈ ਸਮਰੱਥਾ ਰੱਖਦੇ ਜਥੇਦਾਰ ਮਾਹਲਾ ਦੀ ਇਹ ਦੂਰਅੰਦੇਸ਼ੀ ਸੋਚ ਦਾ ਨਤੀਜਾ ਹੀ ਹੈ ਕਿ ਪਾਰਟੀ ਨੇ ਇਨ੍ਹਾਂ ਵੱਡਾ ਮਾਣ ਦਿੱਤਾ ਹੈ। ਲੋਕ ਸਭਾ ਹਲਕਾ ਲੁਧਿਆਣਾ ਦੇ ਨਵ ਨਿਯੁਕਤ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਲੁਧਿਆਣਾ ਦਿਹਾਤੀ ਦੇ ਇੰਚਾਰਜ ਵਜੋਂ ਸੇਵਾ ਸੌਂਪੀ ਹੈ, ਉਸ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਇਆ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਲੰਡੇਕੇ, ਹਲਕਾ ਧਰਮਕੋਟ ਤੋਂ ਬਰਜਿੰਦਰ ਸਿੰਘ ਬਰਾੜ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਹਲਕਾ ਨਿਹਾਲ ਸਿੰਘ ਦੇ ਇੰਚਾਰਜ ਸੁਖਦੇਵ ਸਿੰਘ ਮਾਣੂੰਕੇ ਨੇ ਵੀ ਜਥੇਦਾਰ ਮਾਹਲਾ ਨੂੰ ਵਧਾਈ ਦਿੰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ।

'ਆਪ' ਤੋਂ ਦੁਖੀ ਲੋਕ ਹੁਣ ਮੁੜ ਬਾਦਲ ਸਰਕਾਰ ਨੂੰ ਚੇਤੇ ਕਰਨ ਲੱਗੇ : ਰਿੰਕਾ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) ਅਗਾਮੀ ਜ਼ਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ ਅਤੇ ਪੰਚਾਇਤੀ ਚੋਣਾਂ 'ਚ ਸ਼੍ਰੋਮਣੀ ਅਕਾਲੀ ਦਲ ਸ਼ਾਨਦਾਰ ਜਿੱਤ ਪ੍ਰਾਪਤ ਕਰੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਰਿੰਕਾ ਕੁਤਬਾ ਬਾਹਮਣੀਆਂ ਨੇ ਕੀਤਾ। ਉਨ੍ਹਾਂ ਕਿਹਾ ਕਿ ਬਦਲਾਅ ਦੇ ਨਾਂਅ 'ਤੇ ਸੱਤਾ 'ਚ ਆਈ ਆਮ ਆਦਮੀ ਪਾਰਟੀ ਤੋਂ ਪੰਜਾਬ ਦੇ ਲੋਕਾਂ ਦਾ ਥੋੜੇ ਸਮੇਂ 'ਚ ਮੋਹ ਭੰਗ ਹੋ ਚੁੱਕਾ ਹੈ, ਹੁਣ ਲੋਕ ਸੱਥਾਂ 'ਚ ਬੈਠੇ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੇ ਅਕਾਲੀ ਦਲ ਦੇ ਰਾਜ ਨੂੰ ਵਾਰ-ਵਾਰ ਚੇਤੇ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ, ਨਸ਼ਿਆਂ ਤੇ ਸੂਬੇ ਅੰਦਰ ਕਤਲੋਗਾਰਦ ਨੂੰ ਨੱਥ ਪਾਉਣ 'ਚ ਸੂਬਾ ਸਰਕਾਰ ਬੁਰੀ ਤਰ੍ਹਾਂ ਨਾਲ ਫੇਲ੍ਹ ਹੋਈ ਹੈ। ਇਸ ਤੋਂ ਇਲਾਵਾ ਸੂਬਾ ਸਰਕਾਰ ਵਲੋਂ ਪੰਜਾਬ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਗੁਆਂਢੀ ਸੂਬਿਆਂ ਦੇ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਬੀਬੀਆਂ 'ਆਪ' ਦੇ ਵਾਅਦੇ ਮੁਤਾਬਕ 1000-1000 ਮਹੀਨਾ ਉਡੀਕ ਰਹੀਆਂ ਹਨ। ਮੀਤ ਪ੍ਰਧਾਨ ਰਿੰਕਾ ਨੇ ਕਿਹਾ ਕਿ ਮੁੱਖ ਮੰਤਰੀ ਦਿੱਲੀ ਦੀ ਕਠਪੁਤਲੀ ਬਣ ਚੁੱਕਾ ਹੈ, ਪੰਜਾਬ ਦੇ ਲੋਕਾਂ ਦੀ ਨਜ਼ਰਾਂ 'ਚ 'ਆਪ' ਸਰਕਾਰ ਹੁਣ ਤੱਕ ਦੀ ਸਭ ਤੋਂ ਨਿਕੰਮੀ ਸਰਕਾਰ ਸਾਬਤ ਹੋ ਰਹੀ ਹੈ, ਜਿਸ ਕਾਰਨ ਲੋਕਾਂ ਨੇ ਹੁਣ ਇਨ੍ਹਾਂ ਦੀਆਂ ਆਪਹੁਦਰੀਆਂ ਨੂੰ ਨੱਥ ਪਾਉਣ ਦਾ ਮਨ ਬਣਾ ਲਿਆ ਹੈ।

ਸਟੇਟ ਐਵਾਰਡ ਲਈ ਅਰਜ਼ੀਆਂ ਦੀ ਮੰਗ

ਸੰਗਤ ਮੰਡੀ (ਰਾਜਦੀਪ ਜੋਸ਼ੀ)-ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਹਰ ਸਾਲ ਸਟੇਟ ਅਵਾਰਡ ਟੂ ਦਾ ਫਿਜ਼ੀਕਲੀ ਹੈਂਡੀਕੈਪਡ ਸਕੀਮ ਅਧੀਨ ਯੋਗ ਦਿਵਿਆਂਗ ਵਿਅਕਤੀਆਂ, ਕ੍ਰਮਚਾਰੀਆਂ, ਖਿਡਾਰੀਆਂ ਅਤੇ ਸੰਸਥਾਵਾਂ, ਜਿਨ੍ਹਾਂ ਵੱਲੋਂ ਦਿਵਿਆਂਗ ਵਿਅਕਤੀਆਂ ਦੀ ਲੋਕ ਭਲਾਈ ਦੇ ਖੇਤਰ ਵਿੱਚ ਸ਼ਲਾਘਾਯੋਗ ਪ੍ਰਾਪਤੀਆਂ ਕੀਤੀਆਂ ਗਈਆਂ ਹੋਣ, ਨੂੰ ਸਟੇਟ ਐਵਾਰਡ ਦੇਣ ਲਈ ਵਿਚਾਰਿਆ ਜਾਂਦਾ ਹੈ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮੈਡਮ ਜਸਬੀਰ ਕੌਰ ਨੇ ਯੋਗ ਬਿਨੈਕਾਰਾਂ/ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਲ-2023 ਲਈ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਦੇ ਦਫ਼ਤਰ 'ਚ 5 ਅਕਤੂਬਰ ਤੱਕ ਆਪਣੇ ਬਿਨੈ-ਪੱਤਰ ਜਮ੍ਹਾਂ ਕਰਾ ਸਕਦੇ ਹਨ।

ਲੈਪਰੋਸਕੋਪਿਕ ਪ੍ਰਣਾਲੀ ਲੋਕਾਂ ਲਈ ਵਰਦਾਨ : ਡਾ. ਅਨੀਸ਼ ਜਿੰਦਲ

ਮਾਨਸਾ (ਧਰਮਵੀਰ ਸ਼ਰਮਾ)-ਸਿਵਲ ਹਸਪਤਾਲ ਵਿੱਚ ਲੈਪਰੋਸਕੋਪਿਕ ਸਰਜਨ ਵਜੋਂ ਸੇਵਾਵਾਂ ਨਿਭਾ ਰਹੇ ਡਾ. ਅਨੀਸ਼ ਜਿੰਦਲ (ਪੀ. ਜੀ. ਆਈ. ਚੰਡੀਗੜ੍ਹ) ਪਾਸੋਂ ਪਿਛਲੇ ਸਾਲ 2022 ਤੋਂ ਲੈ ਕੇ ਹੁਣ ਤੱਕ 200 ਤੋਂ ਵੱਧ ਮਰੀਜ ਦੂਰਬੀਨ ਰਾਹੀਂ ਆਪਣੇ ਪਿੱਤੇ ਦੀ ਪੱਥਰੀ ਦਾ ਸਫਲ ਅਪ੍ਰੇਸ਼ਨ ਕਰਾ ਚੁੱਕੇ ਹਨ। ਡਾ. ਅਨੀਸ਼ ਜਿੰਦਲ ਨੇ ਦੱਸਿਆ ਕਿ ਉਨ੍ਹਾਂ ਦੇ ਆਉਣ ਤੋਂ ਪਹਿਲਾ ਸਿਵਲ ਹਸਪਤਾਲ ਮਾਨਸਾ ਵਿਖੇ ਇਹ ਸੁਵਿਧਾ ਉਪਲਬਧ ਨਹੀਂ ਸੀ, ਪਰ ਹੁਣ ਉਨ੍ਹਾਂ ਦੇ ਆਉਣ ਨਾਲ ਲੋਕਾਂ ਲਈ ਇਹ ਸੁਵਿਧਾ ਉਪਲਬਧ ਹੋ ਗਈ ਹੈ, ਜਿਸ ਦਾ ਮਰੀਜ਼ ਲਾਭ ਉਠਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇ ਆਰਥਿਕ ਤੌਰ ਦੀ ਗੱਲ ਕਰੀਏ ਤਾਂ ਲੈਪਰੋਸਕੋਪਿਕ ਪ੍ਰਣਾਲੀ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ।

ਵਿਦਿਆਰਥੀਆਂ 'ਚ ਚੰਗੀ ਲੀਡਰਸ਼ਿਪ ਤੇ ਕੁਸ਼ਲ ਪ੍ਰਬੰਧਕੀ ਗੁਣ ਪੈਦਾ ਕਰਨ ਦੀ ਲੋੜ : ਡਾ. ਸ਼ਰਮਾ

ਸਮਰਾਲਾ (ਸੁਰਜੀਤ ਸਿੰਘ)-ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਸੇਂਟੀਨਲ ਇੰਟਰਨੈਸ਼

14-SEP-PAGE-1.qxd 9/13/2023 10:13 PM Page 1

ਵੀਰਵਾਰ, 14 ਸਤੰਬਰ, 2023
29 ਭਾਦੋਂ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 104

ਨਵਾਂ ਜ਼ਮਾਨਾ

DAILY NAWAN ZAMANA • THURSDAY, 14 SEPTEMBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

'ਇੰਡੀਆ' ਦੀ ਪਹਿਲੀ ਰੈਲੀ ਭੂਪਾਲ 'ਚ

ਤਾਲਮੇਲ ਮੀਟਿੰਗ 'ਚ ਮੋਦੀ ਸਰਕਾਰ ਨੂੰ ਬੇਦਖਲ ਕਰਨ ਦੀ ਰਣਨੀਤੀ 'ਤੇ ਵਿਚਾਰ

ਨਵੀਂ ਦਿੱਲੀ : ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ 'ਇੰਡੀਆ' ਦੀ ਤਾਲਮੇਲ ਤੇ ਚੋਣ ਰਣਨੀਤੀ ਕਮੇਟੀ ਦੀ ਮੀਟਿੰਗ ਬੁੱਧਵਾਰ ਐੱਨ ਸੀ ਪੀ ਆਗੂ ਸ਼ਰਦ ਪਵਾਰ ਦੇ ਘਰ ਹੋਈ, ਜਿਸ ਵਿਚ ਕਾਂਗਰਸ ਦੇ ਕੇ ਸੀ ਵੇਣੂਗੋਪਾਲ, ਸ਼ਿਵ ਸੈਨਾ (ਯੂ ਬੀ ਟੀ) ਦੇ ਸੰਜੇ ਰਾਊਤ, ਸੀ ਪੀ ਆਈ ਦੇ ਡੀ ਰਾਜਾ, ਝਾਰਖੰਡ ਮੁਕਤੀ ਮੋਰਚਾ ਦੇ ਹੇਮੰਤ ਸੋਰੇਨ, ਰਾਜਦ ਦੇ ਤੇਜਸਵੀ ਯਾਦਵ, ਪੀ ਡੀ ਪੀ ਦੀ ਮਹਿਬੂਬਾ ਮੁਫਤੀ, ਸਮਾਜਵਾਦੀ ਪਾਰਟੀ ਦੇ ਜਾਵੇਦ ਅਲੀ ਖਾਨ, ਜਨਤਾ ਦਲ (ਯੂ) ਦੇ ਲੱਲਨ ਸਿੰਘ, ਡੀ ਐੱਮ ਕੇ ਦੇ ਟੀ ਆਰ ਬਾਲੂ, ਨੈਸ਼ਨਲ ਕਾਨਫਰੰਸ ਦੇ ਉਮਰ ਅਬਦੁੱਲਾ ਤੇ ਆਮ ਆਦਮੀ ਪਾਰਟੀ ਦੇ ਰਾਘਵ ਚੱਢਾ ਆਦਿ ਸ਼ਾਮਲ ਹੋਏ। ਤ੍ਰਿਣਮੂਲ ਕਾਂਗਰਸ ਦੇ ਅਭਿਸ਼ੇਕ ਬੈਨਰਜੀ ਈ ਡੀ ਵੱਲੋਂ ਪੁੱਛਗਿੱਛ ਲਈ ਤਲਬ ਕਰਨ ਕਰਕੇ ਪਹੁੰਚ ਨਹੀਂ ਸਕੇ। ਮੀਟਿੰਗ ਤੋਂ ਬਾਅਦ ਕਾਂਗਰਸ ਨੇਤਾ ਕੇ ਸੀ ਵੇਣੂਗੋਪਾਲ ਨੇ ਪ੍ਰੈੱਸ ਕਾਨਫਰੰਸ ਕੀਤੀ। ਉਨ੍ਹਾ ਦੱਸਿਆ ਕਿ ਅਸੀਂ ਦੇਸ਼ ਦੇ ਵੱਖ-ਵੱਖ ਸੂਬਿਆਂ 'ਚ ਰੈਲੀਆਂ ਕਰਨ ਦਾ ਫੈਸਲਾ ਲਿਆ ਹੈ। ਪਹਿਲੀ ਰੈਲੀ ਅਕਤੂਬਰ ਦੇ ਪਹਿਲੇ ਹਫ਼ਤੇ ਭੂਪਾਲ 'ਚ ਹੋਵੇਗੀ, ਜਿਸ 'ਚ ਮੋਦੀ ਸਰਕਾਰ 'ਚ ਵਧ ਰਹੀ ਬੇਰੁਜ਼ਗਾਰੀ, ਮਹਿੰਗਾਈ ਤੇ ਭ੍ਰਿਸ਼ਟਾਚਾਰ ਵਰਗੇ ਮੁੱਦਿਆਂ 'ਤੇ ਗੱਲ ਹੋਵੇਗੀ। ਉਨ੍ਹਾ ਕਿਹਾ ਕਿ ਅਸੀਂ ਇਹ ਵੀ ਫੈਸਲਾ ਕੀਤਾ ਹੈ ਕਿ ਕੁਝ ਮੀਡੀਆ ਗਰੁੱਪਾਂ ਦੇ ਐਂਕਰਾਂ ਦੇ ਸ਼ੋਅ 'ਚ ਇੰਡੀਆ ਗਰੁੱਪ ਦਾ ਕੋਈ ਵੀ ਨੇਤਾ ਸ਼ਾਮਲ ਨਹੀਂ ਹੋਵੇਗਾ। ਸੀ ਪੀ ਆਈ ਨੇਤਾ ਡੀ ਰਾਜਾ ਨੇ ਕਿਹਾ ਕਿ ਸੀਟਾਂ ਦੇ ਬਟਵਾਰੇ ਨੂੰ ਜਲਦ ਹੀ ਅੰਜ਼ਾਮ ਦਿੱਤਾ ਜਾਵੇਗਾ। ਸਾਰੇ ਦਲ ਜਾਤੀ ਮਰਦਮਸ਼ੁਮਾਰੀ ਦਾ ਮੁੱਦਾ ਉਠਾਉਣ 'ਤੇ ਵੀ ਸਹਿਮਤ ਹੋਏ। ਵੇਣੂਗੋਪਾਲ ਨੇ ਕਿਹਾ ਕਿ ਸੀਟ ਬਟਵਾਰੇ 'ਤੇ ਹਾਲੇ ਕੋਈ ਫੈਸਲਾ ਨਹੀਂ ਹੋਇਆ। ਸਾਰੀਆਂ ਪਾਰਟੀਆਂ ਮਿਲ ਕੇ ਇਸ ਬਾਰੇ ਛੇਤੀ ਹੀ ਫੈਸਲਾ ਕਰਨਗੀਆਂ। ਮੀਟਿੰਗ ਤੋਂ ਪਹਿਲਾਂ ਭਾਜਪਾ ਦੇ ਬੁਲਾਰੇ ਸੰਬਿਤ ਪਾਤਰਾ ਨੇ ਕਿਹਾ ਕਿ ਹਿੰਦੂ ਵਿਰੋਧੀ ਤਾਲਮੇਲ ਕਮੇਟੀ ਦੀ ਮੀਟਿੰਗ ਹੋਣ ਜਾ ਰਹੀ ਹੈ। ਇਸ ਦੇ ਜਵਾਬ ਵਿਚ ਸੰਜੇ ਰਾਊਤ ਨੇ ਕਿਹਾ—ਇਸ ਦੇਸ਼ ਵਿਚ ਕੋਈ ਹਿੰਦੂ ਵਿਰੋਧੀ ਨਹੀਂ ਅਤੇ ਜਿਹੜੇ ਖੁਦ ਨੂੰ ਹਿੰਦੂਤਵਵਾਦੀ ਕਹਿੰਦੇ ਹਨ, ਉਹ ਹਿੰਦੂਤਵਵਾਦੀ ਨਹੀਂ ਹਨ। ਇਹ ਉਹ ਦੇਸ਼ ਹੈ, ਜਿਥੇ ਸਾਰੇ ਧਰਮਾਂ ਦੀ ਇੱਜ਼ਤ ਹੁੰਦੀ ਹੈ। ਸੀ ਪੀ ਆਈ ਦੇ ਜਨਰਲ ਸਕੱਤਰ ਡੀ ਰਾਜਾ ਨੇ ਕਿਹਾ—ਸਮਾਂ ਆ ਗਿਆ ਹੈ ਕਿ 'ਇੰਡੀਆ' ਲੋਕਾਂ ਵਿਚ ਜਾ ਕੇ ਉਨ੍ਹਾਂ ਨੂੰ ਲਾਮਬੰਦ ਕਰੇ। ਅਸੀਂ ਪਹਿਲਾਂ ਵਿਚਾਰੀਆਂ ਗਈਆਂ ਤਜਵੀਜ਼ਾਂ ਤੇ ਲਏ ਫੈਸਲਿਆਂ 'ਤੇ ਨਜ਼ਰਸਾਨੀ ਕਰਾਂਗੇ। ਹੁਣ ਦੇਸ਼ ਵਿਚ ਨਿਸਚਿਤ ਮੁੱਦਿਆਂ 'ਤੇ ਰੈਲੀਆਂ ਕਰਨ ਦਾ ਵੇਲਾ ਆ ਗਿਆ ਹੈ। ਸੀਟਾਂ ਦੀ ਵੰਡ ਬਾਰੇ ਪਹਿਲਾਂ ਹੀ ਰਸਮੀ ਤੇ ਗੈਰਰਸਮੀ ਗੱਲਾਂਬਾਤਾਂ ਚੱਲ ਰਹੀਆਂ ਹਨ।

ਸਕੂਲ ਯਕੀਨਨ ਤੌਰ 'ਤੇ ਮੀਲ ਦਾ ਪੱਥਰ ਸਾਬਤ ਹੋਣਗੇ : ਮਾਨ, ਕੇਜਰੀਵਾਲ

- ਪਹਿਲਾ 'ਸਕੂਲ ਆਫ ਐਮੀਨੈਂਸ' ਪੰਜਾਬ ਵਾਸੀਆਂ ਨੂੰ ਕੀਤਾ ਸਮਰਪਤ
- ਸਿੱਖਿਆ ਦੇ ਖੇਤਰ 'ਚ ਪੰਜਾਬ ਛੇਤੀ ਹੀ ਬਣੇਗਾ ਅੱਵਲ ਸੂਬਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)

ਵਿਦਿਆਰਥੀਆਂ ਨੂੰ ਆਪਣੇ ਜੀਵਨ 'ਚ ਬੁਲੰਦੀ 'ਤੇ ਪਹੁੰਚਣ ਲਈ ਉਨ੍ਹਾਂ ਦੇ ਸੁਪਨਿਆਂ ਨੂੰ ਉਡਾਣ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸੂਬੇ ਦਾ ਪਹਿਲਾ 'ਸਕੂਲ ਆਫ ਐਮੀਨੈਂਸ' ਪੰਜਾਬ ਵਾਸੀਆਂ ਨੂੰ ਸਮਰਪਿਤ ਕੀਤਾ। ਦੋਵਾਂ ਮੁੱਖ ਮੰਤਰੀਆਂ ਨੇ ਕਿਹਾ, 'ਪੰਜਾਬ ਵਿੱਚ ਅੱਜ ਸਿੱਖਿਆ ਦੇ ਖੇਤਰ 'ਚ ਨਵੀਂ ਕ੍ਰਾਂਤੀ ਦਾ ਆਗਾਜ਼ ਹੋ ਚੁੱਕਾ ਹੈ ਅਤੇ ਇਹ ਸਕੂਲ ਯਕੀਨਨ ਤੌਰ 'ਤੇ ਮੀਲ ਪੱਥਰ ਸਾਬਤ ਹੋਣਗੇ। ਮੁੱਖ ਮੰਤਰੀਆਂ ਨੇ ਕਿਹਾ ਕਿ ਅੱਜ ਦਾ ਦਿਨ ਇਕ ਯਾਦਗਾਰੀ ਮੌਕਾ ਹੈ ਅਤੇ ਉਹ ਦਿਨ ਦੂਰ ਨਹੀਂ, ਜਦੋਂ ਸਿੱਖਿਆ ਦੇ ਖੇਤਰ 'ਚ ਪੰਜਾਬ ਦੇਸ਼ ਦਾ ਮੋਹਰੀ ਸੂਬਾ ਹੋਵੇਗਾ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਦੇ ਇਸ ਉਪਰਾਲੇ ਨਾਲ ਵਿਦਿਆਰਥੀਆਂ ਖਾਸ ਤੌਰ 'ਤੇ ਗਰੀਬ ਅਤੇ ਪੱਛੜੇ ਵਰਗਾਂ ਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾਵੇਗੀ। ਉਨ੍ਹਾ ਕਿਹਾ ਕਿ ਛੇਤੀ ਹੀ ਇਨ੍ਹਾਂ ਸਕੂਲਾਂ 'ਚੋਂ ਤਾਲੀਮ ਹਾਸਲ ਕਰਨ ਵਾਲੇ ਵਿਦਿਆਰਥੀ ਹਰੇਕ ਖੇਤਰ ਵਿੱਚ ਵੱਡੀ ਪ੍ਰਾਪਤੀਆਂ ਕਰਨਗੇ ਅਤੇ ਸੂਬੇ ਦਾ ਨਾਂਅ ਰੌਸ਼ਨ ਕਰਨਗੇ।

ਦੋਵਾਂ ਮੁੱਖ ਮੰਤਰੀਆਂ ਨੇ ਕਿਹਾ ਕਿ ਇਹ ਸਕੂਲ ਸਾਡੇ ਵਿਦਿਆਰਥੀਆਂ ਦੀ ਤਕਦੀਰ ਬਦਲ ਦੇਣਗੇ। ਇਹ ਤਾਂ ਅਜੇ ਸ਼ੁਰੂਆਤ ਹੈ ਅਤੇ ਗਰੀਬ ਵਿਦਿਆਰਥੀਆਂ ਦੀ ਭਲਾਈ ਲਈ ਅਜਿਹੇ ਹੋਰ ਸਕੂਲ ਖੋਲ੍ਹੇ ਜਾਣਗੇ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਇਹ ਸਕੂਲ 'ਆਧੁਨਿਕ ਯੁੱਗ ਦੇ ਮੰਦਰ' ਹੋਣਗੇ, ਜੋ ਵਿਦਿਆਰਥੀਆਂ ਦੇ ਜੀਵਨ ਵਿੱਚ ਗੁਣਾਤਮਕ ਤਬਦੀਲੀ ਲਿਆਉਣਗੇ। ਦੋਵਾਂ ਮੁੱਖ ਮੰਤਰੀਆਂ ਨੇ ਸਕੂਲਾਂ ਦੇ ਕਲਾਸ ਰੂਮਾਂ ਦਾ ਦੌਰਾ ਕਰਕੇ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ।

ਸਰਕਾਰ ਦੇ ਇਸ ਦੂਰਅੰਦੇਸ਼ ਕਦਮ ਲਈ ਦੋਵਾਂ ਮੁੱਖ ਮੰਤਰੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ 11ਵੀਂ ਕਲਾਸ ਦੀ ਵਿਦਿਆਰਥਣ ਦੀਕਸ਼ਾ ਨੇ ਕਿਹਾ ਕਿ ਇਸ ਤੋਂ ਪਹਿਲਾਂ ਉਹ ਪ੍ਰਾਈਵੇਟ ਸਕੂਲ 'ਚ ਪੜ੍ਹਦੀ ਸੀ। ਉਸ ਵਿਦਿਆਰਥਣ ਨੇ ਕਿਹਾ ਕਿ ਇਸ ਸਕੂਲ ਵਿੱਚ ਮੌਜੂਦ ਸਹੂਲਤਾਂ ਪ੍ਰਾਈਵੇਟ ਸਕੂਲਾਂ 'ਚ ਵੀ ਮੌਜੂਦ ਨਹੀਂ ਹਨ। ਉਸ ਨੇ ਇਸ ਸਕੂਲ ਦੀ ਸਥਾਪਨਾ ਲਈ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕੀਤਾ।

ਇਕ ਹੋਰ ਵਿਦਿਆਰਥਣ ਕਿਰਨਦੀਪ ਕੌਰ, ਜਿਸ ਨੇ ਪ੍ਰੀਖਿਆ ਪਾਸ ਕਰਨ ਤੋਂ ਬਾਅਦ ਇਸ ਸਕੂਲ 'ਚ ਦਾਖਲਾ ਲਿਆ, ਨੇ ਕਿਹਾ ਕਿ ਉਹ ਸਰਹੱਦੀ ਇਲਾਕੇ ਦੇ ਇਕ ਪਿੰਡ ਦੀ ਵਸਨੀਕ ਹੈ ਅਤੇ ਉਸ ਦੀ ਇੱਛਾ ਡਾਕਟਰ ਬਣਨ ਦੀ ਹੈ। ਉਸ ਨੇ ਕਿਹਾ ਕਿ ਕੁਝ ਸਾਲ ਪਹਿਲਾਂ ਇਸ ਇੱਛਾ ਦਾ ਪੂਰਾ ਹੋ ਜਾਣਾ ਔਖਾ ਜਾਪਦਾ ਸੀ, ਪਰ ਹੁਣ ਉਸ ਨੂੰ ਵਿਸ਼ਵਾਸ ਹੋ ਚੁੱਕਾ ਹੈ ਕਿ ਇਸ ਸਕੂਲ ਸਦਕਾ ਉਸ ਦਾ ਸੁਪਨਾ ਛੇਤੀ ਸਾਕਾਰ ਹੋਵੇਗਾ। ਉਸ ਨੇ ਇਸ ਨੇਕ ਉਪਰਾਲੇ ਲਈ ਦੋਵਾਂ ਮੁੱਖ ਮੰਤਰੀਆਂ ਦਾ ਧੰਨਵਾਦ ਕੀਤਾ, ਜੋ ਨੌਜਵਾਨ ਪੀੜ੍ਹੀ ਦਾ ਭਵਿੱਖ ਸੁਰੱਖਿਅਤ ਕਰਨਗੇ।

ਦੋਵਾਂ ਮੁੱਖ ਮੰਤਰੀਆਂ ਨੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਵੀ ਵਿਸਥਾਰ 'ਚ ਗੱਲਬਾਤ ਕੀਤੀ, ਜਿਨ੍ਹਾਂ ਦੂਰਅੰਦੇਸ਼ੀ ਵਾਲੇ ਇਸ ਫੈਸਲੇ ਲਈ ਦੋਵਾਂ ਆਗੂਆਂ ਦੀ ਸ਼ਲਾਘਾ ਕੀਤੀ। ਇਕ ਸਰਹੱਦੀ ਪਿੰਡ ਨਾਲ ਸੰਬੰਧਤ ਅਮਰਪਾਲ ਤੇ ਤ੍ਰਿਪਤਾ ਰਾਣੀ ਨੇ ਦੋਵਾਂ ਆਗੂਆਂ ਨੂੰ ਦੱਸਿਆ ਕਿ ਇਹ ਸਕੂਲ ਸਰਕਾਰੀ ਸਕੂਲਾਂ ਵਾਂਗ ਲਗਦਾ ਹੀ ਨਹੀਂ। ਉਨ੍ਹਾ ਲੋੜਵੰਦ ਪਰਵਾਰਾਂ ਦੇ ਵਿਦਿਆਰਥੀਆਂ ਦੀ ਭਲਾਈ ਲਈ ਸੋਚਣ ਅਤੇ ਅਮਲ ਕਰਨ ਵਾਸਤੇ ਦੋਵਾਂ ਮੁੱਖ ਮੰਤਰੀਆਂ ਦੀ ਸ਼ਲਾਘਾ ਕੀਤੀ। ਉਨ੍ਹਾ ਕਿਹਾ ਕਿ ਪ੍ਰਾਈਵੇਟ ਸਕੂਲ ਕਿਸੇ ਨਾ ਕਿਸੇ ਬਹਾਨੇ ਵਿਦਿਆਰਥੀਆਂ ਨੂੰ ਪ੍ਰੇਸ਼ਾਨ ਕਰਦੇ ਹਨ, ਪਰ ਇਹ ਸਕੂਲ ਸਿੱਖਿਆ ਦੇ ਖ਼ੇਤਰ ਵਿੱਚ ਮਿਸਾਲੀ ਤਬਦੀਲੀ ਹਨ। ਇਕ ਹੋਰ ਅਧਿਆਪਕ ਰੀਨਾ ਮਹਿਤਾ ਨੇ ਵੀ ਇਸ ਇਤਿਹਾਸਕ ਪਹਿਲਕਦਮੀ ਲਈ ਮੁੱਖ ਮੰਤਰੀਆਂ ਦੀ ਸ਼ਲਾਘਾ ਕੀਤੀ। ਉਸ ਨੇ ਦੱਸਿਆ ਕਿ ਇਹ ਦੇਖ ਕੇ ਖ਼ੁਸ਼ੀ ਹੋ ਰਹੀ ਹੈ ਕਿ ਵਿਦਿਆਰਥੀ ਮੁਫ਼ਤ 'ਚ ਮਿਆਰੀ ਸਿੱਖਿਆ ਹਾਸਲ ਕਰ ਰਹੇ ਹਨ। ਪ੍ਰਾਇਮਰੀ ਅਧਿਆਪਕ ਚੰਦਾ ਨੇ ਦੱਸਿਆ ਕਿ ਜੇ ਇਕ ਦਹਾਕਾ ਪਹਿਲਾਂ ਅਜਿਹੇ ਸਕੂਲ ਖੁੱਲ੍ਹੇ ਹੁੰਦੇ ਤਾਂ ਹੁਣ ਤੱਕ ਸੂਬੇ ਦਾ ਨਕਸ਼ਾ ਬਦਲ ਚੁੱਕਿਆ ਹੋਣਾ ਸੀ। ਉਸ ਨੇ ਦੱਸਿਆ ਕਿ ਉਸ ਦਾ ਬੱਚਾ ਪ੍ਰਾਈਵੇਟ ਸਕੂਲ ਵਿੱਚ ਪੜ੍ਹਦਾ ਸੀ, ਪਰ ਹੁਣ ਉਸ ਨੂੰ ਪ੍ਰੀਖਿਆ ਮਗਰੋਂ ਇਸ ਸਕੂਲ ਵਿੱਚ ਦਾਖ਼ਲਾ ਮਿਲ ਗਿਆ ਹੈ। ਉਸ ਨੇ ਆਉਣ ਵਾਲੀਆਂ ਨਸਲਾਂ ਦਾ ਭਵਿੱਖ ਸੰਵਾਰਨ ਦੇ ਉਦੇਸ਼ ਨਾਲ ਕੀਤੀ ਇਸ ਮਿਸਾਲੀ ਪਹਿਲਕਦਮੀ ਲਈ ਦੋਵਾਂ ਮੁੱਖ ਮੰਤਰੀ ਦੀ ਤਾਰੀਫ਼ ਕੀਤੀ। ਦੋਵਾਂ ਮੁੱਖ ਮੰਤਰੀਆਂ ਨੇ ਇਸ ਸਕੂਲ ਦੇ ਐੱਨ ਸੀ ਸੀ ਕੈਡੇਟਾਂ ਦੇ ਗਾਰਡ ਆਫ਼ ਆਨਰ ਤੋਂ ਸਲਾਮੀ ਲਈ। ਦੋਵੇਂ ਆਗੂ ਸਕੂਲ 'ਚ ਨਵੇਂ ਬਣੇ ਬਾਸਕਟਬਾਲ ਕੋਰਟ 'ਚ ਵੀ ਗਏ, ਜਿੱਥੇ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਉਨ੍ਹਾਂ ਨੂੰ ਸਕੂਲ ਦੇ ਵੇਰਵਿਆਂ ਬਾਰੇ ਜਾਣੂੰ ਕਰਵਾਇਆ। ਦੋਵਾਂ ਮੁੱਖ ਮੰਤਰੀਆਂ ਨੇ ਸੂਬੇ ਦੇ ਸਰਕਾਰੀ ਸਕੂਲਾਂ ਲਈ ਸ਼ੁਰੂ ਕੀਤੀ ਟਰਾਂਸਪੋਰਟ ਸਹੂਲਤ ਦੀ ਪਹਿਲੀ ਬੱਸ ਨੂੰ ਹਰੀ ਝੰਡੀ ਦਿਖਾਈ। ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਬੈਂਸ, ਮੁੱਖ ਸਕੱਤਰ ਅਨੁਰਾਗ ਵਰਮਾ, ਸਕੱਤਰ ਸਿੱਖਿਆ ਵਿਭਾਗ ਕੇ ਕੇ ਯਾਦਵ, ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਰਵੀ ਭਗਤ ਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

ਮੁਕਾਬਲੇ 'ਚ ਕਰਨਲ ਸਮੇਤ 3 ਸ਼ਹੀਦ, ਦੋ ਅੱਤਵਾਦੀ ਢੇਰ

- ਫੌਜ ਦੇ ਜਵਾਨ ਨੂੰ ਬਚਾਉਣ ਲਈ ਆਰਮੀ ਡਾਗ 'ਕੇਂਟ' ਨੇ ਦਿੱਤੀ ਕੁਰਬਾਨੀ

ਸ੍ਰੀਨਗਰ : ਜੰਮੂ-ਕਸ਼ਮੀਰ 'ਚ ਰਾਜੌਰੀ ਅਤੇ ਅਨੰਤਨਾਗ 'ਚ ਸੁਰੱਖਿਆ ਬਲਾਂ ਅਤੇ ਅੱਤਵਾਦੀਆਂ ਵਿਚਾਲੇ ਦੋ ਮੁਕਾਬਲਿਆਂ 'ਚ ਦੱਖਣੀ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ 'ਚ ਅੱਤਵਾਦੀਆਂ ਨੇ ਸੁਰੱਖਿਆ ਬਲਾਂ 'ਤੇ ਉਸ ਸਮੇਂ ਗੋਲੀ ਚਲਾ ਦਿੱਤੀ, ਜਦ ਉਹ ਤਲਾਸ਼ੀ ਅਭਿਆਨ ਚਲਾ ਰਹੇ ਸਨ। ਇਸ 'ਚ ਕਰਨਲ ਮਨਪ੍ਰੀਤ ਸਿੰਘ ਸ਼ਹੀਦ ਹੋ ਗਏ। ਇੱਕ ਪੁਲਸ ਮੁਲਾਜ਼ਮ ਦੇ ਜ਼ਖ਼ਮੀ ਹੋਣ ਦੀ ਵੀ ਖ਼ਬਰ ਹੈ। ਰਾਜੌਰੀ ਜ਼ਿਲ੍ਹੇ 'ਚ ਅੱਤਵਾਦੀਆਂ ਅਤੇ ਸੁਰੱਖਿਆ ਬਲਾਂ ਵਿਚਾਲੇ ਹੋਏ ਮੁਕਾਬਲੇ 'ਚ ਬੁੱਧਵਾਰ ਨੂੰ ਦੂਜੇ ਅੱਤਵਾਦੀ ਨੂੰ ਵੀ ਮਾਰ ਦਿੱਤਾ ਗਿਆ। ਏ ਡੀ ਜੀ ਪੀ ਜੰਮੂ ਮੁਕੇਸ਼ ਸਿੰਘ ਨੇ ਦੱਸਿਆ ਕਿ ਦੂਜੇ ਅੱਤਵਾਦੀ ਨੂੰ ਬੁੱਧਵਾਰ ਢੇਰ ਕਰ ਦਿੱਤਾ ਗਿਆ। ਮੰਗਲਵਾਰ ਸ਼ਾਮ ਨੂੰ ਸ਼ੁਰੂ ਹੋਏ ਮੁਕਾਬਲੇ 'ਚ ਇੱਕ ਅੱਤਵਾਦੀ ਮਾਰਿਆ ਗਿਆ ਸੀ। ਇਸ ਤੋਂ ਬਾਅਦ ਦੇਰ ਰਾਤ ਨੂੰ ਗੋਲੀਬਾਰੀ ਰੁਕ ਗਈ ਸੀ। ਬੁੱਧਵਾਰ ਸਵੇਰੇ ਇੱਕ ਵਾਰ ਫਿਰ ਅਪਰੇਸ਼ਨ ਸ਼ੁਰੂ ਕੀਤਾ ਗਿਆ, ਜਿਸ 'ਚ ਸੁਰੱਖਿਆ ਬਲਾਂ ਨੂੰ ਸਫ਼ਲਤਾ ਮਿਲੀ। ਹਾਲਾਂਕਿ ਇਸ ਮੁਕਾਬਲੇ 'ਚ ਫੌਜ ਦਾ ਇੱਕ ਜਵਾਨ ਵੀ ਸ਼ਹੀਦ ਹੋ ਗਿਆ। ਇਸ ਤੋਂ ਇਲਾਵਾ ਇੱਕ ਪੁਲਸ ਐਸ ਪੀ ਓ ਸਮੇਤ ਤਿੰਨ ਜ਼ਖ਼ਮੀ ਹੋਏ ਹਨ। ਸ਼ਹੀਦ ਹੋਏ ਫੌਜ ਦੇ ਜਵਾਨ ਦੀ ਪਛਾਣ 63 ਆਰ ਆਰ ਦੇ ਰਾਇਫ਼ਲਮੈਨ ਰਵੀ ਕੁਮਾਰ ਦੇ ਰੂਪ 'ਚ ਹੋਈ ਹੈ। ਉਹ ਜੰਮੂ ਦੇ ਜ਼ਿਲ੍ਹਾ ਕਿਸ਼ਤਵਾੜ ਦਾ ਰਹਿਣ ਵਾਲਾ ਸੀ। ਤਿੰਨ ਹੋਰ ਜ਼ਖ਼ਮੀਆਂ ਦੀ ਪਛਾਣ ਸਬ ਇਸਪੈਕਟਰ ਮੁਹੰਮਦ ਅਸ਼ਰਫ਼ (ਐੱਸ ਪੀ ਓ) ਦੇ ਰੂਪ 'ਚ ਕੀਤੀ ਗਈ ਹੈ। ਕਾਂਸਟੇਬਲ ਮੁਹੰਮਦ ਰਫ਼ੀਕ ਅਤੇ ਕਾਂਸਟੇਬਲ ਮੁਹੰਮਦ ਇਕਬਾਲ ਵੀ ਜ਼ਖ਼ਮੀ ਹੋਏ ਹਨ। ਇਸ ਮੁਕਾਬਲੇ 'ਚ ਭਾਰਤੀ ਫੌਜ ਦੇ ਕੁੱਤੇ ਕੇਂਟ, 21 ਆਰਮੀ ਡਾਗ ਯੂਨਿਟ ਦੀ ਛੇ ਸਾਲਾ ਮਾਦਾ ਲੈਬ੍ਰਾਡੋਰ ਨੇ ਰਾਜੌਰੀ ਮੁਕਾਬਲੇ ਦੌਰਾਨ ਆਪਣੇ ਹੈਂਡਲਰ ਦੀ ਰੱਖਿਆ ਕਰਦੇ ਹੋਏ ਆਪਣੀ ਜਾਣ ਦੇ ਦਿੱਤੀ। ਕੇਂਟ ਭੱਜ ਰਹੇ ਅੱਤਵਾਦੀ ਦੀ ਤਲਾਸ਼ 'ਚ ਸੈਨਿਕ ਦੀ ਇੱਕ ਟੁਕੜੀ ਦੀ ਅਗਵਾਈ ਕਰ ਰਹੀ ਸੀ। ਇਹ ਭਾਰੀ ਗੋਲੀਬਾਰੀ ਦੀ ਚਪੇਟ 'ਚ ਆ ਗਈ।

ਭਾਜਪਾ ਤੋਂ ਕੈਲਾਸ਼ ਮੇਘਵਾਲ ਮੁਅੱਤਲ

ਜੈਪੁਰ : ਭਾਜਪਾ ਨੇ ਬੁੱਧਵਾਰ ਨੂੰ ਵਿਧਾਨਸਭਾ ਦੇ ਸਾਬਕਾ ਸਪੀਕਰ ਕੈਲਾਸ਼ ਮੇਘਵਾਲ ਨੂੰ ਪਾਰਟੀ ਤੋਂ ਮੁਅੱਤਲ ਕਰ ਦਿੱਤਾ। ਅਸਲ 'ਚ ਮੇਘਵਾਲ ਨੇ ਇੱਕ ਰੈਲੀ 'ਚ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਮੇਘਵਾਲ ਨੂੰ ਭ੍ਰਿਸ਼ਟ ਦੱਸਦੇ ਹੋਏ ਸਵਾਲ ਚੁੱਕੇ ਸਨ। ਏਧਰ ਕੈਲਾਸ਼ ਮੇਘਵਾਲ ਨੇ ਪ੍ਰੈੱਸ ਕਾਨਫਰੰਸ ਕਰਕੇ ਪਾਰਟੀ ਨੂੰ ਨੋਟਿਸ ਦੇ ਦਿੱਤਾ। ਜਵਾਬ ਨੂੰ ਜਨਤਕ ਕਰਦੇ ਹੋਏ ਮੇਘਵਾਲ ਨੇ ਕਿਹਾ, ਮੈਨੂੰ ਭਾਜਪਾ ਨੇ ਕੱਢ ਦਿੱਤਾ ਹੈ, ਮੈਂ ਚੋਣ ਲੜਾਂਗਾ ਅਤੇ ਭਾਜਪਾ ਉਮੀਦਵਾਰ ਨੂੰ ਹਜ਼ਾਰਾਂ ਵੋਟਾਂ ਨਾਲ ਹਰਾਵਾਂਗਾ। ਉਨ੍ਹਾ ਕਿਹਾ, 'ਮੈਂ ਪ੍ਰਧਾਨ ਮੰਤਰੀ ਮੋਦੀ ਨੂੰ ਲੰਮੀ-ਚੌੜੀ ਚਿੱਠੀ ਲਿਖੀ ਹੈ। ਇਹੀ ਨਹੀਂ, ਕੈਲਾਸ਼ ਮੇਘਵਾਲ ਨੇ ਭਾਜਪਾ ਦੇ ਸੀਨੀਅਰ ਨੇਤਾਵਾਂ 'ਤੇ ਹਮਲਾ ਵੀ ਬੋਲਿਆ। ਮੇਘਵਾਲ ਨੇ ਕਿਹਾ, ਅਰਜੁਨ ਮੇਘਵਾਲ ਵਰਗਾ ਭ੍ਰਿਸ਼ਟ ਵਿਅਕਤੀ ਦੇਸ

14-Sep-PAGE-4.qxd 9/13/2023 10:23 PM Page 1

ਨਵਾਂ ਜ਼ਮਾਨਾ
ਵੀਰਵਾਰ, 14 ਸਤੰਬਰ 2023

ਰਾਜਸਥਾਨ ਭਾਜਪਾ 'ਚ ਘਮਸਾਨ

ਰਾਜਸਥਾਨ ਵਿਚ ਅਸੰਬਲੀ ਚੋਣਾਂ ਸਾਲ ਦੇ ਅਖੀਰ ਵਿਚ ਹੋਣ ਜਾ ਰਹੀਆਂ ਹਨ। ਉਸ ਤੋਂ ਪਹਿਲਾਂ ਉਥੇ ਸੱਤਾ ਹਥਿਆਉਣ ਲਈ ਜ਼ੋਰ ਲਾ ਰਹੀ ਭਾਜਪਾ ਵਿਚ ਜ਼ਬਰਦਸਤ ਘਮਸਾਨ ਛਿੜ ਪਿਆ ਹੈ। ਸਾਬਕਾ ਮੁੱਖ ਮੰਤਰੀ ਵਸੁੰਧਰਾ ਰਾਜੇ ਨੂੰ ਮੁੱਖ ਮੰਤਰੀ ਦਾ ਚਿਹਰਾ ਨਾ ਐਲਾਨਣ ਅਤੇ ਵਸੁੰਧਰਾ ਦੇ ਸਾਥੀਆਂ ਨੂੰ ਖੁੱਡੇ ਲਾਉਣ ਕਾਰਨ ਵਸੁੰਧਰਾ ਧੜਾ ਖੁੱਲ੍ਹ ਕੇ ਸਾਹਮਣੇ ਆ ਗਿਆ ਹੈ। ਕੇਂਦਰੀ ਲੀਡਰਸ਼ਿਪ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਮੇਘਵਾਲ ਨੂੰ ਅੱਗੇ ਲਿਆ ਰਹੀ ਹੈ। ਸਾਬਕਾ ਸਪੀਕਰ ਕੈਲਾਸ਼ ਮੇਘਵਾਲ ਨੇ 27 ਅਗਸਤ ਨੂੰ ਭੀਲਵਾੜਾ ਵਿਚ ਇਕ ਰੈਲੀ 'ਚ ਕਿਹਾ ਕਿ ਅਰਜੁਨ ਮੇਘਵਾਲ ਸਿਰੇ ਦਾ ਭ੍ਰਿਸ਼ਟ ਆਗੂ ਹੈ। ਇਸ ਤੋਂ ਖਫਾ ਲੀਡਰਸ਼ਿਪ ਨੇ ਉਸ ਨੂੰ ਬੁੱਧਵਾਰ ਪਾਰਟੀ 'ਚੋਂ ਮੁਅੱਤਲ ਕਰ ਦਿੱਤਾ ਹੈ। ਇਸ ਦੇ ਜਵਾਬ ਵਿਚ ਕੈਲਾਸ਼ ਮੇਘਵਾਲ ਨੇ ਕਿਹਾ ਕਿ ਉਸ ਨੇ ਸੂਬੇ ਵਿਚ ਪਾਰਟੀ ਦੇ ਹਾਲਾਤ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲੰਮੀ-ਚੌੜੀ ਚਿੱਠੀ ਲਿਖੀ ਹੈ ਤੇ ਉਹ ਚੋਣ ਜ਼ਰੂਰ ਲੜੇਗਾ ਅਤੇ ਭਾਜਪਾ ਉਮੀਦਵਾਰ ਨੂੰ ਹਜ਼ਾਰਾਂ ਵੋਟਾਂ ਦੇ ਫਰਕ ਨਾਲ ਹਰਾਏਗਾ। ਉਸ ਨੇ ਕਿਹਾ ਕਿ ਅਰਜੁਨ ਮੇਘਵਾਲ ਨੇ ਡੀ ਸੀ ਰਹਿਣ ਤੱਕ ਕਈ ਭ੍ਰਿਸ਼ਟਾਚਾਰ ਕੀਤੇ। ਚੂਰੂ ਦੇ ਡੀ ਸੀ ਵਜੋਂ ਸ਼ਹੀਦ ਸੈਨਿਕ ਦੀ ਵੀਰਾਂਗਣਾ ਦੇ ਕੋਟੇ ਦੀ ਜ਼ਮੀਨ ਹਾਊਸਿੰਗ ਬੋਰਡ ਤੋਂ ਗਲਤ ਬੰਦਿਆਂ ਨੂੰ ਦਿਵਾਈ। ਸੈਸ਼ਨ ਕੋਰਟ ਨੇ ਵੀ ਕਿਹਾ ਸੀ ਕਿ ਇਸ ਮਾਮਲੇ ਵਿਚ ਦਬਾਅ ਬਣਾਇਆ ਜਾ ਰਿਹਾ ਹੈ। ਅਰਜੁਨ ਮੇਘਵਾਲ ਨੇ ਚੋਣ ਹਲਫਨਾਮੇ ਵਿਚ ਇਸ ਕੇਸ ਨੂੰ ਲੁਕੋਇਆ, ਜਿਸ ਕਰਕੇ ਉਸ ਦੀ ਸੰਸਦ ਮੈਂਬਰੀ ਵੀ ਜਾ ਸਕਦੀ ਹੈ। ਕੈਲਾਸ਼ ਮੇਘਵਾਲ ਨੇ ਇਹ ਦੋਸ਼ ਵੀ ਲਾਇਆ ਹੈ ਕਿ ਅਰਜੁਨ ਮੇਘਵਾਲ ਨੇ ਮਹਾਰਾਸ਼ਟਰ ਦੇ ਇਕ ਆਗੂ ਨੂੰ ਟਿਕਟ ਦਿਵਾਉਣ ਬਦਲੇ ਡੇਢ ਕਰੋੜ ਰੁਪਏ ਲਏ, ਪਰ ਟਿਕਟ ਨਹੀਂ ਦਿਵਾ ਸਕਿਆ। ਅਰਜੁਨ ਮੇਘਵਾਲ ਦੀ ਤੁਲਨਾ ਡਾ. ਅੰਬੇਡਕਰ ਵਰਗੀ ਹਸਤੀ ਨਾਲ ਕੀਤੀ ਜਾ ਰਹੀ ਹੈ, ਜੋ ਪੂਰੀ ਤਰ੍ਹਾਂ ਨਾਵਾਜਬ ਹੈ। ਕੈਲਾਸ਼ ਮੇਘਵਾਲ ਦਾ ਇਹ ਵੀ ਕਹਿਣਾ ਹੈ ਕਿ ਸੀ ਪੀ ਜੋਸ਼ੀ, ਰਜਿੰਦਰ ਰਾਠੌੜ ਤੇ ਸਤੀਸ਼ ਪੂਨੀਆਂ ਵਰਗੇ ਆਗੂ ਭਾਜਪਾ ਵਿਚ ਗੁੱਟਬਾਜ਼ੀ ਕਰ ਰਹੇ ਹਨ। ਸੀ ਪੀ ਜੋਸ਼ੀ ਐੱਨ ਐੱਸ ਯੂ ਆਈ ਤੋਂ ਆਇਆ ਹੈ। ਆਪੋਜ਼ੀਸ਼ਨ ਦਾ ਆਗੂ ਰਜਿੰਦਰ ਰਾਠੌੜ ਵੀ ਦੂਜੀ ਪਾਰਟੀ ਵਿੱਚੋਂ ਆਇਆ ਹੈ।

ਕੈਲਾਸ਼ ਮੇਘਵਾਲ ਮੁਤਾਬਕ ਰਾਜਸਥਾਨ ਵਿਚ ਭਾਜਪਾ ਦੀ ਸਿਹਤ ਠੀਕ ਨਹੀਂ। ਇਸੇ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਪ੍ਰਧਾਨ ਜੇ ਪੀ ਨੱਢਾ ਤੋਂ ਲੈ ਕੇ ਵੱਡੇ-ਵੱਡੇ ਮੰਤਰੀ ਤੇ ਆਗੂ ਗੇੜੇ ਮਾਰ ਰਹੇ ਹਨ। ਜੇ ਹਾਲਾਤ ਠੀਕ ਹੁੰਦੇ ਤਾਂ ਦੇਸ਼ ਦੀ ਪੂਰੀ ਸਰਕਾਰ ਰਾਜਸਥਾਨ ਦੇ ਕਿਉਂ ਚੱਕਰ ਲਾ ਰਹੀ ਹੁੰਦੀ।

ਕੈਲਾਸ਼ ਮੇਘਵਾਲ ਖਿਲਾਫ ਭਾਜਪਾ ਹਾਈਕਮਾਨ ਦੀ ਕਾਰਵਾਈ ਦਿਖਾਉਂਦੀ ਹੈ ਕਿ ਉਸ ਦੀ ਵਸੁੰਧਰਾ ਧੜੇ ਨਾਲ ਸੁਲ੍ਹਾ ਹੁੰਦੀ ਨਹੀਂ ਜਾਪਦੀ। ਉਂਜ ਵੀ ਵਸੁੰਧਰਾ ਹੀ ਭਾਜਪਾ ਦੀ ਇੱਕੋ-ਇੱਕ ਆਗੂ ਹੈ, ਜਿਹੜੀ ਮੋਦੀ ਤੇ ਅਮਿਤ ਸ਼ਾਹ ਦੇ ਸਾਹਮਣੇ ਡਟ ਕੇ ਖੜ੍ਹਦੀ ਹੈ। ਉਹ ਅਡਵਾਨੀ, ਮੁਰਲੀ ਮਨੋਹਰ ਜੋਸ਼ੀ ਤੇ ਹੋਰ ਕਈ ਵੈਟਰਨ ਆਗੂਆਂ ਨੂੰ ਖੁੱਡੇ ਲਾ ਦੇਣ ਵਾਲੀ ਮੋਦੀ-ਸ਼ਾਹ ਦੀ ਜੋੜੀ ਨੂੰ ਸ਼ੁਰੂ ਤੋਂ ਹੀ ਰੜਕਦੀ ਆ ਰਹੀ ਹੈ।

ਔਰਤਾਂ ਲਈ ਇਨਸਾਫ 'ਚ ਦੇਰੀ ਬੰਦੇ ਦੇ ਬਿਰਖ ਹੋਣ ਵਾਂਗਰ

ਗੁਰਮੀਤ ਸਿੰਘ ਪਲਾਹੀ

ਭਾਰਤ ਵਿੱਚ ਔਰਤਾਂ ਲਈ ਅਦਾਲਤੀ ਇਨਸਾਫ ਦੀ ਤਸਵੀਰ ਇਹਨਾਂ ਦੋ ਅਦਾਲਤੀ ਫੈਸਲਿਆਂ ਤੋਂ ਵੇਖੀ ਜਾ ਸਕਦੀ ਹੈ:

ਕੁਝ ਸਮਾਂ ਪਹਿਲਾਂ ਮੁੰਬਈ ਉੱਚ ਅਦਾਲਤ (ਹਾਈ ਕੋਰਟ) ਵੱਲੋਂ ਅੱਸੀ ਸਾਲਾਂ ਤੋਂ ਚੱਲ ਰਹੇ ਜਾਇਦਾਦ ਦੇ ਮਾਮਲੇ ਵਿੱਚ ਫੈਸਲਾ ਲੈਂਦਿਆਂ ਇੱਕ 93 ਸਾਲ ਦੀ ਔਰਤ ਨੂੰ ਦੋ ਫਲੈਟ ਸੌਂਪਣ ਦਾ ਫੈਸਲਾ ਕੀਤਾ, ਜੋ ਇਸ ਦੀ ਅਸਲੀ ਮਾਲਕ ਸੀ। ਉਹ 80 ਸਾਲ ਅਦਾਲਤਾਂ ਵਿੱਚ ਧੱਕੇ ਖਾਂਦੀ ਰਹੀ, ਉਸ ਦੀ ਪੂਰੀ ਜ਼ਿੰਦਗੀ ਭਾਰਤੀ ਕਾਨੂੰਨ ਵਿਵਸਥਾ, ਇਸ ਦੀਆਂ ਉਲਝਣਾਂ ਅਤੇ ਹੌਲੀ, ਮਟਕੀਲੀ ਤੋਰ ਦੇ ਲੇਖੇ ਲੱਗ ਗਈ।

ਪਿਛਲੇ ਦਿਨੀਂ ਦੇਸ ਦੀ ਸਰਬ ਉੱਚ ਅਦਾਲਤ (ਸੁਪਰੀਮ ਕੋਰਟ) ਦੀ ਇੱਕ ਟਿੱਪਣੀ ਧਿਆਨ ਮੰਗਦੀ ਹੈ:

ਇਹ ਟਿੱਪਣੀ ਕਾਨੂੰਨੀ ਪ੍ਰਕਿਰਿਆ ਨਾਲ ਜੁੜੀ ਹੋਈ ਹੈ। ਇਸ ਦੀ ਦੇਸ ਭਰ ਵਿੱਚ ਚਰਚਾ ਹੋਈ। ਅਸਲ ਵਿੱਚ ਸੁਪਰੀਮ ਕੋਰਟ ਨੇ ਗੁਜਰਾਤ ਹਾਈ ਕੋਰਟ ਦੇ ਇੱਕ ਉਸ ਫੈਸਲੇ ਉੱਤੇ ਨਰਾਜ਼ਗੀ ਪ੍ਰਗਟ ਕੀਤੀ, ਜੋ ਔਰਤ ਦੇ ਗਰਭਵਤੀ ਹੋਣ ਦੇ ਮਾਮਲੇ ਨਾਲ ਜੁੜਿਆ ਹੋਇਆ ਹੈ। ਔਰਤ ਨਾਲ ਬਲਾਤਕਾਰ ਹੋਇਆ ਸੀ, ਉਸ ਦੇ ਗਰਭ ਵਿੱਚ ਬੱਚਾ ਸੀ। ਉਹ ਇਸ ਨਜਾਇਜ਼ ਬੱਚੇ ਨੂੰ ਸਮਾਂ ਰਹਿੰਦਿਆਂ ਪੇਟ ਵਿੱਚੋਂ ਖਤਮ ਕਰਨ ਦੀ ਅਦਾਲਤ ਤੋਂ ਆਗਿਆ ਮੰਗ ਰਹੀ ਸੀ।

ਹਾਈ ਕੋਰਟ ਨੇ ਇਸ ਮਾਮਲੇ ਨੂੰ ਲਟਕਾਈ ਰੱਖਿਆ। ਸੁਣਵਾਈ ਲਈ ਮਾਮਲਾ ਸੂਚੀਬੱਧ ਕਰਨ ਲਈ ਹੀ 12 ਦਿਨ ਲਗਾ ਦਿੱਤੇ, ਜਦਕਿ ਹਰ ਦਿਨ ਦੀ ਦੇਰੀ ਇਸ ਅਵਸਥਾ ਵਿੱਚ ਬੱਚੇ ਨੂੰ ਗਿਰਾਉਣ ਵਿੱਚ ਔਰਤ ਦੀ ਜਾਨ ਦਾ ਖੌਅ ਬਣ ਸਕਦੀ ਸੀ। ਇਹ ਔਰਤ 26 ਹਫਤਿਆਂ ਤੋਂ ਗਰਭਵਤੀ ਸੀ। ਇਸ ਔਰਤ ਦੀ ਬੇਨਤੀ ਉੱਚ ਅਦਾਲਤ ਵੱਲੋਂ ਕੋਈ ਹੁਕਮ ਜਾਰੀ ਕੀਤੇ ਬਿਨਾਂ ਹੀ ਖਾਰਜ ਕਰ ਦਿੱਤੀ। ਇਹ ਔਰਤ ਸਰੀਰਕ ਤੌਰ 'ਤੇ ਤਾਂ ਪ੍ਰੇਸ਼ਾਨ ਸੀ ਹੀ, ਮਾਨਸਕ ਤੌਰ 'ਤੇ ਬੁਰੀ ਤਰ੍ਹਾਂ ਪੀੜਾ ਹੰਢਾ ਰਹੀ ਸੀ।

ਘਟਨਾ ਅਪਰਾਧਿਕ ਹੋਵੇ ਜਾਂ ਬਲਾਤਕਾਰ ਨਾਲ ਸੰਬੰਧਤ, ਔਰਤਾਂ ਦੇ ਇਹੋ ਜਿਹੇ ਮਾਮਲਿਆਂ ਵਿੱਚ ਸੁਣਵਾਈ ਲਈ ਦੇਰੀ ਉਹਨਾਂ ਲਈ ਬੇਹੱਦ ਕਸ਼ਟਦਾਇਕ ਹੈ।

ਭਾਰਤ ਵਿਚ ਅਣਸੁਰੱਖਿਅਤ ਗਰਭਪਾਤ ਦੇ ਅੰਕੜੇ ਤਾਂ ਪਹਿਲਾਂ ਹੀ ਬਹੁਤ ਤਕਲੀਫਦੇਹ ਹਨ। 2022 ਵਿੱਚ ਸੰਯੁਕਤ ਰਾਸ਼ਟਰ ਨੇ ਵਿਸ਼ਵ ਜਨਸੰਖਿਆ ਰਿਪੋਰਟ ਛਾਪੀ ਹੈ, ਜਿਸ ਅਨੁਸਾਰ ਭਾਰਤ ਵਿੱਚ ਹਰ ਦਿਨ ਅੱਠ ਔਰਤਾਂ ਅਣਸੁਰੱਖਿਅਤ ਗਰਭਪਾਤ ਦੇ ਕਾਰਨ ਮੌਤ ਦੇ ਮੂੰਹ ਵਿੱਚ ਚਲੀਆਂ ਜਾਂਦੀਆਂ ਹਨ।

ਭਾਰਤ ਵਿੱਚ ਪਰਵਾਰ ਸਿਹਤ ਸਰਵੇ-5 ਦੇ ਅੰਕੜੇ ਵੀ ਡਰਾਉਣੇ ਹਨ। ਉਸ ਅਨੁਸਾਰ ਦੇਸ਼ ਵਿੱਚ ਜੋ ਕੁੱਲ ਗਰਭਪਾਤ ਹੁੰਦਾ ਹੈ, ਉਸ ਦਾ ਚੌਥਾ ਹਿੱਸਾ ਘਰਾਂ ਵਿੱਚ ਹੀ ਹੁੰਦਾ ਹੈ, ਇਹ ਸਥਾਨਕ ਦਾਈਆਂ ਕਰਦੀਆਂ ਹਨ। ਇਹੋ ਜਿਹੇ ਹਾਲਤਾਂ ਵਿੱਚ ਇਹ ਸਮਝਣਾ ਔਖਾ ਨਹੀਂ ਕਿ ਜੌਨ ਹਿੰਸਾ ਦੀਆਂ ਸ਼ਿਕਾਰ ਔਰਤਾਂ, ਲੜਕੀਆਂ ਨੂੰ ਅਣਸੁਰੱਖਿਅਤ ਗਰਭਪਾਤ ਦਾ ਰਸਤਾ ਹੀ ਚੁਣਨਾ ਪੈਂਦਾ ਹੈ।

ਦੇਸ਼ ਵਿੱਚ ਬਲਾਤਕਾਰ ਪੀੜਤਾਂ ਲਈ ਕਾਨੂੰਨ ਹੈ, ਜਿਸ ਅਨੁਸਾਰ ਗਰਭਪਾਤ ਦੇ 24 ਹਫਤਿਆਂ ਦੇ ਸਮੇਂ ਦੌਰਾਨ ਗਰਭਪਾਤ ਦੀ ਇਜਾਜ਼ਤ ਹੈ, ਪਰ ਜੇਕਰ ਇਹ ਸਮਾਂ 24 ਹਫਤਿਆਂ ਤੋਂ ਉੱਪਰ ਹੋ ਜਾਂਦਾ ਹੈ ਤਾਂ ਅਦਾਲਤ ਵੱਲੋਂ ਪ੍ਰਵਾਨਗੀ ਲੈਣੀ ਪੈਂਦੀ ਹੈ। ਸਾਲ 2022 ਵਿੱਚ ਕੇਰਲ ਉੱਚ ਅਦਾਲਤ ਨੇ ਇਕ ਨਾਬਾਲਗ ਪੀੜਤਾ ਦੇ ਕੇਸ ਵਿੱਚ 28 ਹਫਤਿਆਂ ਦੇ ਗਰਭਪਾਤ ਖਤਮ ਕਰਨ ਦੀ ਆਗਿਆ ਦਿੱਤੀ।

ਦਿੱਲੀ ਅਦਾਲਤ ਨੇ 26 ਹਫਤਿਆਂ ਦੀ 13 ਸਾਲਾ ਬਲਾਤਕਾਰ ਪੀੜਤ ਲੜਕੀ ਨੂੰ ਇਹ ਕਹਿੰਦਿਆਂ ਗਰਭਪਾਤ ਕਰਨ ਆਗਿਆ ਦਿੱਤੀ ਕਿ ਉਹ ਇਸ ਉਮਰ ਵਿੱਚ ਮਾਂ ਬਣਨ ਦਾ ਭਾਰ ਨਹੀਂ ਚੁੱਕ ਸਕਦੀ। ਉਸ ਨੂੰ ਮਾਂ ਬਣਨ ਦੇਣਾ ਉਸ ਦੇ ਦੁੱਖਾਂ ਅਤੇ ਪੀੜਾਂ ਵਿੱਚ ਵਾਧਾ ਕਰਨ ਬਰਾਬਰ ਹੋਵੇਗਾ।

ਔਰਤਾਂ ਨਾਲ ਘਰ ਵਿੱਚ ਜਾਂ ਬਾਹਰ ਹਿੰਸਕ ਵਰਤਾਰਾ ਵਧ ਰਿਹਾ ਹੈ। ਉਹਨਾਂ ਪ੍ਰਤੀ ਅਪਰਾਧਿਕ ਮਾਮਲੇ, ਯੌਨ ਹਿੰਸਾ ਤੇਜ਼ੀ ਨਾਲ ਵਧ ਰਹੀ ਹੈ, ਪਰ ਦੂਜੇ ਪਾਸੇ ਕਾਨੂੰਨੀ ਮੋਰਚੇ 'ਤੇ ਫੈਸਲਿਆਂ ਨੂੰ ਲੈ ਕੇ ਸੁਣਵਾਈ ਵਿੱਚ ਦੇਰੀ ਉਹਨਾਂ ਦੇ ਦੁੱਖਾਂ ਦਾ ਕਾਰਨ ਬਣਦੀ ਹੈ। ਦਰਦਨਾਕ ਸਥਿਤੀ ਵੇਖੋ ਸਮੂਹਿਕ ਬਲਾਤਕਾਰ ਮਾਮਲਿਆਂ ਵਿੱਚ ਅਦਾਲਤਾਂ ਵਿੱਚ ਕੇਸ ਸਾਲਾਂਬੱਧੀ ਲਟਕਦੇ ਹਨ, ਤਾਰੀਖ-ਦਰ-ਤਾਰੀਖ ਅਤੇ ਫੈਸਲਿਆਂ ਦੀ ਉਡੀਕ ਬੰਦੇ ਨੂੰ ਬਿਰਖ ਜਿਹਾ ਕਰ ਦਿੰਦੀ ਹੈ। ਪ੍ਰਸਿੱਧ ਕਵੀ ਸੁਰਜੀਤ ਪਾਤਰ ਦਾ ਸ਼ਿਅਰ, 'ਇਸ ਅਦਾਲਤ 'ਚ ਬੰਦੇ ਬਿਰਖ ਹੋ ਗਏ, ਫੈਸਲਾ ਸੁਣਦਿਆਂ-ਸੁਣਦਿਆਂ ਸੁੱਕ ਗਏ।' ਐਨਾਂ ਢੁੱਕਵਾ ਹੈ ਕਿ ਅਦਾਲਤੀ ਪ੍ਰਕਿਰਿਆ ਦੀ ਸਹੀ ਹਾਲਤ ਦਾ ਵਰਣਨ ਕਰਦਾ ਹੈ।

ਅਦਾਲਤੀ ਪ੍ਰਕਿਰਿਆ ਤਾਂ ਹੈ ਹੀ ਐਸੀ ਅਤੇ ਪੇਚੀਦਾ, ਪਰ ਵਿਡੰਬਨਾ ਇਹ ਵੀ ਹੈ ਕਿ ਦੇਸ਼ ਵਿੱਚ ਹਰ ਚਾਰ ਵਿੱਚੋਂ ਇੱਕ ਮਾਮਲੇ ਵਿਚ ਹੀ ਅਜਿਹਾ ਅਪਰਾਧਿਕ ਸਿੱਧ ਹੋ ਪਾਉਂਦਾ ਹੈ। ਅਦਾਲਤਾਂ ਦੇ ਗੁੰਝਲਦਾਰ ਅਤੇ ਲੰਮੇ ਝੰਜਟ ਵਿੱਚ ਹੀ ਗਵਾਹ ਮੁੱਕਰ ਜਾਂਦੇ ਹਨ ਜਾਂ ਮੁਕਰਾ ਦਿੱਤੇ ਜਾਂਦੇ ਹਨ ਅਤੇ ਦੋਸੀ ਸ਼ੱਕ ਦਾ ਫਾਇਦਾ ਲੈ ਕੇ ਬਰੀ ਹੋ ਜਾਂਦੇ ਹਨ।

ਜਿਸ ਕਿਸਮ ਦੀ ਪੀੜਾ ਬਲਾਤਕਾਰ ਦੌਰਾਨ, ਉਪਰੰਤ ਮਾਪਿਆਂ ਅਤੇ ਸੰਬੰਧੀਆਂ ਦੇ ਵਿਹਾਰ ਦੇ ਰੂਪ ਵਿੱਚ ਜਾਂ ਸਮਾਜ ਵਿੱਚ ਇਸ ਘਟਨਾ ਦੇ ਵਾਪਰਨ ਬਾਅਦ, ਫਿਰ ਅਦਾਲਤ ਵਿੱਚ ਇਨਸਾਫ ਲਈ ਚੱਕਰਾਂ ਜਾਂ ਹੋਰ ਥਾਵਾਂ ਉੱਤੇ ਔਰਤਾਂ, ਲੜਕੀਆਂ ਨੂੰ ਝੱਲਣੀ ਪੈਂਦੀ ਹੈ, ਉਸ ਦਾ ਅਹਿਸਾਸ ਸ਼ਾਇਦ ਹੀ ਮਰਦ ਪ੍ਰਧਾਨ ਸਮਾਜ ਵਿੱਚ ਮਰਦ ਜੱਜਾਂ ਨੂੰ ਹੋਏਗਾ। ਔਰਤਾਂ ਜੱਜਾਂ ਇਸ ਸਥਿਤੀ ਨੂੰ ਸਮਝਣ ਲਈ ਸਾਰਥਕ ਇਨਸਾਫ ਦੇ ਸਕਦੀਆਂ ਹਨ, ਪਰ ਦੇਸ਼ ਵਿੱਚ ਕਿੰਨੀਆਂ ਮਹਿਲਾ ਜੱਜ ਹਨ, ਉਹਨਾਂ ਵਿੱਚੋਂ ਵੀ ਕਿੰਨੀਆਂ ਸਾਹਮਣੇ ਬਲਾਤਕਾਰ ਦੇ ਕੇਸ ਪੇਸ਼ ਕੀਤੇ ਜਾਂਦੇ ਹਨ? ਇਹ ਵੇਖਣਾ ਬਣਦਾ ਹੈ।

ਦੇਸ਼ ਦੀਆਂ ਹਾਈ ਕੋਰਟਾਂ ਵਿੱਚ 788 ਜੱਜ ਹਨ, ਜਿਹਨਾਂ ਵਿੱਚੋਂ 107 ਮਹਿਲਾ ਜੱਜ ਹਨ ਅਤੇ ਜੂਨ 2023 ਦੇ ਮਿਲੇ ਅੰਕੜਿਆਂ ਅਨੁਸਾਰ ਕੋਈ ਵੀ ਮਹਿਲਾ ਜੱਜ ਕਿਸੇ ਵੀ ਹਾਈ ਕੋਰਟ ਦੀ ਮੁੱਖ ਜੱਜ ਨਹੀਂ ਹੈ। ਆਜ਼ਾਦੀ ਦੇ 73 ਸਾਲਾਂ ਵਿੱਚ ਸੁਪਰੀਮ ਕੋਰਟ ਦੇ 268 ਜੱਜ ਬਣੇ ਹਨ, ਉਹਨਾਂ ਵਿੱਚੋਂ 11 ਮਹਿਲਾ ਜੱਜ ਹੀ ਸੁਪਰੀਮ ਕੋਰਟ ਦੀਆਂ ਜੱਜ ਬਣਨ ਦਾ ਮੌਕਾ ਲੈ ਸਕੀਆਂ। ਸੁਪਰੀਮ ਕੋਰਟ ਦੀ ਕੋਈ ਜੱਜ ਮੁੱਖ ਜੱਜ ਨਹੀਂ ਬਣ ਸਕੀ। ਤੁਛ ਜਿਹੀ ਮਹਿਲਾ ਜੱਜਾਂ ਦੀ ਗਿਣਤੀ ਦੇ ਹੁੰਦਿਆਂ ਔਰਤਾਂ ਦੇ ਮਾਮਲਿਆਂ ਦੀ ਸੰਵੇਦਨਸ਼ੀਲਤਾ, ਬਲਾਤਕਾਰਾਂ, ਘਰੇਲੂ ਹਿੰਸਾ, ਔਰਤਾਂ ਉੱਪਰ ਹੋ ਰਹੇ ਅਪਰਾਧਾਂ ਨੂੰ ਸਮਝਣ ਦੀ ਕਮੀ ਕਾਰਨ ਕੀ ਔਰਤਾਂ ਨੂੰ ਪੂਰਾ ਇਨਸਾਫ ਮਿਲ ਸਕਦਾ ਹੈ, ਜਿਸ ਦੀ ਤਵੱਕੋ ਇਨਸਾਫ ਦੀ ਤੱਕੜੀ ਤੋਂ ਕੀਤੀ ਜਾਂਦੀ ਹੈ।

ਮਨੀਪੁਰ ਵਿੱਚ ਔਰਤਾਂ ਨੂੰ ਨੰਗਿਆਂ ਕਰਕੇ ਭੀੜ ਵੱਲੋਂ ਘਮਾਉਣ ਦੀ ਘਟਨਾ ਅਤੇ ਸਮੂਹਿਕ ਬਲਾਤਕਾਰ ਦੀਆਂ ਹਿਰਦੇਵੇਦਿਕ ਘਟਨਾਵਾਂ ਸਮਾਜ ਦੇ ਮੱਥੇ 'ਤੇ ਕਲੰਕ ਵਾਂਗ ਜੁੜੀਆਂ ਨਜ਼ਰ ਆਉਂਦੀਆਂ ਹਨ ਅਤੇ ਇਨਸਾਫ ਦੀ ਮੰਗ ਕਰਦੀਆਂ ਹਨ, ਪਰ ਸਮਾਜ ਵਿੱਚ ਕਠੋਰਤਾ, ਮਰਦਊਪੁਣਾ, ਭਿਅੰਕਰ ਅੱਖੜਪੁਣਾ, ਕੁਸੈਲਾ ਸੁਭਾਅ, ਫਿਰਕੂ ਹਵਾਵਾਂ ਜਦੋਂ ਸ਼ੁੱਧ ਹਵਾ ਵਿੱਚ ਫੈਲਦੀਆਂ ਹਨ ਤਾਂ ਹਵਾ ਗੰਧਲੀ ਹੋ ਜਾਂਦੀ ਹੈ ਅਤੇ ਇਸ ਦਾ ਸਿੱਧਾ ਅਤੇ ਪਹਿਲਾ ਪ੍ਰਭਾਵ ਔਰਤਾਂ ਉੱਤੇ ਪੈਂਦਾ ਹੈ। ਇਹ ਭਾਵੇਂ ਦੋ ਦੇਸ਼ਾਂ ਵਿੱਚ ਜੰਗ ਹੋਵੇ, ਦੋ ਫ਼ਿਰਕਿਆਂ ਵਿੱਚ ਟੱਕਰ ਹੋਵੇ ਜਾਂ ਦੋ ਧਿਰਾਂ ਵਿੱਚ ਆਪਸੀ ਖਹਿਬਾਜ਼ੀ।

ਭਾਰਤ ਵਿੱਚ ਬਲਾਤਕਾਰ ਦੇ ਮਾਮਲੇ 2005 ਤੋਂ 2021 ਤੱਕ ਧਿਆਨ ਮੰਗਣ ਯੋਗ ਹਨ। ਸਾਲ 2005 ਵਿੱਚ ਬਲਾਤਕਾਰਾਂ ਦੀ ਗਿਣਤੀ 18359 ਸੀ, ਜੋ ਸਾਲ 2021 ਵਿੱਚ 31,677 ਹੋ ਗਈ ਹੈ। ਕੀ ਇਹ ਕਥਿਤ ਧਰਮੀ ਦੇਸ਼ ਦੇ ਮੱਥੇ ਉੱਤੇ ਕਲੰਕ ਨਹੀਂ? ਕੀ ਇਹ ਮਨੁੱਖ ਦੀ ਦਰਿਦਰਤਾ ਦੀ ਨਿਸਾਨੀ ਨਹੀਂ? ਕੀ ਇਹ ਉਹ ਦੇਸ਼ ਲਈ ਵੱਡਾ ਸਵਾਲ ਨਹੀਂ, ਜਿੱਥੇ 80 ਫੀਸਦੀ ਲੋਕ ਦੇਵੀ, ਦੇਵਤਿਆਂ ਦੀ ਪੂਜਾ ਕਰਦੇ ਹਨ। ਕੀ ਉੱਥੇ ਉਧਾਲੇ, ਬਲਾਤਕਾਰ, ਘਰੇਲੂ ਹਿੰਸਾ ਲਈ ਕੋਈ ਥਾਂ ਹੋਣੀ ਚਾਹੀਦੀ ਹੈ?

ਸਾਲ 2021 ਵਿੱਚ 43000 ਕੇਸ ਔਰਤਾਂ ਵਿਰੁੱਧ ਅੱਤਿਆਚਾਰ, ਅਪਰਾਧ ਆਦਿ ਦੇ ਦਰਜ ਹੋਏ ਅਤੇ ਇਨਸਾਫ ਦੀ ਉਡੀਕ ਵਿੱਚ ਮਾਸੂਮ ਮਾਯੂਸ ਅੱਖਾਂ ਅਦਾਲਤੀ ਦਰਵਾਜ਼ਿਆਂ ਦਾ ਰੁਖ ਕਰੀ ਬੈਠੀਆਂ ਹਨ।

ਸਾਲ 1992 ਦੀ ਘਟਨਾ ਹੈ। ਇੱਕ ਆਦਿਵਾਸੀ ਕੁੜੀ, ਜੋ ਗੁੰਗੀ, ਬੋਲੀ ਸੀ, ਉਹ ਆਪਣੀ ਰੋਜ਼ੀ-ਰੋਟੀ ਲਈ ਮਜ਼ਦੂਰੀ ਕਰਿਆ ਕਰਦੀ ਸੀ। ਇਸ ਨੰਨ੍ਹੀ ਬਾਲਕਾ ਦਾ ਬਲਾਤਕਾਰ ਹੋਇਆ। ਨਿਰਭੈ ਦਾ ਦਿੱਲੀ ਦੀਆਂ ਸੜਕਾਂ 'ਤੇ ਬਲਾਤਕਾਰ ਅਤੇ ਕਤਲ ਕਿਸ ਨੂੰ ਯਾਦ ਨਹੀਂ। ਨਿੱਤ ਦਿਹਾੜੇ ਪੋਂਡੂ ਭਾਰਤ ਜਿਸ ਦੀ ਆਬਾਦੀ 70 ਫੀਸਦੀ ਹੈ, ਉੱਥੇ ਬਲਾਤਕਾਰ ਹੁੰਦੇ ਹਨ, ਕਤਲ ਹੁੰਦੇ ਹਨ, ਸੁਪਨੇ ਕਤਲ ਹੁੰਦੇ ਹਨ, ਲੜਕੀਆਂ ਨੂੰ ਕਈ ਹਾਲਤਾਂ ਵਿੱਚ ਦੋਸੀ ਗਰਦਾਨਿਆਂ ਜਾਂਦਾ ਹੈ ਅਤੇ ਉਹਨਾਂ ਦੇ ਮੂੰਹ 'ਤੇ ਪੱਟੀ ਬੰਨ੍ਹ ਦਿੱਤੀ ਜਾਂਦੀ ਹੈ, ਸਮਾਜ ਵਿੱਚ ਬਦਨਾਮੀ ਦੇ ਡਰ ਦੀ ਪੱਟੀ ! ਉਸ ਵੇਲੇ ਆਖਿਰ ਕੁਦਰਤੀ ਇਨਸਾਫ ਕਿੱਥੇ ਚਲਾ ਜਾਂਦਾ ਹੈ? ਉੱਥੇ ਪੰਚਾਇਤੀ ਇਨਸਾਫ ਵੀ ਔਰਤਾਂ ਦੇ ਵਿਰੁੱਧ ਕਿਉਂ ਹੋ ਜਾਂਦਾ ਹੈ?

ਦੇਸ਼ ਦੀਆਂ ਵੱਡੀਆਂ ਅਦਾਲਤਾਂ ਪੇਚੀਦਾ ਪ੍ਰਕਿਰਿਆ ਅਤੇ ਪੰਚਾਇਤੀ ਅਦਾਲਤਾਂ ਦੀ ਚੁੱਪ ਤੇ ਸਾਜ਼ਿਸ਼ੀ ਦੰਭੀ ਪ੍ਰਕਿਰਿਆ ਔਰਤਾਂ ਦੇ ਜੀਵਨ ਦਾ ਰਾਹ ਹੀ ਬਦਲ ਦਿੰਦੀ ਹੈ। ਜ਼ਿੰਦਗੀ ਭਰ ਅਸਹਿਜਤਾ, ਮਨ ਉੱਤੇ ਮਣਾਂ-ਮੂੰਹੀਂ

14-SEP-PAGE-5.qxd 9/13/2023 10:19 PM Page 1

ਵਾਟਰ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਾਉਣ 'ਤੇ ਕਾਲੇ ਝੰਡਿਆਂ ਨਾਲ ਵਿਰੋਧ ਪ੍ਰਦਰਸ਼ਨ ਦਾ ਐਲਾਨ

ਜਲਾਲਾਬਾਦ (ਜੀਤ ਕੁਮਾਰ)

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਦੀ ਅਗਵਾਈ ਹੇਠ ਸੁਤੰਤਰ ਭਵਨ ਵਿਖੇ ਹੋਈ, ਜਿਸ ਵਿੱਚ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਨੂਰ ਸਮੰਦ, ਦਫ਼ਤਰੀ ਸਟਾਫ਼ ਦੇ ਸੂਬਾ ਆਗੂ ਸੁਖਚੈਨ ਸੋਢੀ, ਬ੍ਰਾਂਚ ਜਨਰਲ ਸਕੱਤਰ ਕੁੰਦਨ ਸਿੰਘ, ਜ਼ਿਲ੍ਹਾ ਖ਼ਜ਼ਾਨਚੀ ਸਤਪਾਲ ਸਿੰਘ, ਬ੍ਰਾਂਚ ਖ਼ਜ਼ਾਨਚੀ ਨਾਨਕ ਸਿੰਘ ਆਦਿ ਨੇ ਸ਼ਿਰਕਤ ਕੀਤੀ।

ਮੀਟਿੰਗ 'ਚ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਜਲ ਸਪਲਾਈ ਵਿਭਾਗ ਵੱਲੋਂ ਨਹਿਰੀ ਪਾਣੀ ਸਪਲਾਈ ਦੇਣ ਦੇ ਬਹਾਨੇ ਨਾਲ ਲੋਕਾਂ ਦੀ ਅੰਨ੍ਹੀ ਲੁੱਟ ਕਰਾਉਣ ਲਈ ਪੇਂਡੂ ਜਲ ਘਰਾਂ ਨੂੰ ਨਿੱਜੀ ਹੱਥਾਂ ਵਿਚ ਸੌਂਪਣ ਦੀਆਂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਜਿੱਥੇ ਇਕ ਪਾਸੇ ਲੋਕਾਂ ਨੂੰ ਪੀਣ ਵਾਲਾ ਪਾਣੀ ਮਹਿੰਗੇ ਮੁੱਲ ਵਿੱਚ ਮਿਲੇਗਾ, ਉਥੇ ਹੀ ਪਿਛਲੇ 15-20 ਸਾਲਾਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਪਾਸੋਂ ਕੱਚੇ-ਪਿੲੇ ਰੁਜ਼ਗਾਰ ਨੂੰ ਖੋਹਣ ਦੀਆਂ ਨਾਕਾਮ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਮੀਟਿੰਗ 'ਚ ਵਿਚਾਰ ਚਰਚਾ ਕਰਨ ਉਪਰੰਤ ਐਲਾਨ ਕੀਤਾ ਗਿਆ ਕਿ ਵਾਟਰ ਸਪਲਾਈ ਸਕੀਮਾਂ ਦਾ ਪੰਚਾਇਤੀਕਰਣ/ਨਿੱਜੀਕਰਨ ਕਰਨ ਅਤੇ ਸਕੀਮਾਂ ਤੇ ਸਕਾਡਾ ਸਿਸਟਮ ਲਗਾਉਣ ਦੀਆਂ ਵਰਕਰ ਵਿਰੋਧੀ ਨੀਤੀਆਂ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦੇਣਗੇ, ਜਿਸ ਪਿੰਡ 'ਚ ਵੀ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਾਉਣ ਵਾਲੀ ਟੀਮ ਆਏਗੀ, ਉਥੇ ਯੂਨੀਅਨ ਵੱਲੋਂ ਕਾਲੇ ਝੰਡਿਆ ਨਾਲ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ।

ਉਨ੍ਹਾਂ ਸਾਲਾਂਬੱਧੀ ਅਰਸੇ ਤੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਇਕ ਵਰਕਰ ਦੇ ਰੂਪ 'ਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਨਿਗੂਣੇ ਮੇਹਨਤਾਨੇ ਦੇ ਇਲਾਵਾ ਈ.ਪੀ.ਐਫ਼, ਈ.ਐਸ.ਆਈ.ਈ. ਵਰਗੀਆਂ ਤਮਾਮ ਸਰਕਾਰੀ ਸਹੂਲਤਾਂ ਤੋਂ ਵਾਂਝਾ ਰੱਖਿਆ ਹੋਇਆ ਹੈ। ਜਦਕਿ ਇਨ੍ਹਾਂ ਠੇਕਾ ਮੁਲਾਜ਼ਮਾਂ ਪਾਸੋਂ ਰੈਗੂਲਰ ਮੁਲਾਜਮਾਂ ਦੀ ਤਰ੍ਹਾਂ ਹੀ ਕੰਮ ਲਿਆ ਜਾਂਦਾ ਹੈ। ਇਸ ਲਈ ਸਾਡੀ ਮੰਗ ਹੈ ਕਿ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਤਜਰਬੇ ਦੇ ਅਧਾਰ ਤੇ ਵਿਭਾਗ 'ਚ ਸ਼ਾਮਲ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕੀਤਾ ਜਾਵੇ। ਨਹੀਂ ਤਾਂ ਸੂਬਾ ਕਮੇਟੀ ਵੱਲੋਂ ਸੰਘਰਸ਼ ਪ੍ਰੋਗਰਾਮ ਜਾਰੀ ਰੱਖੇ ਜਾਣਗੇ।

ਮੀਟਿੰਗ 'ਚ ਫ਼ੈਸਲਾ ਕੀਤਾ ਗਿਆ ਕਿ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ 3 ਅਕਤੂਬਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸ਼ਹਿਰ 'ਤੇ ਹੋਣ ਵਾਲੀ ਸੂਬਾ ਪੱਧਰੀ ਰੈਲੀ 'ਚ ਜਲਾਲਾਬਾਦ ਤੋਂ ਵਰਕਰ ਆਪਣੇ ਪਰਵਾਰਾਂ ਸਮੇਤ ਹਿੱਸਾ ਲੈਣਗੇ।

ਬਾਬਾ ਫ਼ਰੀਦ ਆਗਮਨ ਪੁਰਬ ਮੌਕੇ ਸੇਵਾਦਾਰਾਂ ਦੀਆਂ ਡਿਊਟੀਆਂ ਲਾਉਣ ਸੰਬੰਧੀ ਅਹਿਮ ਮੀਟਿੰਗ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)

ਬਾਬਾ ਫ਼ਰੀਦ ਧਾਰਮਿਕ ਤੇ ਵਿਦਿਅਕ ਸੰਸਥਾਵਾਂ ਦੇ ਚੇਅਰਮੈਨ ਇੰਦਰਜੀਤ ਸਿੰਘ ਖਾਲਸਾ ਜੀ ਦੀ ਰਹਿਨੁਮਾਈ ਹੇਠ ਬਾਬਾ ਸ਼ੇਖ਼ ਫ਼ਰੀਦ ਜੀ ਦੇ ਆਗਮਨ-ਪੁਰਬ ਨੂੰ ਸਮਰਪਤ ਅਹਿਮ ਮੀਟਿੰਗ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਹੋਈ। ਬਾਬਾ ਫ਼ਰੀਦ ਧਾਰਮਿਕ ਸੰਸਥਾਵਾਂ ਦੇ ਪ੍ਰਧਾਨ ਡਾ. ਗੁਰਇੰਦਰ ਮੋਹਨ ਸਿੰਘ ਦੀ ਪ੍ਰਧਾਨਗੀ ਹੇਠ 19 ਸਤੰਬਰ ਤੋਂ 23 ਸਤੰਬਰ ਤੱਕ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਆਗਮਨ-ਪੁਰਬ ਨੂੰ ਮੁੱਖ ਰੱਖਦਿਆਂ ਇਲਾਕੇ ਦੇ ਵੱਖ-ਵੱਖ ਸੇਵਾਦਾਰਾਂ ਦੀਆਂ ਵੱਖ-ਵੱਖ ਥਾਂਵਾਂ 'ਤੇ ਡਿਊਟੀਆਂ ਲਾਈਆਂ ਗਈਆਂ ਤੇ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਤਾਂ ਜੁ ਮੇਲੇ ਦਾ ਪ੍ਰਬੰਧ ਸਫ਼ਲਤਾ ਪੂਰਵਕ ਕੀਤਾ ਜਾ ਸਕੇ।

ਡਾ. ਗੁਰਇੰਦਰ ਮੋਹਨ ਸਿੰਘ ਨੇ ਕਿਹਾ ਕਿ ਬਾਬਾ ਫ਼ਰੀਦ ਜੀ ਦੀ ਅਪਾਰ ਬਖਸ਼ਿਸ਼ ਤੇ ਰਹਿਮਤ ਸਦਕਾ ਇਸ ਵਾਰ ਵੀ ਇਹ ਮੇਲਾ ਵੱਡੇ ਪੱਧਰ ਉੱਤੇ ਅਤੇ ਧੂਮ-ਧਾਮ ਨਾਲ ਦੇਸ਼-ਵਿਦੇਸ਼ ਦੀਆਂ ਸੰਗਤਾਂ ਵੱਲੋਂ ਮਨਾਇਆ ਜਾ ਰਿਹਾ ਹੈ। ਇਸ ਮੇਲੇ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸਾਹ ਪਾਇਆ ਜਾ ਰਿਹਾ ਹੈ। ਇਸ ਲਈ ਸੇਵਾਦਾਰਾਂ ਦੀਆਂ ਡਿਊਟੀਆਂ ਅਤੇ ਜ਼ਿੰਮੇਵਾਰੀਆਂ ਵਿੱਚ ਵੀ ਬਹੁਤ ਵਾਧਾ ਹੋ ਜਾਂਦਾ ਹੈ।

ਬਾਬਾ ਫ਼ਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਇੰਦਰਜੀਤ ਸਿੰਘ ਖਾਲਸਾ ਨੇ ਸਮੂਹ ਸੇਵਾਦਾਰਾਂ ਨੂੰ ਦਿੱਤੇ ਗਏ ਆਪਣੇ ਸੁਨੇਹੇ ਵਿੱਚ ਕਿਹਾ ਕਿ ਆਗਮਨ-ਪੁਰਬ ਨੂੰ ਸਫ਼ਲਤਾਪੂਰਵਕ ਅਤੇ ਸ਼ਾਂਤਮਈ ਤਰੀਕੇ ਨਾਲ ਸੰਪੰਨ ਕਰਨ ਵਿੱਚ ਹਰ ਇੱਕ ਸੇਵਾਦਾਰ ਦੀ ਬੇਹੱਦ ਮਹੱਤਵਪੂਰਨ ਭੂਮਿਕਾ ਹੈ। ਪੰਜ ਦਿਨ ਚੱਲਣ ਵਾਲੇ ਇਸ ਵਿਸ਼ਵ ਪੱਧਰੀ ਮੇਲੇ ਦੌਰਾਨ ਗੁਰਦੁਆਰਾ ਟਿੱਲਾ ਬਾਬਾ ਫ਼ਰੀਦ ਤੇ ਗੁਰਦੁਆਰਾ ਗੋਦੜੀ ਸਾਹਿਬ ਵਿਖੇ ਹੋਣ ਵਾਲੇ ਵੱਖ-ਵੱਖ ਸਮਾਗਮਾਂ ਤੋਂ ਇਲਾਵਾ 23 ਸਤੰਬਰ ਨੂੰ ਵਿਸ਼ਾਲ ਨਗਰ-ਕੀਰਤਨ ਦੌਰਾਨ ਵੀ ਸੇਵਾਦਾਰਾਂ ਦੀਆਂ ਅਹਿਮ ਭੂਮਿਕਾਵਾਂ ਹੋਣਗੀਆਂ।

ਪੰਜਾਬ ਸਰਕਾਰ ਵੱਲੋਂ ਗੱਲ ਨਾ ਸੁਣੇ ਜਾਣ 'ਤੇ ਜਥੇਬੰਦੀ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

ਸੰਗਤ ਮੰਡੀ (ਰਾਜਦੀਪ ਜੋਸ਼ੀ)

ਸਰਕਾਰੀ ਆਈ ਟੀ ਆਈਜ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਮਿਤੀ 04/09/23 ਨੂੰ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਲਏ ਫ਼ੈਸਲੇ ਅਨੁਸਾਰ ਪੂਰੇ ਪੰਜਾਬ ਦੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ ਗੇਟ ਰੈਲੀਆਂ ਤੋਂ ਸ਼ੁਰੂ ਕਰਕੇ ਪੂਰੇ ਪੰਜਾਬ ਵਿੱਚ ਧਰਨੇ ਦਿੱਤੇ ਜਾਣਗੇ। ਜਥੇਬੰਦੀ ਦੇ ਆਗੂ ਸ੍ਰੀ ਸੇਵਾ ਸਿੰਘ ਨੇ ਦੱਸਿਆ ਕਿ ਅਸੀਂ ਤਕਨੀਕੀ ਸਿੱਖਿਆ ਵਿਭਾਗ ਅਧੀਨ ਚੱਲ ਰਹੀਆਂ ਪੰਜਾਬ ਦੀਆਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਵਿੱਚ 13-14 ਸਾਲਾਂ ਤੋਂ ਠੇਕੇ ਉੱਪਰ 15000 ਰੁਪਏ ਉੱਪਰ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਧੱਕੇ ਖਾ ਰਹੇ ਹਾਂ। ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੀਆਂ ਵੋਟਾਂ ਪਾ ਕੇ ਆਪਣਾ ਅਹਿਮ ਯੋਗਦਾਨ ਪਾਇਆ ਸੀ ਕਿ ਸਰਕਾਰ ਸਾਨੂੰ ਵੀ ਪੱਕਾ ਕਰੇਗੀ। ਪਿਛਲੇ 1.5 ਸਾਲ 'ਚ ਅਸੀਂ ਮੁੱਖ ਮੰਤਰੀ ਦਫਤਰ ਦੇ ਲਗਭਗ 60-70 ਚੱਕਰ ਮਾਰ ਚੁੱਕੇ ਹਾਂ, ਸਾਡੀ ਕਿਸੇ ਨੇ ਵੀ ਗੱਲ ਨਹੀਂ ਸੁਣੀ। ਸਾਡੇ ਨਾਲ ਸਮੇਂ ਸਮੇਂ 'ਤੇ ਵਿਭਾਗ ਵੱਲੋਂ ਸਿੱਧਾ ਧੱਕਾ ਕੀਤਾ ਜਾਂਦਾ ਹੈ ਜਿਵੇਂ ਚੱਲਦੇ ਸੈਸ਼ਨ ਵਿੱਚ 2 ਮਹੀਨੇ ਦੀ ਬ੍ਰੇਕ ਪਾਉਣੀ ਜਾਂ ਰੈਗੂਲਰ ਕ੍ਰਮਚਾਰੀ ਆਉਣ 'ਤੇ ਨੌਕਰੀ ਤੋਂ ਕੱਢ ਦੇਣਾ ਆਦਿ। ਇਸ ਸਬੰਧੀ ਅਸੀਂ ਤਕਨੀਕੀ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਜੀ ਨੂੰ ਵੀ ਕਈ ਵਾਰ ਮਿਲਕੇ ਆਪਣੀਆਂ ਮੰਗਾਂ ਸਬੰਧੀ ਜਾਣੂ ਕਰਾਇਆ ਹੈ, ਪ੍ਰੰਤੂ ਉਨ੍ਹਾਂ ਵੱਲੋਂ ਵੀ ਟਾਲਮਟੋਲ ਦੀ ਨੀਤੀ ਨਾਲ ਗੱਲ ਨਹੀਂ ਸੁਣੀ ਜਾ ਰਹੀਂ।

ਹੁਣ ਜਥੇਬੰਦੀ ਵੱਲੋਂ ਫ਼ੈਸਲਾ ਕੀਤਾ ਗਿਆ ਹੈ ਕਿ ਜੇ ਪੰਜਾਬ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਪੂਰੀਆਂ ਨਹੀਂ ਕਰਦੀ ਤਾਂ 29 ਸਤੰਬਰ ਤੋਂ ਸੰਸਥਾਵਾਂ ਵਿੱਚ ਗੇਟ ਰੈਲੀਆਂ ਤੋਂ ਸ਼ੁਰੂ ਕਰਕੇ ਇਹ ਸੰਘਰਸ ਨੂੰ ਦਿਨੋ ਦਿਨ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਤਹਿਤ ਜ਼ਿਲ੍ਹਾ ਪੱਧਰ ਉੱਪਰ ਡੀ ਸੀ ਨੂੰ ਮੰਗ ਪੱਤਰ ਵੀ ਦਿੱਤੇ ਜਾਣਗੇ। ਮੰਤਰੀ ਤਕਨੀਕੀ ਸਿੱਖਿਆ ਦੇ ਹਲਕੇ ਆਨੰਦਪੁਰ ਸਾਹਿਬ ਵਿਖੇ ਧਰਨਾ ਵੀ ਦਿੱਤਾ ਜਾਵੇਗਾ ਅਤੇ ਲੋੜ ਪੈਣ 'ਤੇ ਮੁੱਖ ਮੰਤਰੀ ਦੇ ਹਲਕੇ ਵਿੱਚ ਪੱਕਾ ਧਰਨਾ ਵੀ ਜਲਦੀ ਸ਼ੁਰੂ ਕੀਤਾ ਜਾਵੇਗਾ। ਅੰਤ ਉਨ੍ਹਾਂ ਆਪਣੇ ਮੰਤਰੀ ਹਰਜੋਤ ਸਿੰਘ ਬੈਂਸ ਤੋਂ ਮੰਗ ਕੀਤੀ ਕਿ ਉਨ੍ਹਾਂ ਨੂੰ ਵੀ ਸਿਖਿਆ ਵਿਭਾਗ ਦੀ ਤਰਜ਼ ਉੱਪਰ 58 ਸਾਲ ਦੀ ਉਮਰ ਤੱਕ ਨੌਕਰੀ ਸੁਰੱਖਿਅਤ ਕੀਤੀ ਜਾਵੇ ਅਤੇ ਛੁੱਟੀਆਂ ਤੇ ਘੱਟੋ ਘੱਟ ਮੁੱਢਲੀ ਤਨਖਾਹ ਜਾਰੀ ਕੀਤੀ ਜਾਵੇ।

ਮਿੱਥੇ ਟੀਚੇ ਦੇ ਦੋ ਗੁਣਾ ਤੋਂ ਵੱਧ ਵਾਤਾਵਰਣ ਪੱਖੀ ਮਸ਼ੀਨਾਂ ਕਿਸਾਨਾਂ ਨੂੰ ਦਿੱਤੀਆਂ ਜਾਣਗੀਆਂ

ਮੋਗਾ (ਅਮਰਜੀਤ ਬੱਬਰੀ)-ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਦੇ ਹੱਲ ਲਈ ਕਿਸਾਨਾਂ ਨੂੰ ਵੱਡੀ ਪੱਧਰ 'ਤੇ ਖੇਤੀ ਮਸ਼ੀਨਰੀ ਸਬਸਿਡੀ 'ਤੇ ਮੁਹੱਈਆ ਕਰਾਈ ਜਾ ਰਹੀ ਹੈ ਤਾਂ ਜੁ ਕਿਸਾਨ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਖੇਤਾਂ ਵਿੱਚ ਵਾਹੁਣ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਕਿਸਾਨਾਂ ਵੱਲੋਂ ਸਬਸਿਡੀ ਤੇ ਖੇਤੀ ਮਸ਼ੀਨਰੀ ਲੈਣ ਵਿੱਚ ਕਾਫੀ ਦਿਲਚਸਪੀ ਦਿਖਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸੀ.ਆਰ.ਐੱਮ 50 ਪ੍ਰਤੀਸ਼ਤ ਸਬਸਿਡੀ ਵਾਲੀ ਸਕੀਮ ਤਹਿਤ ਹੁਣ ਤੱਕ ਜ਼ਿਲ੍ਹੇ ਦੇ 1831 ਕਿਸਾਨਾਂ ਨੇ 2666 ਮਸ਼ੀਨਾਂ ਅਤੇ 80 ਫ਼ੀਸਦੀ ਸਬਸਿਡੀ ਵਾਲੀ ਸਕੀਮ ਤਹਿਤ 237 ਕਿਸਾਨ ਗਰੁੱਪਾਂ/ਸੁਸਾਇਟੀਆਂ/ਗ੍ਰਾਮ ਪੰਚਾਇਤਾਂ ਨੇ 946 ਵਾਤਾਵਰਨ ਪੱਖੀ ਮਸ਼ੀਨਾਂ ਲਈ ਅਪਲਾਈ ਕੀਤਾ ਹੈ। ਇਸੇ ਤਰ੍ਹਾਂ ਸੀ.ਆਰ.ਐਮ. ਸਕੀਮ ਤਹਿਤ 80 ਫੀਸਦੀ ਅਤੇ 50 ਫ਼ੀਸਦੀ ਸਕੀਮ ਜਰੀਏ ਕੁੱਲ 2068 ਕਿਸਾਨਾਂ/ਕਿਸਾਨ ਗਰੁੱਪਾਂ/ਸੋਸਾਇਟੀਆਂ/ ਪੰਚਾਇਤਾਂ ਨੇ 3612 ਵਾਤਾਵਰਨ ਪੱਖੀ ਮਸ਼ੀਨਾਂ ਲਈ ਅਪਲਾਈ ਕੀਤਾ ਹੈ।

ਉਨ੍ਹਾਂ ਦੱਸਿਆ ਕਿ 50 ਫੀਸਦੀ ਵਾਲੀ ਸੀ.ਆਰ.ਐਮ. ਸਕੀਮ ਤਹਿਤ ਜ਼ਿਲ੍ਹਾ ਮੋਗਾ ਨੂੰ 1076 ਮਸ਼ੀਨਾਂ ਦਾ ਟੀਚਾ ਦਿੱਤਾ ਗਿਆ ਸੀ, ਪ੍ਰੰਤੂ ਖੇਤੀਬਾੜੀ ਵਿਭਾਗ ਦੀ ਜਾਗਰੂਕਤਾ ਮੁਹਿੰਮ ਕਾਰਣ ਜ਼ਿਲ੍ਹੇ ਦੇ ਕਿਸਾਨਾਂ ਨੇ 2666 ਮਸ਼ੀਨਾਂ ਲਈ ਅਪਲਾਈ ਕੀਤਾ ਹੈ ਜਿਹੜਾ ਕਿ ਮਿਥੇ ਟੀਚੇ ਤੋਂ ਦੋ ਗੁਣਾ ਤੋਂ ਵੀ ਵਧੇਰੇ ਬਣਦਾ ਹੈ, ਜਿਹੜੀ ਕਿ ਬਹੁਤ ਹੀ ਖੁਸ਼ੀ ਵਾਲੀ ਗੱਲ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਕਿਸਾਨ ਵੀ ਹੁਣ ਵਾਤਾਵਰਨ ਪੱਖੀ ਖੇਤੀਬਾੜੀ ਸੰਦਾਂ ਨੂੰ ਤਰਜੀਹ ਦੇ ਕੇ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨਗੇ।

ਉਨ੍ਹਾਂ ਅੱਗੇ ਦੱਸਿਆ ਕਿ ਸੀ.ਆਰ.ਐੱਮ. 80 ਪ੍ਰਤੀਸ਼ਤ ਸਬਸਿਡੀ ਵਾਲੀ ਸਕੀਮ ਤਹਿਤ ਜ਼ਿਲ੍ਹੇ ਦੇ ਕਿਸਾਨ ਗਰੁੱਪਾਂ ਦੀਆਂ ਹੈਪੀ ਸੀਡਰ, ਸੁਪਰ ਸੀਡਰ ਤੇ ਸਮਾਰਟ ਸੀਡਰ ਲਈ ਸਬਸਿਡੀ ਤੇ ਖੇਤੀ ਮਸ਼ੀਨਰੀ ਖਰੀਦਣ ਲਈ ਦੀਆਂ 135, ਸਰਫੇਸ ਸੀਡਰ ਲਈ 03, ਜ਼ੀਰੋ ਟਿੱਲ ਡਰਿੱਲ ਲਈ 153, ਸੁਪਰ ਐੱਸ.ਐੱਮ.ਐੱਸ. ਲਈ 19, ਆਰਐੱਮਬੀ ਪਲਾਓ ਲਈ 74, ਮਲਚਰ ਲਈ 48, ਰੋਟਰੀ ਸਲੈਸ਼ਰ ਤੇ ਸ਼ਰੱਬ ਮਾਸਟਰ ਲਈ 51, ਕਰੋਪ ਰੀਪਰ ਸੈਲਫ ਪਰੋਪੈਲਡ/ਟਰੈਕਟਰ ਮਾਊਂਟਿਡ/ਰੀਪਰ ਕਮ ਬਾਈਂਡਰ (ਸੈਲਫ ਪਰੋਪੈਲਡ) 11, ਪੈਡੀ ਸਟਰਾਅ ਚੌਪਰ ਲਈ 61, ਬੇਲਰ ਲਈ 15 ਤੇ ਰੇਕ ਲਈ 22 ਹੋਈਆਂ ਹਨ।

ਗ੍ਰਾਮ ਪੰਚਾਇਤਾਂ ਦੀਆਂ ਹੈਪੀ ਸੀਡਰ, ਸੁਪਰ ਸੀਡਰ ਤੇ ਸਮਾਰਟ ਸੀਡਰ ਲਈ ਸਬਸਿਡੀ ਤੇ ਖੇਤੀ ਮਸ਼ੀਨਰੀ ਖਰੀਦਣ ਲਈ 08, ਜ਼ੀਰੋ ਟਿੱਲ ਡਰਿੱਲ ਲਈ 05, ਆਰਐੱਮਬੀ ਪਲਾਓ ਲਈ 04, ਮਲਚਰ ਲਈ 02, ਰੋਟਰੀ ਸਲੈਸ਼ਰ, ਸ਼ਰੱਬ ਮਾਸਟਰ ਲਈ 03, ਪੈਡੀ ਸਟਰਾਅ ਚੌਪਰ ਲਈ 05, ਬੇਲਰ ਲਈ 01 ਤੇ ਰੇਕ ਲਈ 01 ਅਰਜੀਆਂ ਪ੍ਰਾਪਤ ਹੋਈਆਂ ਹਨ, ਜੋ ਨਿਸਚਿਤ ਟੀਚੇ ਤੋਂ ਕਾਫੀ ਜ਼ਿਆਦਾ ਹਨ।

ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਦਾ ਅਯੋਜਨ

ਤਲਵੰਡੀ ਸਾਬੋ (ਜਗਦੀਪ ਗਿੱਲ)

ਯਾਦਵਿੰਦਰਾ ਇੰਜਨੀਅਰਿੰਗ ਵਿਭਾਗ, ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ 4 ਸਤੰਬਰ ਨੂੰ ਸੈਸ਼ਨ 2023-24 ਵਿੱਚ ਬੀ.ਟੈੱਕ. ਡਿਪਲੋਮਾ, ਐਮ.ਸੀ.ਏ, ਬੀ.ਸੀ.ਏ, ਪੀ.ਜੀ.ਡੀ.ਸੀ.ਏ. ਤੇ ਡੀ.ਸੀ.ਏ. ਕੋਰਸਾਂ ਦੇ ਪਹਿਲੇ ਸਾਲ ਵਿੱਚ ਦਾਖਲ ਹੋਏ ਵਿਦਿਆਰਥੀਆਂ ਲਈ ਓਰੀਐਂਟੇਸਨ ਪ੍ਰੋਗਰਾਮ ਕਰਾਇਆ ਗਿਆ, ਜਿਸ ਦੀ ਸ਼ੁਰੂਆਤ ਡਾ. ਮਨਪ੍ਰੀਤ ਕੌਰ, ਸਹਾਇਕ ਪ੍ਰੋਫੈਸਰ ਈ.ਸੀ.ਈ. ਦੇ ਸਵਾਗਤੀ ਭਾਸ਼ਣ ਨਾਲ ਹੋਈ।

ਪੰਜਾਬੀ ।ਯੂਨੀਵਰਸਿਟੀ, ਪਟਿਆਲਾ ਦੇ ਉਪ-ਕੁਲਪਤੀ ਪ੍ਰੋ. ਅਰਵਿੰਦ ਨੇ ਇਸ ਮੌਕੇ ਵੀਡੀਓ ਸੰਦੇਸ਼ ਰਾਹੀਂ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਸ ਵਿਸ਼ਾਲ ਕੈਂਪਸ ਦਾ ਹਿੱਸਾ ਬਣਨ 'ਤੇ ਵਧਾਈ ਦਿੰਦਿਆ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਦੇ ਇਸ ਵਿਭਾਗ ਅੰਦਰ ਬਹੁਤ ਹੀ ਯੋਗ ਅਤੇ ਤਜਰਬੇਕਾਰ ਅਧਿਆਪਕ ਹਨ, ਜਿਨ੍ਹਾਂ ਦੀ ਯੋਗ ਅਗਵਾਈ ਅਤੇ ਪ੍ਰੇਰਣਾ ਸਦਕਾ ਉਹ ਜ਼ਿੰਦਗੀ ਦੇ ਮਿਥੇ ਟੀਚੇ ਹਾਸਲ ਕਰ ਸਕਦੇ ਹਨ। ਇਸ ਮੌਕੇ ਪ੍ਰੋਗਰਾਮ ਕੈਂਪਸ ਡਾਇਰੈਕਟਰ ਪ੍ਰੋ. ਜਸਬੀਰ ਸਿੰਘ ਹੁੰਦਲ ਵੱਲੋਂ ਨਵੇਂ ਦਾਖਲ ਹ

page-6-14-(SEP)-2023-G-(BV).qxd 9/13/2023 10:21 PM Page 1

ਦਿਹਾਤੀ ਮਜ਼ਦੂਰ ਸਭਾ ਵੱਲੋਂ ਦਿੱਤੇ ਜਾ ਰਹੇ ਧਰਨੇ ਦੇ ਦਸ ਦਿਨ ਪੂਰੇ

ਪਠਾਨਕੋਟ (ਦਵਿੰਦਰ ਸਿੰਘ)-ਗਰੀਬ ਪਰਿਵਾਰਾਂ ਦੇ ਨਜਾਇਜ਼ ਕੱਟੇ ਰਾਸ਼ਨ ਕਾਰਡ ਬਹਾਲ, ਡਿੱਪੂ ਹੋਲਡਰਾਂ ਵਲੋਂ ਕਣਕ ਘੱਟ ਦੇਣ, ਬਿਨਾਂ ਕਿਸੇ ਕਾਰਨ ਕੁਝ ਮੈਂਬਰਾਂ ਦੇ ਨਾਮ ਰਾਸ਼ਨ ਕਾਰਡ 'ਚੋਂ ਕੱਟਣ ਅਤੇ ਲੋੜਵੰਦ ਗਰੀਬ ਲੋਕਾਂ ਦੇ ਨਵੇਂ ਰਾਸ਼ਨ ਕਾਰਡ ਬਣਵਾਉਣ ਵਿੱਚ ਪੰਜਾਬ ਸਰਕਾਰ ਅਤੇ ਫੂਡ ਤੇ ਸਿਵਲ ਸਪਲਾਈ ਦੇ ਅਧਿਕਾਰੀਆਂ ਵਲੋਂ ਡੰਗ ਟਪਾਊ ਦੀ ਢਿੱਲ-ਮੱਠ ਨੀਤੀ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆਂ ਕੀਤਾ ਜਾ ਰਿਹਾ ਹੈ। ਦਿਹਾਤੀ ਮਜ਼ਦੂਰ ਸਭਾ ਦੀ ਅਗਵਾਈ ਹੇਠ ਅਣਮਿੱਥੇ ਸਮੇਂ ਲਈ ਲੱਗਾ ਦਿਨ ਰਾਤ ਦਾ ਧਰਨਾ ਦਸਵੇਂ ਜਾਰੀ ਹੈ ਅਤੇ ਜ਼ਿਲ੍ਹਾ ਫੂਡ ਤੇ ਸਿਵਲ ਸਪਲਾਈ ਕੰਟਰੋਲਰ ਨੂੰ ਤੀਜੇ ਦਿਨ ਵੀ ਉਪਰੋਕਤ ਮੰਗਾਂ ਨਾਲ ਸਬੰਧਤ ਪਰਿਵਾਰਾਂ ਦੀ ਲਿਸਟ ਦਿੱਤੀ ਗਈ। ਧਰਨੇ ਨੂੰ ਸੰਬੋਧਨ ਕਰਦਿਆਂ ਸਭਾ ਆਗੂ ਅਜੀਤ ਰਾਮ ਗੰਦਲਾਂ ਲਾਹੜੀ, ਪ੍ਰਵੀਨ ਕੁਮਾਰ ਬਮਿਆਲ, ਕਾਮਰੇਡ ਸ਼ਿਵ ਕੁਮਾਰ, ਮਾਸਟਰ ਸੁਭਾਸ਼ ਸ਼ਰਮਾ, ਕਾਮਰੇਡ ਬਲਵੰਤ ਸਿੰਘ ਘੋਹ ਬੋਲਦਿਆਂ ਕਿਹਾ ਕਿ ਪੰਜਾਬ ਦੇ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਮੰਤਰੀ ਆਪਣੇ ਮਹਿਕਮੇ ਦੇ ਲੋਕਾਂ ਦੀਆਂ ਮੰਗਾਂ/ਮੁਸ਼ਕਲਾਂ ਨੂੰ ਦੂਰ ਕਰਨ ਲਈ ਕੋਈ ਕੋਸ਼ਿਸ਼ ਨਹੀਂ ਕਰ ਰਹੇ ਅਤੇ ਦੂਸਰੇ ਵਿਭਾਗਾਂ ਦੇ ਕੰਮਾਂ ਵਿਚ ਜਾ ਜਾ ਕੇ ਉਦਘਾਟਨ ਕਰ ਰਹੇ ਹਨ। ਜਿਨ੍ਹਾਂ ਗਰੀਬ ਲੋਕਾਂ ਦੇ ਰਾਸ਼ਨ ਕਾਰਡ ਕੱਟੇ ਗਏ ਹਨ ਉਹ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਦਫਤਰ ਗੇੜੇ ਮਾਰ ਮਾਰ ਥੱਕ ਹਾਰ ਕੇ ਪਿਛਲੇ ਦਸ ਦਿਨਾਂ ਤੋਂ ਜ਼ਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ ਧਰਨਾ ਲਾ ਕੇ ਬੈਠੇ ਹਨ। ਇਸ ਤਰ੍ਹਾਂ ਲੱਗਦਾ ਜਿਵੇਂ ਪੰਜਾਬ 'ਚ ਸਰਕਾਰ ਨਾਂਅ ਦੀ ਕੋਈ ਚੀਜ਼ ਨਹੀਂ ਹੈ। ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਦੀ ਮਜ਼ਦੂਰਾਂ ਨੂੰ ਅਣਗੌਲਿਆਂ ਕਰਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵੀ ਅਕਾਲੀ ਭਾਜਪਾ ਤੇ ਕਾਂਗਰਸ ਵਰਗੀ ਹੀ ਸਾਬਤ ਹੋਈ ਹੈ। ਉਪਰੋਕਤ ਤੋਂ ਇਲਾਵਾ ਕਾਮਰੇਡ ਰਘਬੀਰ ਸਿੰਘ ਧਲੌਰੀਆਂ, ਬਲਕਾਰ ਚੰਦ ਭਰਿਆਲ ਲਾਹੜੀ, ਯਸ਼ਪਾਲ, ਸੁਰਜੀਤ ਕੁਮਾਰ, ਅਸ਼ਵਨੀ ਕੁਮਾਰ, ਤਿਲਕ ਰਾਜ ਜਿਆਣੀ, ਰਾਮ ਮੂਰਤੀ, ਦੇਵ ਰਾਜ ਸੁਜਾਨਪੁਰ, ਸਨੇਹ ਲਤਾ, ਰੇਖਾ ਰਾਣੀ, ਸੋਹਨ ਲਾਲ, ਮੋਹਨ ਲਾਲ, ਦਰਸ਼ਨ ਸਿੰਘ ਅਤੇ ਹੋਰ ਸਾਥੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ।

ਰੈਸਲਰ ਗੁਰਜੰਟ ਸਿੰਘ ਦਾ ਸਕੂਲ ਪਹੁੰਚਣ 'ਤੇ ਸਮੁੱਚੇ ਸਟਾਫ ਵੱਲੋਂ ਮਾਣ-ਸਨਮਾਨ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਸਥਾਨਕ ਕਸਬੇ ਨਾਲ ਲੱਗਦੇ ਸ੍ਰੀ ਗੁਰੂ ਨਾਨਕ ਦੇਵ ਸੀਨੀਅਰ ਸੈਕੰਡਰੀ ਸਕੂਲ ਜੌੜੀਆਂ ਕਲਾ ਬਾਰ੍ਹਵੀਂ ਜਮਾਤ (ਸਾਇੰਸ) ਦੇ ਵਿਦਿਆਰਥੀ ਗੁਰਜੰਟ ਸਿੰਘ ਨੇ ਹਰਦੋਰਵਾਲ ਵਿਖੇ ਹੋਈਆਂ ਜ਼ੋਨਲ ਪੱਧਰ ਰੈਸਲਿੰਗ ਖੇਡਾਂ ਦੌਰਾਨ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਜ਼ਿਲਾ ਪੱਧਰੀ ਐੱਸਐੱਸਐੱਮ ਕਾਲਜ ਦੀਨਾਨਗਰ ਵਿਖੇ ਹੋਈਆਂ ਰੈਸਲਿੰਗ ਖੇਡਾਂ ਦੌਰਾਨ ਵੀ ਦੂਜਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਉਸ ਦਾ ਆਪਣੇ ਸਕੂਲ ਪਹੁੰਚਣ ਤੇ ਸਕੂਲ ਦੇ ਸਮੂਹ ਸਟਾਫ ਵੱਲੋਂ ਹਾਰ ਪਾ ਕੇ ਭਰਵਾਂ ਸਵਾਗਤ ਕੀਤਾ ਗਿਆ ਤੇ ਉਸ ਨੂੰ ਵਧਾਈ ਦਿੱਤੀ ਗਈ। ਪ੍ਰਿੰ. ਮੈਡਮ ਪਲਵਿੰਦਰ ਕੌਰ ਬੇਦੀ ਅਤੇ ਸਮੂਹ ਸਟਾਫ ਨੇ ਰੈਸਲਿੰਗ ਖਿਡਾਰੀ ਗੁਰਜੰਟ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਖਿਡਾਰੀ ਗੁਰਜੰਟ ਸਿੰਘ ਨੇ ਕਿਹਾ ਕਿ ਮੇਰੀ ਜਿੱਤ ਦਾ ਸਿਹਰਾ ਮੇਰੇ ਡੀਪੀ ਬਿਕਰਮਜੀਤ ਸਿੰਘ ਅਤੇ ਐੱਨਸੀਸੀ ਅਧਿਆਪਿਕਾ ਮੈਡਮ ਰਾਜਵਿੰਦਰ ਕੌਰ ਨੂੰ ਜਾਂਦਾ ਹੈ ਜਿਨ੍ਹਾਂ ਵੱਲੋਂ ਕਰਵਾਈ ਗਈ ਮਿਹਨਤ ਸਦਕਾ ਹੀ ਮੈਂ ਇਹ ਜਿੱਤ ਹਾਸਲ ਕਰ ਸਕਿਆ ਹਾਂ। ਇਸ ਮੌਕੇ ਸਕੂਲ ਦੇ ਪ੍ਰਿੰ. ਮੈਡਮ ਪਲਵਿੰਦਰ ਕੌਰ ਬੇਦੀ, ਵਾਇਸ ਪ੍ਰਿੰ. ਭੁਪਿੰਦਰ ਸਿੰਘ, ਸੁਖਵਿੰਦਰ ਕੌਰ, ਮੈਡਮ ਰਾਜ, ਮੈਡਮ ਮੱਧੂ, ਰੀਨਾ ਸ਼ਰਮਾ, ਰਣਜੀਤ ਕੌਰ, ਤਾਨੀਆ, ਕਰਮਜੀਤ ਕੌਰ, ਰਣਜੀਤ ਕੌਰ, ਹਰਜੀਤ ਕੌਰ, ਰਾਜਵਿੰਦਰ ਕੌਰ, ਬਿਕਰਮਜੀਤ ਸਿੰਘ, ਜਗਵਿੰਦਰ ਕੌਰ, ਸੁਖਵਿੰਦਰ ਕੌਰ, ਮਨਪ੍ਰੀਤ ਕੌਰ, ਸੰਦੀਪ ਕੌਰ, ਜੋਤੀ, ਹਰਪ੍ਰੀਤ ਕੌਰ, ਜੀਵਨ, ਅਮਨਪ੍ਰੀਤ ਕੌਰ, ਜਸ਼ਨ, ਸੁਖਜੀਤ ਕੌਰ, ਸਿਮਰਨ, ਸਾਜਨ ਮਸੀਹ ਸਮੇਤ ਸਕੂਲ ਦੇ ਬੱਚੇ ਹਾਜ਼ਰ ਸਨ।

ਸੰਤ ਹੀਰਾ ਦਾਸ ਕੰਨਿਆ ਮਹਾਂਵਿਦਿਆਲਿਆ ਕਾਲਾ ਸੰਘਿਆਂ ਸੀ ਏ (ਕੇਂਦਰੀ ਸਭਾ) ਦਾ ਗਠਨ ਕੀਤਾ

ਕਾਲਾ ਸੰਘਿਆਂ (ਮਨਜੀਤ ਮਾਨ) ਕਾਲਜ ਨੂੰ ਸਚਾਰੂ ਰੂਪ ਵਿੱਚ ਚਲਾਉਣ ਲਈ ਹਰ ਸਾਲ ਦੀ ਤਰ੍ਹਾਂ ਸੰਤ ਹੀਰਾ ਦਾਸ ਕੰਨਿਆ ਮਹਾਂਵਿਦਿਆਲਿਆ ਕਾਲਾ ਸੰਘਿਆਂ ਵਿੱਚ ਸੈਂਟਰ ਐਸੋਸੀਏਸ਼ਨ ਦਾ ਗਠਨ ਪ੍ਰਿੰਸਿਪਲ ਬਲਜਿੰਦਰ ਕੌਰ ਦੀ ਯੋਗ ਗਵਾਈ ਹੇਠ ਕੀਤਾ ਗਿਆ। ਜਿਸ ਵਿੱਚ ਬਲਰੀਨ ਕੌਰ ਹੈੱਡ ਗਰਲ, ਮਨਵੀਰ ਕੌਰ ਵਾਈਸ ਹੈਡ ਗਰਲ, ਜੈਸਮੀਨ ਸੈਕਟਰੀ, ਬਿੰਦਰਜੀਤ ਕੌਰ ਜੁਆਇੰਟ ਸੈਕਟਰੀ, ਸਿਮਰਨਜੀਤ ਕੌਰ ਕੈਸ਼ੀਅਰ, ਸਿਮਰਨ ਜੁਆਇੰਟ ਕੈਸੀਅਰ ਦੇ ਤੌਰ 'ਤੇ ਨਿਯੁਕਤ ਕੀਤੇ ਗਏ। ਇਸ ਮੌਕੇ ਸਵੇਰ ਦੀ ਸਭਾ ਵਿੱਚ ਉਹਨਾਂ ਨੂੰ ਕਾਲਜ ਦੇ ਅਨੁਸਾਸਨੀ ਨਿਯਮਾਂ ਨੂੰ ਧਾਰਨ ਕਰਨ ਪ੍ਰਤੀ ਸੁਹੰ ਚੁੱਕਣ ਦੀ ਰਸਮ ਅਦਾ ਕੀਤੀ ਗਈ। ਇਸ ਸਮੇਂ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਸੀ ਏ ਇੰਚਾਰਜ ਮੈਡਮ ਕੁਲਵਿੰਦਰ ਕੌਰ, ਮੈਡਮ ਸ ਸਿੱਮੀ ਬੱਗਾ, ਮੈਡਮ ਕਰੁਨਾ, ਮੈਡਮ ਅਮਿਤਾ, ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

G20 ਉੱਤਰ ਰੇਲਵੇ 75 ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਈ-ਟੈਂਡਰ ਸੂਚਨਾ

ਸੀਨੀ. ਮੰਡਲ ਵਿਯੁਤ ਇੰਜੀਨੀਅਰ/ਸਾਮਾਨਯ, ਉੱਤਰ ਰੇਲਵੇ ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰ (www.ireps.gov.in) ਮੰਗ ਕੀਤੀ ਜਾਂਦੀ ਹੈ। ਟੈਂਡਰਕਾਰ ਅਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

ਟੈਂਡਰ ਨੰਬਰ	ਕੀਮੰ ਦਾ ਵੇਰਵਾ	ਅਨੁਮਾਨਿਤ ਲਾਗਤ	ਬਿਆਨਾ ਰਾਸ਼ੀ	ਕੀਮ ਦਾ ਸਮਾਂ	ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ	ਵੇਬਸਾਈਟ
251-ਵਿਯੁਤ-T- 25-2023-24	ਬਨਿਹਾਲ-ਕਾਜੀਗੁੰਡ ਅਨੁਭਾਗ 'ਚ ਪੀਰ ਪੰਜਾਲ ਸੁਰੰਗ ਦੇ ਨਿਯਮਿਤ ਸੰਚਾਲਨ ਦੇ ਲਈ ਸਕਾਡਾ ਦੇ ਉਨਨਯਨ ਦੇ ਸਬੰਧ ਵਿਚ ਵਿਯੁਤ ਕੰਮ ਲਈ।	ਰੂ: 2,60,28,008.19	ਰੂ: 2,80,200.00	04 ਮਹੀਨੇ	04.10.2023 15:00 ਵਜੇ ਦੇ ਬਾਦ	www.ireps.gov.in

ਨੰ: 251-ਵਿਯੁਤ ਟੈਂਡਰ ਨੋਟਿਸ ਨੰ: 17/ਵਿਯੁਤ-2023-24 ਮਿਤੀ : 12.09.2023 2823/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਮਹੱਤਵਪੂਰਨ ਸੂਚਨਾ

ਮਿਤੀ 13.09.2023 ਨੂੰ ਵੱਖ-ਵੱਖ ਸਮਾਚਾਰ ਪੱਤਰਾਂ ਵਿਚ ਪ੍ਰਕਾਸ਼ਿਤ ਸਾਰਵਜਨਿਕ ਸੂਚਨਾ ਵਿਚ ਆਂਸ਼ਿਕ ਸੰਸ਼ੋਧਨ ਕੀਤਾ ਗਿਆ ਹੈ, ਜਿਨ੍ਹਾਂ ਦਾ ਵੇਰਵਾ ਹੇਠਾਂ ਅਨੁਸਾਰ ਹੈ:-

- ਰੇਲਗੱਡੀ ਨੰਬਰ 12587 ਗੋਰਖਪੁਰ - ਜੰਮੂ ਤਵੀ ਅਮਰ ਨਾਥ ਐਕਸਪ੍ਰੈਸ ਯਾਤਰਾ ਸ਼ੁਰੂ ਮਿਤੀ 18.09.2023 ਨੂੰ ਆਪਣੇ ਵਾਸਤਵਿਕ ਮਾਰਗ ਤੇ ਚਲੇਗੀ ਅਤੇ ਮਾਰਗ ਵਿਚ 15 ਮਿੰਟ ਦੇ ਲਈ ਵਿਨਯਮਿਤ ਕੀਤੀ ਜਾਵੇਗੀ।
- ਰੇਲਗੱਡੀ ਨੰਬਰ 15655 ਕਾਮਾਖਯਾ - ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਐਕਸਪ੍ਰੈਸ ਯਾਤਰਾ ਸ਼ੁਰੂ ਮਿਤੀ 17.09.2023 ਨੂੰ ਵਿਨਯਮਿਤ ਨਹੀਂ ਕੀਤੀ ਜਾਵੇਗੀ।
- ਰੇਲਗੱਡੀ ਨੰਬਰ 12919 ਡਾ. ਅੰਬੇਡਕਰ ਨਗਰ - ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਐਕਸਪ੍ਰੈਸ ਯਾਤਰਾ ਸ਼ੁਰੂ ਮਿਤੀ 18.09.2023 ਨੂੰ ਵਿਨਯਮਿਤ ਨਹੀਂ ਕੀਤੀ ਜਾਵੇਗੀ।
- ਰੇਲਗੱਡੀ ਨੰਬਰ 12471 ਬਾਂਦਰਾ ਟਰਮੀਨਸ - ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਐਕਸਪ੍ਰੈਸ ਯਾਤਰਾ ਸ਼ੁਰੂ ਮਿਤੀ 18.09.2023 ਨੂੰ ਵਿਨਯਮਿਤ ਨਹੀਂ ਕੀਤੀ ਜਾਵੇਗੀ।
- ਰੇਲਗੱਡੀ ਨੰਬਰ 04642 ਪਠਾਨਕੋਟ -ਜਲੰਧਰ ਸਿਟੀ ਡੀਈਐਮਯੂ ਸਪੈਸ਼ਲ ਐਕਸਪ੍ਰੈਸ ਅਤੇ 06949 ਜਲੰਧਰ ਸਿਟੀ - ਪਠਾਨਕੋਟ ਡੀਈਐਮਯੂ ਸਪੈਸ਼ਲ ਐਕਸਪ੍ਰੈਸ ਯਾਤਰਾ ਸ਼ੁਰੂ ਮਿਤੀ 19.09.2023 ਨੂੰ ਬਹਾਲ ਕੀਤੀ ਜਾਵੇਗੀ।
- ਰੇਲਗੱਡੀ ਨੰਬਰ 19224 ਜੰਮੂ ਤਵੀ - ਅਹਿਮਦਾਬਾਦ ਐਕਸਪ੍ਰੈਸ ਯਾਤਰਾ ਸ਼ੁਰੂ ਮਿਤੀ 19.09.2023 ਨੂੰ ਆਂਸ਼ਿਕ ਰੱਦੀਕਰਨ ਦੇ ਨਾਲ ਜਲੰਧਰ ਸਿਟੀ ਦੇ ਸਥਾਨ ਤੇ ਪਠਾਨਕੋਟ ਤੋਂ ਚਲੇਗੀ।

ਨੋਟ: ਹੋਰ ਵੇਰਵਾ ਉਹੀ ਰਹਿਣਗੇ।

ਵਿਸਤ੍ਰਿਤ ਜਾਣਕਾਰੀ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਇਲ ਕਰੋ ਰੇਲਗੱਡੀ ਪੁਛਗਿਛ ਵੈਬਸਾਈਟ www.enquiry.indianrail.gov.in ਵੇਖੋ।

ਰੇਲਮਦਦ ਹੈਲਪਲਾਈਨ ਨੰ. 139

ਰੇਲਮਦਦ ਵੈਬਸਾਈਟ ਦੇਖੋ :- www.railmadad.indianrailways.gov.in

ਰੇਲਮਦਦ ਐਪ ਡਾਊਨਲੋਡ ਕਰੋ

'ਤੇ ਸਾਨੂੰ ਫਾਲੋ ਕਰੋ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ ਉੱਤਰ ਰੇਲਵੇ ਸਦਾ ਤੁਹਾਡੀ ਸੇਵਾ ਵਿਚ www.nr.indianrailways.gov.in 'ਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

Public Notice

I, Davinder Singh S/o Sh. Sawaran Singh R/o Village Salarpur, P.O. Farala, Tehsil & District Jalandhar, Serve you with the legal notice for Specific Performance of Written Agreement to Sell dated 30.11.2022 with regard to land measuring 13 Kanals 12 Marlas Comprised in Khewat no 37/38 Khatauni no. 38 Khasra No. 10//2 (7-4) Khewat no. 38/39 Khatauni no. 39 Khasra No. 10//9/1 (5-15), 10//12 (6-16), 10//13 (7-7) Khewat no. 39/40 Khatauni no. 40. Khasra No. 5//22/2 (3-12) Khewat no. 40/41 Khatauni no. 41 Khasra No. 10//16/2 (2-0), 10//17 (8-0) Khewat no. 66/68 Khatauni no. 70 Khasra No. 10//27 (1-0) Situated at Daultpur HB : 237, Tehsil & District Jalandhar as per Jamabandi for the 2017-2018 agreed to sell the land to me @ Rs. 30 per Acre vide agreement to sell dated 11.01.23 you received a sum of Rs. 39 Lacs earnest money at the time of execution of the agreement and agreed to receive the balance sale consideration on or before 01.05/2023 after execution of sale deed in my favour. I. was present before office of Executive Magistrate Jalandhar by sworn affidavit on 02.05.2023 as office of sub-Registrar was closed on 01.05.2023 on account of holiday. Bebore approaching court of law, I hereby call upon you to honour the agreement.

COURT NOTICE

In the Court of
Ms. Ashima Sharma
Civil Judge (Junior Division), Ludhiana.
CNR No. PBLD02-006798-2021
Next Date : 30.10.2023
Union Bank of India
Versus
M/S Ekam Traders

Publication issued to : Ravinder Pal Singh F/o Sikanderpal Singh H.No. 346, Vill. Jawaddi Kalan, Ludhiana.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 30.10.2023 at 10.00 a.m.

For details logon to https://highcourtchd.gov.in/?trs=district notice & district=Ludhiana

Civil Judge (Junior Division), Ludhiana
Dated, this day of 2.9.2023

COURT NOTICE

In the Court of
Sh. Ajay Pal Singh
Addl. Civil Judge Senior Division, Faridkot.
CNR No. PBFD02-000881-2019
Next Date : 15.11.2023
State Bank of India
Versus
m/s Vishavkarma Flour Mills
Suit for Recovery

Publication issued to : Legal Heirs of Balbir Singh 2 (a) Gurpreet Singh S/o Balbir Singh S/o Kartar Singh 2 (b) Amarjit Kaur W/o Balbir Singh S/o Kartar Singh situated at Muktsar Road, Sadiq, Tehsil and Distt. Faridkot.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 15.11.2023 at 10.00 a.m.

For details logon to https://highcourtchd.gov.in/?trs=district notice & district=Faridkot

Addl. Civil Judge Senior Division, Faridkot.
Dated, this day of 6.9.2023

COURT NOTICE

In the Court of
Sh. Hasan Deep Singh Bajwa
Civil Judge (Junior Division), Malerkotla.
CNR No. PBSGC0-000145-2023
Next Date : 18.10.2023
State Bank of India, branch at Moti Bazzar, Malerkotla through its Chief Manager Sh. Rajesh Kumar
Versus
M/s SK Industrial Corporation, adjoining Dera Radha Swami, Ludhiana road, Malerkotla through partners of firm:

Mortgage suit for the recovery of Rs. 9,63,245/- (CS/95/2023)

Publication issued to : 1. Rani W/o Mohd. Yaseen 2. Yameen S/o Mohd. Yaseen both R/o H.No. 478, Mohalla Pooj Di Haveli Eid Gah Road, Malerkotla.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 18.10.2023 at 10.00 a.m.

For details logon to https://highcourtchd.gov.in/?trs=district notice & district=Sangrur

Civil Judge (Junior Division), Malerkotla.
Dated, this day of 5.9.2023

COURT NOTICE

In the Court of
Sh. Karun Garg
Civil Judge (Junior Division), Kharar.
CNR No. PBSAA0-000850-2021
Next Date : 28.9.2023
Rajinder Kaur
Versus
Harnek Singh

Publication issued to : 4. Sarabjinder Singh 5. Sohan Singh 6. Surmukh Singh all son's late Gurnam Singh 7. Nirmal S/o Gurcharan Singh 8. Harchand Singh S/o Kartar Singh all R/o Vill. Gabe Majra, Tehsil Kharar, Distt. SAS Nagar Mohali 16. Jasvir Singh 17. Sukhvir Singh both son's of Gurdial Singh 18. Surinder Kaur S/o Gurdial Singh all R/o Vill. Kasiana, Tehsil and Distt. Patiala.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 28.9.2023 at 10.00 a.m.

For details logon to https://highcourtchd.gov.in/?trs=district notice&district=SAS Nagar

Civil Judge (Junior Division), Kharar.
Dated, this day of 6.9.2023

ਕਲਾਸੀਫਾਈਡ ਇਸ਼ਤਿਹਾਰ

Lost Found

ਮੈਂ ਬਿਕਰਮਜੀਤ ਸਿੰਘ ਪੁੱਤਰ ਸੂਬਾ ਸਿੰਘ ਵਾਸੀ ਪਿੰਡ ਨਸੀਰਪੁਰ, ਡਾਕ: ਚੋਧਰੀਵਾਲ,ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ। ਮੇਰੇ ਪਾਸੋਂ ਪੁਰਾਣੀ ਰਜਿਸਟਰੀ ਰਕਬਾ -2-1/2 ਮਰਲੇ ਪੂਜਾ ਦੇਵੀ ਪਤਨੀ ਵਿਜੈ ਕੁਮਾਰ ਵਾਸੀ ਉਮਰਪੁਰਾ ਤੋਂ ਅਮਰਜੀਤ ਕੌਰ ਪਤਨੀ ਸੂਬਾ ਸਿੰਘ ਵਾਸੀ ਨਸੀਰਪੁਰ ਤਹਿ ਬਟਾਲਾ, ਵਸੀਕਾ ਨੰ:- 4779 ਮਿਤੀ 6/1/2005 ਨੂੰ ਰਜਿਸਟਰੀ ਹੋਈ ਸੀ। ਓਹ ਕੀਤੇ ਗੁੰਮ ਹੋ ਗਈ ਹੈ। ਜੋ ਕਰ ਕਿੱਸੇ ਨੂੰ ਮਿਲਦੀ ਹੈ ਤਾਂ ਉੱਪਰ ਦਿੱਤੇ ਪੱਤੇ ਤੇ ਸੂਚਿਤ ਕਰਨ।

Public Notice

All concerned please note that Sukhwinder Kumar S/o Kashmir Kaur R/o Vill. Alewali, Distt. Jalandhar (Punjab) is going to married with Jaswinder Kaur D/o Baldev Kaur R/o Vill. Tut Sher Singh Jalandhar (Punjab).

Kashmir Kaur W/o Lehmber R/o Vill. Alewali, Distt. Jalandhar.
-0-

All concerned please note that Jaswinder Kaur D/o Baldev Kaur R/o Vill. Tut Sher Singh, Distt. Jalandhar (Punjab) is going to married with Sukhwinder Kumar S/o Kashmir Kaur R/o Vill. Alewali, Distt. Jalandhar (Punjab).

Baldev Kaur W/o Late Sudagar Singh R/o Vill. Tut Sher Singh, Distt. Jalandhar (Punjab)
-0-

It is for general information that Sarbjit Singh S/o Gian Singh R/o W.S-376, Near Neel Kanth Mandir, Bania Mohalla, Basti Sheikh, Jalandhar-144003, Punjab declare that name of mine and my wife and my minor son has been wrongly written as Sarbjit Singh Kalra And Poonamjit Kaur Kalra And Harman Preet Singh Kalra in my minor son's aged 17 years in his 10th Class Certificate and Roll No. 13176721. The actual name of mine and my wife and my minor son is Sarbjit Singh And Poonamjit Kaur and Harman Preet Singh respectively, which may be amended accordingly.

ਆਮ ਸੂਚਨਾ

ਮੈਂ, ਫਰਮਾਨਾ ਪਤਨੀ ਸਵ: ਸਾਜਿਦ ਵਾਸੀ ਮੁਹੱਲਾ ਅੰਸਾਰੀਯਾਨ, ਪੁਰਾਣਾ ਕੂੰਆਂ, ਕਸਬਾ ਅਤੇ ਪਰਗਨਾ ਕਿਰਤਪੁਰ, ਤਹਿ: ਨਜੀਬਾਬਾਦ, ਜ਼ਿਲ੍ਹਾ ਬਿਜਨੌਰ (ਯੂ ਪੀ) ਸੂਚਿਤ ਕਰਦੀ ਹਾਂ ਕਿ ਮੇਰੇ ਪਤੀ ਸਾਜਿਦ ਦੀ ਮੌਤ ਮਿਤੀ 29.4.2023 ਨੂੰ ਹੋ ਗਈ ਹੈ। ਉਸ ਦੀ ਮੌਤ ਤੋਂ ਬਾਅਦ ਮੈਂ ਫਰਮਾਨਾ (ਪਤਨੀ) ਸਾਡੀ ਬੇਟੀ ਅਨਾਇਕਾ (3 ਸਾਲ) ਅਤੇ ਸਾਡਾ ਬੇਟਾ ਮੁਹੰਮਦ ਸ਼ਾਦ (3 ਮਹੀਨਾ) ਹੀ ਕਾਨੂੰਨੀ ਵਾਰਸ ਹਾਂ। ਸਾਡੇ ਤੋਂ ਸਿਵਾਏ ਸਵ: ਸਾਜਿਦ ਦਾ ਕੋਈ ਹੋਰ ਵਾਰਸ ਨਹੀਂ ਹੈ। ਸੰਬੰਧਤ ਨੋਟ ਕਰਨ। (8477)

ਇਹ ਕਿ ਮੋਟਰ ਕੁਨੈਕਸਨ 5 ਹਾਰਸ ਪਾਵਰ ਲੇਖਾ ਨੰਬਰ ਟੀ ਜੀ 41/ਏ ਪੀ 88/0013 ਐਮ ਰਕਬਾ ਚੱਕ ਟਿੱਬੀ ਰੰਗਾ ਤਹਿਸੀਲ ਜੀਰਾ ਵਿਖੇ ਲੱਗਾ ਹੋਇਆ ਹੈ। ਇਹ ਮੋਟਰ ਕੁਨੈਕਸਨ ਸ੍ਰੀ ਬਿਸਨ ਸਿੰਘ ਪੁੱਤਰ ਸ੍ਰੀ ਸੁੰਦਰ ਸਿੰਘ ਵਾਸੀ ਟਿੱਬੀ ਰੰਗਾ ਤਹਿਸੀਲ ਜੀਰਾ ਜਿਲ੍ਹਾ ਫਿਰੋਜਪੁਰ ਦੇ ਨਾਮ ਤੋ

14-SEP-PAGE-7.qxd 9/13/2023 10:18 PM Page 1

ਭਗਵੰਤ ਮਾਨ ਵੱਲੋਂ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ 'ਤੇ ਲਿਆਂਦਾ ਜਾ ਰਿਹਾ : ਕਟਾਰੀਆ

ਮੱਖੂ (ਰਛਪਾਲ ਸਿੰਘ ਸੰਧੂ)

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ ਆਮ ਆਦਮੀ ਪਾਰਟੀ ਦੀ ਹੋਣ ਵਾਲੀ ਰੈਲੀ ਵਿੱਚ ਜਾਣ ਲਈ ਵਿਧਾਨ ਸਭਾ ਹਲਕਾ ਜੀਰਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਨਰੇਸ਼ ਕਟਾਰੀਆ ਦੀ ਅਗਵਾਈ ਹੇਠ ਦਾਣਾ ਮੰਡੀ 'ਚ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਵਰਿੰਦਰ ਠੁਕਰਾਲ ਦੀ ਆੜ੍ਹਤ ਦੀ ਦੁਕਾਨ ਤੋਂ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਰਕਰਾਂ ਦਾ ਠਾਠਾਂ ਮਾਰਦਾ ਇਕੱਠ ਰੈਲੀ ਲਈ ਰਵਾਨਾ ਹੋਇਆ।

ਅੰਮ੍ਰਿਤਸਰ ਰੈਲੀ ਵਿਚ ਜਾਣ ਲਈ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ। ਇਸ ਮੌਕੇ ਰੈਲੀ ਵਿੱਚ ਜਾਣ ਲਈ ਇਕੱਠੇ ਹੋਏ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਅੰਮ੍ਰਿਤਸਰ ਵਿਖੇ ਹੋਣ ਵਾਲੀ ਰੈਲੀ 'ਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੰਮ੍ਰਿਤਸਰ ਵਿਖੇ ਪਹਿਲੇ ਸਕੂਲ ਆਫ਼ ਐਮੀਨੈਂਸ ਦਾ ਉਦਘਾਟਨ ਕਰਨਗੇ ਅਤੇ ਰੈਲੀ ਨੂੰ ਸੰਬੋਧਨ ਕਰਨਗੇ। ਰੈਲੀ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹੋਰ ਉੱਚ ਕੋਟੀ ਦੇ ਲੀਡਰ ਪਹੁੰਚ ਰਹੇ ਹਨ। ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਹਿਲੇ ਦਿਨ ਤੋਂ ਹੀ ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਨਾਲ ਸੂਬਾ ਵਾਸੀਆਂ ਦਾ ਸਰਕਾਰ 'ਤੇ ਵਿਸ਼ਵਾਸ ਹੋਰ ਵਧਿਆ ਹੈ। ਪਿਛਲੀਆਂ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਦੇਸ ਦੇ ਬਾਕੀ ਸੂਬਿਆਂ ਨਾਲੋਂ ਵਿਕਾਸ ਪੱਖੋਂ ਪਿਛੜ ਚੁੱਕਿਆ ਸੀ, ਜਿਸ ਨੂੰ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ 'ਤੇ ਲਿਆਂਦਾ ਜਾ ਰਿਹਾ ਹੈ।

ਕੋਈ ਵੀ ਯੋਗ ਲਾਭਪਾਤਰੀ ਆਯੂਸ਼ਮਾਨ ਕਾਰਡ ਬਣਾਉਣ ਤੋਂ ਨਾ ਰਹੇ ਵਾਂਝਾ : ਡਾ. ਮਨਦੀਪ ਕੌਰ

ਸੰਗਤ ਮੰਡੀ (ਰਾਜਦੀਪ ਜੋਸ਼ੀ)-ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਡਾ. ਮਨਦੀਪ ਕੌਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਬੈਠਕ ਕੀਤੀ। ਇਸ ਮੌਕੇ ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕੋਈ ਵੀ ਯੋਗ ਲਾਭਪਤਾਰੀ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਤੋਂ ਵਾਂਝਾ ਨਾ ਰਹਿਣ ਦਿੱਤਾ ਜਾਵੇ। ਬੈਠਕ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਡਾ. ਮਨਦੀਪ ਕੌਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਮ ਲੋਕਾਂ ਦੇ ਪਰਵਾਰ ਦੇ ਸਾਰੇ ਮੈਂਬਰਾਂ ਦੇ ਆਯੂਸ਼ਮਾਨ ਕਾਰਡ ਬਣਾਉਣੇ ਯਕੀਨੀ ਬਣਾਏ ਜਾਣ। ਇਸ ਮੌਕੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪੰਚਾਂ, ਸਰਪੰਚਾਂ ਦੇ ਸਹਿਯੋਗ ਨਾਲ ਪਿੰਡਾਂ ਵਿੱਚ ਮੁਨਿਆਦੀ ਕਰਵਾਉਣ ਤੋਂ ਇਲਾਵਾ ਵੱਧ ਤੋਂ ਵੱਧ ਕੈਂਪ ਲਾਏ ਜਾਣ ਤਾਂ ਜੋ ਕੋਈ ਵੀ ਯੋਗ ਲਾਭਪਤਾਰੀ ਆਯੂਸ਼ਮਾਨ ਕਾਰਡ ਬਣਾਉਣ ਤੋਂ ਵਾਂਝਾ ਨਾ ਰਹਿ ਸਕੇ। ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨੇ ਕਿਹਾ ਕਿ ਸਿਵਲ ਹਸਪਾਤਲ ਵਿਖੇ 13 ਸਤੰਬਰ ਨੂੰ 'ਆਯੂਸ਼ਮਾਨ ਭਵ' ਮੁਹਿੰਮ ਦੀ ਸ਼ੁਰੂਆਤ ਹੋਵੇਗੀ। ਇਸ ਦੌਰਾਨ ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਾਰੇ ਪ੍ਰਬੰਧ ਮੁਕੰਮਲ ਕਰਨੇ ਯਕੀਨੀ ਬਣਾਏ ਜਾਣ।

ਮਾਤਾ ਗੁਜਰੀ ਕਾਲਜ ਵਿਖੇ ਵਾਦ-ਵਿਵਾਦ ਤੇ ਭਾਸ਼ਣ ਮੁਕਾਬਲੇ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਮਾਤਾ ਗੁਜਰੀ ਕਾਲਜ ਦੇ ਪੋਸਟ ਗ੍ਰੈਜੂਏਟ ਰਾਜਨੀਤੀ ਵਿਗਿਆਨ ਵਿਭਾਗ ਅਤੇ ਪੋਸਟ ਗ੍ਰੈਜੂਏਟ ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਬੌਧਿਕ ਹੁਨਰ ਅਤੇ ਭਾਸ਼ਣ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਵਾਦ-ਵਿਵਾਦ ਅਤੇ ਭਾਸਣ ਮੁਕਾਬਲਿਆਂ ਦਾ ਵਿਸ਼ੇਸ਼ ਆਯੋਜਨ ਕਰਾਇਆ ਗਿਆ। ਵਾਦ-ਵਿਵਾਦ ਮੁਕਾਬਲੇ ਦਾ ਵਿਸ਼ਾ ਸਰਕਾਰ ਦੁਆਰਾ ਦਿੱਤੀਆਂ ਜਾਂਦੀਆਂ ਮੁਫਤ ਸਹੂਲਤਾਂ ਰੱਖਿਆ ਗਿਆ ਸੀ, ਜਦਕਿ ਭਾਸ਼ਣ ਮੁਕਾਬਲੇ ਦੇ ਵਿਸ਼ੇ ਪੰਜਾਬੀ ਸੱਭਿਆਚਾਰ 'ਤੇ ਪਰਵਾਸ ਦਾ ਪ੍ਰਭਾਵ, ਮੁਫ਼ਤ ਸਹੂਲਤਾਂ ਦੋ ਧਾਰੀ ਤਲਵਾਰ ਤੇ ਆਰਟੀਫੀਸ਼ਲ ਇੰਟੈਲੀਜੈਂਸ ਦਾ ਸਮਾਜ 'ਤੇ ਪ੍ਰਭਾਵ ਰੱਖੇ ਗਏ ਸਨ। ਹਰੇਕ ਵਿਦਿਆਰਥੀ ਨੂੰ ਆਪਣੇ-ਆਪਣੇ ਵਿਚਾਰ ਪੇਸ਼ ਕਰਨ ਲਈ 3 ਤੋਂ 4 ਮਿੰਟ ਦਾ ਸਮਾਂ ਦਿੱਤਾ ਗਿਆ ਸੀ, ਜਿਸ ਦੌਰਾਨ ਵਿਦਿਆਰਥੀਆਂ ਨੇ ਪੂਰੀ ਤਿਆਰੀ ਤੇ ਜੋਸ਼ ਨਾਲ ਆਪਣੇ-ਆਪਣੇ ਵਿਚਾਰ ਪੇਸ਼ ਕੀਤੇ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਦੋਹਾਂ ਵਿਭਾਗਾਂ ਦੇ ਇਸ ਉਸਾਰੂ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਨਾ ਸਿਰਫ਼ ਵਿਦਿਆਰਥੀਆਂ ਦੇ ਅਕਾਦਮਿਕ ਅਤੇ ਬੌਧਿਕ ਵਿਕਾਸ ਨੂੰ ਹੁਲਾਰਾ ਦਿੰਦੇ ਹਨ, ਸਗੋਂ ਉਨ੍ਹਾਂ ਨੂੰ ਆਪਣੇ ਹੁਨਰ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਸੁਨਹਿਰੀ ਮੰਚ ਪ੍ਰਦਾਨ ਕਰਦੇ ਹਨ। ਰਾਜਨੀਤੀ ਵਿਗਿਆਨ ਵਿਭਾਗ ਦੇ ਮੁਖੀ ਡਾ. ਸਤਨਾਮ ਸਿੰਘ ਨੇ ਵਿਦਿਆਰਥੀਆਂ ਨੂੰ ਇਨ੍ਹਾਂ ਮੁਕਾਬਲਿਆਂ ਦੇ ਮਹੱਤਵ ਬਾਰੇ ਜਾਣੂ ਕਰਾਉਂਦਿਆਂ ਉਨ੍ਹਾਂ ਨੂੰ ਵਧੀਆ ਸੰਚਾਰ, ਬੇਹਤਰ ਸੰਵਾਦ, ਆਲੋਚਨਾਤਮਕ ਸੋਚ ਤੇ ਬੌਧਿਕ ਖੋਜ ਦੇ ਹੁਨਰ ਨੂੰ ਹੋਰ ਨਿਖਾਰਨ ਅਤੇ ਉਸਾਰਨ ਲਈ ਉਤਸ਼ਾਹਤ ਕੀਤਾ। ਪੱਤਰਕਾਰੀ ਵਿਭਾਗ ਦੇ ਮੁਖੀ ਪ੍ਰੋ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਕਿਸੇ ਵੀ ਖੇਤਰ ਵਿੱਚ ਸਫਲਤਾ ਹਾਸਲ ਕਰਨ ਲਈ ਪ੍ਰਭਾਵਸ਼ਾਲੀ ਸੰਚਾਰ ਹੁਨਰ ਦੀ ਅਹਿਮ ਭੂਮਿਕਾ ਹੁੰਦੀ ਹੈ, ਜੋ ਵਿਦਿਆਰਥੀ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਸਿੱਖ ਸਕਦੇ ਹਨ। ਇਨ੍ਹਾਂ ਮੁਕਾਬਲਿਆਂ ਵਿੱਚ ਹੋਣਹਾਰ ਵਿਦਿਆਰਥੀਆਂ ਵਿਵੇਕ ਰਾਜ, ਗੁਰਿੰਦਰਪਾਲ ਸਿੰਘ, ਲਕਸ਼ਿਤਾ ਅਰੋੜਾ, ਪਲਕ ਅਰੋੜਾ, ਰਮਨ ਕਪਿਲਾ, ਹੁਸਨਪ੍ਰੀਤ ਕੌਰ ਅਤੇ ਜਸ਼ਨਪ੍ਰੀਤ ਕੌਰ ਆਦਿ ਨੇ ਵਧੀਆ ਪ੍ਰਦਰਸ਼ਨ ਕੀਤਾ, ਜਿਨ੍ਹਾਂ ਨੂੰ ਭਵਿੱਖ ਵਿੱਚ ਹੋਣ ਵਾਲੇ ਯੁਵਕ ਮੇਲਿਆਂ ਤੇ ਹੋਰ ਅਹਿਮ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੇ ਯੋਗ ਬਣਾਉਣ ਲਈ ਵਿਸ਼ੇਸ਼ ਤੌਰ 'ਤੇ ਚੁਣਿਆ ਗਿਆ।

ਪ੍ਰੋ. ਜਸਬੀਰ ਸਿੰਘ ਤੇ ਪ੍ਰੋ. ਦਿਲਰਾਜ ਸਿੰਘ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਕਾਲਜ ਦੀਆਂ ਵੱਖ-ਵੱਖ ਗਤੀਵਿਧੀਆਂ ਅਤੇ ਮੁਕਾਬਲਿਆਂ 'ਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

ਕਾਤਰਾਂ

ਕੈਪਟਨ ਨਰੇਸ਼ ਵਰਮਾ ਦਾ ਵਤਨ ਪਰਤਣ 'ਤੇ ਨਿੱਘਾ ਸਵਾਗਤ

ਜਗਰਾਉਂ (ਅਮਿਤ ਖੰਨਾ)-ਮੰਚ ਸੰਚਾਲਕ ਤੇ ਸਵੱਛ ਭਾਰਤ ਅਭਿਆਨ ਦੇ ਬ੍ਰਾਂਡ ਕੈਪਟਨ ਨਰੇਸ਼ ਵਰਮਾ ਦਾ ਕੈਨੇਡਾ ਦੇ ਟੂਰ ਤੋਂ ਆਉਣ 'ਤੇ ਆਰ ਕੇ ਸਕੂਲ ਦੀ ਮੈਨੇਜਮੈਂਟ ਵੱਲੋਂ ਸਨਮਾਨ ਕੀਤਾ ਗਿਆ। ਇਹ ਸਨਮਾਨ ਕੈਪਟਨ ਨਰੇਸ਼ ਵਰਮਾ ਨੂੰ ਪ੍ਰਧਾਨ ਐਡਵੋਕੇਟ ਨਵੀਨ ਗੁਪਤਾ, ਪ੍ਰਿੰਸੀਪਲ ਸੀਮਾ ਸ਼ਰਮਾ ਤੇ ਸਮੂਹ ਸਟਾਫ਼ ਵੱਲੋਂ ਦਿੱਤਾ ਗਿਆ। ਕੈਪਟਨ ਵਰਮਾ ਨੇ ਕਿਹਾ ਕਿ ਅਪਣਾ ਸਮਾਜ ਸੇਵਾ ਦਾ ਕੰਮ ਕਦੇ ਨਹੀਂ ਰੁਕਣ ਦੇਣਗੇ। ਜ਼ਿਕਰਯੋਗ ਹੈ ਕਿ ਕੈਪਟਨ ਨਰੇਸ਼ ਵਰਮਾ ਪਿਤਾ ਸਵ: ਸੰਸਾਰ ਚੰਦ ਵਰਮਾ ਦੀ ਯਾਦ ਵਿੱਚ ਹਰ ਮਹੀਨੇ 26 ਬਜ਼ੁਰਗਾਂ ਨੂੰ ਮਹੀਨਾਵਾਰ ਰਾਸ਼ਨ ਦਿੰਦੇ ਹਨ।

ਟਹਿਣਾ ਨੇੜੇ ਹੁਣ ਰੁਕਣਗੇ ਸੜਕ ਹਾਦਸੇ

ਫ਼ਰੀਦਕੋਟ (ਐਲਿਗਜੈਂਡਰ ਡਿਮੂਜਾ)-ਪਿੰਡ ਟਹਿਣਾ ਵਿਖੇ ਵਾਪਰ ਰਹੇ ਸੜਕ ਹਾਦਸਿਆਂ ਨੂੰ ਰੋਕਣ ਹਿੱਤ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਵੱਲੋਂ ਸੜਕ ਮੰਤਰਾਲਾ ਅਤੇ ਹਾਈਵੇ ਮੰਤਰੀ ਸ੍ਰੀ ਨਿਤਿਨ ਗਡਕਰੀ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ ਗਈ। ਸੰਧਵਾਂ ਵੱਲੋਂ ਮੰਤਰੀ ਨਿਤਿਨ ਗਡਕਰੀ ਨੂੰ ਨੈਸ਼ਨਲ ਹਾਈਵੇ 'ਤੇ ਸਥਿਤ ਪਿੰਡ ਟਹਿਣਾ ਵਿਖੇ ਅੰਡਰ ਬਾਈਪਾਸ ਨਾ ਹੋਣ ਕਾਰਨ ਵਾਪਰਦੇ ਨਿੱਤ ਨਵੇਂ ਹਾਦਸਿਆਂ ਤੋਂ ਜਾਣੂ ਕਰਾਇਆ ਗਿਆ। ਇਸ 'ਤੇ ਸ੍ਰੀ ਨਿਤਿਨ ਗਡਕਰੀ ਵੱਲੋਂ ਸਪੀਕਰ ਸੰਧਵਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਜਲਦ ਹੀ ਪਿੰਡ ਟਹਿਣਾ ਨੇੜੇ ਅੰਡਰ ਬਾਈਪਾਸ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਲਿਖਤੀ ਪ੍ਰਵਾਨਗੀ ਜਲਦ ਹੀ ਜਾਰੀ ਕਰ ਦਿੱਤੀ ਜਾਵੇਗੀ।

260 ਗ੍ਰਾਮ ਹੈਰੋਇਨ ਸਮੇਤ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸੀ.ਆਈ.ਏ. ਸਟਾਫ ਸਰਹਿੰਦ ਦੀ ਇੱਕ ਟੀਮ ਵੱਲੋਂ ਮੰਡੀ ਗੋਬਿੰਦਗੜ੍ਹ ਦੇ ਇੱਕ ਵਿਅਕਤੀ ਨੂੰ 260 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ। ਸੀ.ਆਈ.ਏ. ਸਟਾਫ ਸਰਹਿੰਦ ਦੀ ਇੱਕ ਟੀਮ ਵੱਲੋਂ ਮੰਡੀ ਗੋਬਿੰਦਗੜ੍ਹ ਦੀ ਅਨਾਜ ਮੰਡੀ ਨਜ਼ਦੀਕ ਕਾਬੂ ਕੀਤੇ ਗਏ ਕਮਲਜੀਤ ਸਿੰਘ ਉਰਫ ਜਾਦੂ ਵਾਸੀ ਮੰਡੀ ਗੋਬਿੰਦਗੜ੍ਹ ਦੀ ਸੀ.ਆਈ.ਏ. ਸਟਾਫ ਦੇ ਸਬ-ਇੰਸਪੈਕਟਰ ਸਤਵਿੰਦਰ ਸਿੰਘ ਵੱਲੋਂ ਜਦੋਂ ਡੀ.ਐਸ.ਪੀ. ਦੀ ਹਾਜ਼ਰੀ 'ਚ ਤਲਾਸ਼ੀ ਲਈ ਗਈ ਤਾਂ ਉਸਦੇ ਕਬਜ਼ੇ 'ਚੋਂ 260 ਗ੍ਰਾਮ ਹੈਰੋਇਨ ਬਰਾਮਦ ਹੋਈ, ਜਿਸ 'ਤੇ ਕਮਲਜੀਤ ਸਿੰਘ ਉਰਫ ਜਾਦੂ ਨੂੰ 21(ਸੀ)/61/85 ਐਨ.ਡੀ.ਪੀ.ਐਸ. ਐਕਟ ਤਹਿਤ ਗ੍ਰਿਫ਼ਤਾਰ ਕਰ ਲਿਆ ਗਿਆ।

ਸੱਪਲ ਪਰਵਾਰ ਵੱਲੋਂ ਸਮਾਗਮ ਅੱਜ

ਲੋਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸਿੰਘ ਸੱਪਲ)-ਸੱਪਲ ਪਰਵਾਰ ਦੇ ਅਸ਼ੋਕ ਕੁਮਾਰ ਸੱਪਲ, ਤੇਜਪਾਲ ਸੱਪਲ ਤੇ ਬਿੱਟੂ ਸੱਪਲ ਨੇ ਦੱਸਿਆ ਕਿ ਸੱਪਲ ਪਰਵਾਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 14 ਸਤੰਬਰ ਨੂੰ ਪਿੰਡ ਅਮੀਰ ਨਗਰ ਦੁਲਾਮਾ ਮਲੇਰਕੋਟਲਾ ਰੋਡ ਨੇੜੇ ਕੁੱਪ ਕਲਾਂ ਪੰਧੇਰ ਪੈਲੇਸ ਵਾਲੀ ਗਲੀ 'ਚ ਸਮੂਹ ਸੱਪਲ ਪਰਿਵਾਰ ਵੱਲੋਂ ਇਕੱਠੇ ਹੋ ਕੇ ਆਪਣੇ ਵੱਡੇ-ਵਡੇਰਿਆਂ ਅਤੇ ਦਾਦੀ ਸਾਧੋ ਜੀ ਦਾ ਆਸ਼ੀਰਵਾਦ ਲੈਣ ਲਈ ਸਮੂਹ ਸੱਪਲ ਪਰਵਾਰ ਸ਼ਾਮਲ ਹੋਵੇਗਾ, ਕਿਉਂਕਿ ਇਸ ਸਥਾਨ 'ਤੇ ਇਸੇ ਦਿਨ ਮੱਸਿਆ ਦਾ ਸ਼ੁਭ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਵਰਨਣਯੋਗ ਹੈ ਕਿ ਦਾਦੀ ਸਾਧੋ ਜੀ ਦੇ ਸੇਵਕਾਂ ਵੱਲੋਂ ਇਸ ਸ਼ੁਭ ਮੱਸਿਆ ਦਾ ਦਿਹਾੜਾ ਮਨਾਉਣ ਲਈ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ ਅਤੇ ਇਸ ਸਥਾਨ 'ਤੇ ਦੂਰੋਂ-ਦੂਰੋਂ ਇਸ ਪਰਵਾਰ ਦੇ ਮੈਂਬਰ ਅਤੇ ਸੇਵਕ ਆਪਣੀਆਂ ਹਾਜ਼ਰੀਆਂ ਭਰਦੇ ਹਨ।

ਬੀ ਬੀ ਐੱਸ ਬੀ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਖੇਡਾਂ 'ਚ ਮਾਰੀ ਬਾਜ਼ੀ

ਜਗਰਾਉਂ (ਅਮਿਤ ਖੰਨਾ)

ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਮੋਹਰੀ ਰਿਹਾ ਹੈ। ਇਸੇ ਲੜੀ ਦੌਰਾਨ ਬੀ.ਬੀ.ਐੱਸ.ਬੀ ਕਾਨਵੈਂਟ ਸਕੂਲ, ਸਿੱਧਵਾਂ ਬੇਟ ਦੇ ਵਿਦਿਆਰਥੀਆਂ ਦੁਆਰਾ ਆਈ.ਸੀ.ਐੱਸ.ਈ.ਵੱਲੋਂ ਕਰਾਈਆਂ ਗਈਆਂ ਰਾਜ ਪੱਧਰੀ ਖੇਡਾਂ ਵਿੱਚ ਕਬੱਡੀ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਹ ਮੁਕਾਬਲੇ ਅਲੱਗ-ਅਲੱਗ ਰਾਜਾਂ ਵਿੱਚ ਕਰਾਏ ਗਏ। ਇਹ ਮੁਕਾਬਲੇ ਨੌਰਥ ਇੰਡੀਆ ਵਿੱਚ ਪੈਂਦੇ ਸਾਰੇ ਸਕੂਲ ਜਿਵੇਂ (ਪੰਜਾਬ, ਹਰਿਆਣਾ ਤੇ ਹਿਮਾਚਲ) ਦੇ ਸਾਰੇ ਸਕੂਲਾਂ ਨੇ ਹਿੱਸਾ ਲਿਆ। ਇਸ ਪ੍ਰਤੀਯੋਗਤਾ ਵਿੱਚ ਕਬੱਡੀ ਦੇ ਮੁਕਾਬਲੇ ਕਰਾਏ ਗਏ। ਆਪਣੀ ਵਧੀਆ ਕਾਰਗੁਜ਼ਾਰੀ ਦਿਖਾਉਂਦੇ ਹੋਏ ਅੰਡਰ-19 ਲੜਕਿਆਂ ਨੇ ਤੀਜਾ ਸਥਾਨ ਅਤੇ ਹਾਸਲ ਕੀਤਾ। ਇਸ ਮੁਕਾਬਲੇ ਵਿੱਚ ਅੰਡਰ 19 ਲੜਕਿਆਂ ਦੀ ਟੀਮ ਵਿੱਚੋਂ ਜਸ਼ਨਪ੍ਰੀਤ ਕੌਰ ਗਿੱਲ ਤੇ ਅੰਡਰ 17 ਵਿੱਚ ਰਣਵੀਰ ਸਿੰਘ ਦੀ ਨੈਸ਼ਨਲ ਪੱਧਰ ਮੁਕਾਬਲਿਆਂ ਲਈ ਚੋਣ ਹੋਈ, ਜੋ ਪੱਛਮੀ ਬੰਗਾਲ ਵਿੱਚ ਹੋਣਗੇ। ਪੁਜ਼ੀਸ਼ਨ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਨੂੰ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਮੋਨਾ ਠਾਕੁਰ ਤੇ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਾਂ ਜਿਸ ਵਿੱਚ ਚੇਅਰਮੈਨ ਸੰਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜੀਡੈਂਟ ਹਰੀ ਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾ

14-Sep-PAGE- 8 qxd.qxd 9/13/2023 10:25 PM Page 1

ਸੰਯੁਕਤ ਕਿਸਾਨ ਮੋਰਚਾ ਵੱਲੋਂ ਧਰਨਾ ਦੂਜੇ ਦਿਨ ਵੀ ਜਾਰੀ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)-ਸੰਯੁਕਤ ਕਿਸਾਨ ਮੋਰਚੇ ਵੱਲੋਂ ਹੜ੍ਹਾਂ ਦੀ ਰੋਕਥਾਮ ਨਾਲ ਸਬੰਧਤ ਮੰਗਾਂ ਨੂੰ ਲੈ ਕੇ ਅੱਜ ਦੂਸਰੇ ਦਿਨ ਵੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਦਫਤਰ ਨੇੜੇ ਨਿਰਮਲ ਕੁਟੀਆ ਦੇ ਸਾਹਮਣੇ ਪਵਿੱਤਰ ਵੇਈਂ ਕਿਨਾਰੇ ਰੋਸ ਧਰਨਾ ਅਮਰਜੀਤ ਸਿੰਘ ਟਿੱਬਾ ਅਤੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਧਰਮਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਕਾਮਰੇਡ ਰਸ਼ਪਾਲ ਸਿੰਘ ਜਨਰਲ ਸਕੱਤਰ ਕਿਰਤੀ ਕਿਸਾਨ ਯੂਨੀਅਨ ਪੰਜਾਬ, ਸੰਯੁਕਤ ਕਿਸਾਨ ਮੋਰਚੇ ਦੇ ਕਨਵੀਨਰ ਐਡਵੋਕੇਟ ਰਜਿੰਦਰ ਸਿੰਘ ਰਾਣਾ, ਕਾਮਰੇਡ ਬਲਦੇਵ ਸਿੰਘ ਭਾਰਤ ਨਿਰਮਾਣ ਮਜ਼ਦੂਰ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਦੇ ਨਿਰਮਲ ਸਿੰਘ ਸ਼ੇਰਪੁਰ ਸੱਦਾ, ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੁੱਚਾ ਸਿੰਘ ਮਿਰਜ਼ਾਪੁਰ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਸੁਖਚੈਨ ਸਿੰਘ, ਨੰਬਰਦਾਰ ਯੂਨੀਅਨ ਦੇ ਹਰਵੰਤ ਸਿੰਘ ਵੜੈਚ, ਕੁੱਲ ਹਿੰਦ ਕਿਸਾਨ ਸਭਾ ਦੇ ਮਾਸਟਰ ਚਰਨ ਸਿੰਘ ਹੈਬਤਪੁਰ ਆਦਿ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਹੜ੍ਹਾਂ ਨੂੰ ਫੌਰੀ ਕੌਮੀ ਆਫਤ ਐਲਾਨ ਕਰਕੇ ਪੰਜਾਬ ਨੂੰ ਵਿਸ਼ੇਸ਼ ਰਾਹਤ ਪੈਕੇਜ ਦਿੱਤਾ ਜਾਵੇ ਅਤੇ ਹੜ੍ਹਾਂ ਨਾਲ ਹੋਏ ਨੁਕਸਾਨ ਦੇ ਮੱਦੇਨਜ਼ਰ ਮੁਆਵਜ਼ਾ ਵੰਡਣ ਦੇ ਨਿਯਮਾਂ ਵਿੱਚ ਢਿੱਲ ਦਿੱਤੀ ਜਾਵੇ ਤਾਂ ਜੋ ਪੀੜਤ ਲੋਕਾਂ ਨੂੰ ਜਾਨ-ਮਾਲ ਦੇ ਹੋਏ ਨੁਕਸਾਨ ਦੇ ਅਨੁਸਾਰ ਢੁਕਵਾਂ ਮੁਆਵਜ਼ਾ ਮਿਲ ਸਕੇ। ਉਨ੍ਹਾਂ ਮੰਗ ਕੀਤੀ ਕਿ ਮਾਰੀਆਂ ਗਈਆਂ ਫਸਲਾਂ ਤੇ ਕਿਸੇ ਅਗਾਊਂ ਸ਼ਰਤਾਂ ਦੇ ਕਿਸਾਨਾਂ ਨੂੰ ਸਲੈਬਾਂ ਬਣਾ ਕੇ ਮੁਆਵਜ਼ਾ ਦਿੱਤਾ ਜਾਵੇ, ਪਰਿਵਾਰ ਦੇ ਜੀਅ ਹੀ ਹੋਈ ਮੌਤ ਦਾ 10 ਲੱਖ ਰੁਪਏ ਪ੍ਰਤੀ ਜੀਅ, ਮਰੇ ਪਸ਼ੂ ਦਾ ਇਕ ਲੱਖ ਰੁਪਏ ਪ੍ਰਤੀ ਪਸ਼ੂ, ਘਰਾਂ ਦੇ ਹੋਏ ਨੁਕਸਾਨ ਦਾ ਪ੍ਰਤੀ ਘਰ 5 ਲੱਖ ਰੁਪਏ ਮੁਆਵਜ਼ਾ ਦਿੱਤਾ ਜਾਵੇ, ਮਜ਼ਦੂਰ ਪਰਵਾਰਾਂ ਨੂੰ ਪਸ਼ੂਆਂ ਦੇ ਹਰੇ ਚਾਰੇ ਸਮੇਤ ਹੋਰ ਲੋੜਾਂ ਲਈ 50 ਹਜ਼ਾਰ ਰੁਪਏ ਪ੍ਰਤੀ ਪਰਵਾਰ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਸੁਲਤਾਨਪੁਰ ਲੋਧੀ ਵਿਖੇ ਰੇਲਵੇ ਲਾਈਨਾਂ ਹੇਠ ਬਣਾਏ ਗਏ ਅੰਡਰ ਬ੍ਰਿਜ ਵਿਚ ਖਲੋਣ ਵਾਲੇ ਬਰਸਾਤੀ ਪਾਣੀ ਦੀ ਸਮੱਸਿਆ ਦਾ ਹੱਲ ਤੁਰੰਤ ਕੀਤਾ ਜਾਵੇ, ਐਕਸਪ੍ਰੈੱਸ ਵੇਅ ਸੜਕਾਂ ਦੀ ਉਸਾਰੀ ਸਮੇਂ ਪਾਣੀ ਦੀ ਬੇਰੋਕ ਨਿਕਾਸੀ ਲਈ ਅਤੇ ਕੁਦਰਤੀ ਲਾਂਘਿਆਂ ਲਈ ਢੁਕਵਾਂ ਪ੍ਰਬੰਧ ਕੀਤਾ ਜਾਵੇ, ਦਰਿਆਵਾਂ ਦੇ ਬੰਨ੍ਹਾਂ ਦੀ ਮਜ਼ਬੂਤੀ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ, ਦਰਿਆਵਾਂ ਦੇ ਹੜ੍ਹਾਂ ਦੀ ਅਕਸਰ ਮਾਰ ਸਹਿਣ ਵਾਲੇ ਇਲਾਕਿਆਂ ਨੂੰ ਵਿਸ਼ੇਸ਼ ਦਰਜਾ ਦੇ ਕੇ ਸਹੂਲਤਾਂ ਦਿੱਤੀਆਂ ਜਾਣ। ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਨੂੰ ਅਗਾਹ ਕੀਤਾ ਕਿ ਜੇਕਰ ਦੋਵੇਂ ਸਰਕਾਰਾਂ ਨੇ ਹੜ੍ਹ ਪੀੜਤਾਂ ਦੀਆਂ ਮੰਗਾਂ ਮੰਨਣ ਅਤੇ ਮੁਆਵਜਾ ਦੇਣ ਵਿੱਚ ਦੇਰੀ ਕੀਤੀ ਤਾਂ ਸੰਯੁਕਤ ਕਿਸਾਨ ਮੋਰਚਾ ਅਗਲੇ ਸੰਘਰਸ਼ ਲਈ ਅਗਲੀ ਰੂਪ ਰੇਖਾ ਉਲੀਕੇਗਾ। ਇਸ ਮੌਕੇ ਜੱਟ ਸਭਾ ਦੇ ਅਜੀਤ ਸਿੰਘ ਔਜਲਾ, ਮੀਤ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ ਪੰਜਾਬ ਰਘਬੀਰ ਸਿੰਘ ਮਹਿਰਵਾਲਾ, ਬਲਵਿੰਦਰ ਸਿੰਘ ਬਾਜਵਾ ਪ੍ਰਧਾਨ ਕਪੂਰਥਲਾ, ਪਲਵਿੰਦਰ ਸਿੰਘ ਕਾਲਾ ਸੰਘਿਆਂ, ਡਾਕਟਰ ਮਹਿੰਦਰ ਸਿੰਘ, ਸਰਪੰਚ ਮੁਖਤਾਰ ਸਿੰਘ, ਨੰਬਰਦਾਰ ਸਰਵਣ ਸਿੰਘ, ਅਜੀਤ ਸਿੰਘ ਮਸੀਤਾਂ, ਅਵਤਾਰ ਸਿੰਘ ਜਨਰਲ ਸਕੱਤਰ, ਗੁਰਦੇਵ ਸਿੰਘ, ਮਤਲਬ ਲਾਲ ਕੰਡਾ, ਸਰਵਣ ਸਿੰਘ ਕਰਮਜੀਤਪੁਰ, ਸੁਰਜੀਤ ਸਿੰਘ ਟਿੱਬਾ, ਮਲਕੀਤ ਸਿੰਘ ਸੇਰਪੁਰ ਸਧਾ, ਜਸਵਿੰਦਰ ਸਿੰਘ ਬਲਾਕ ਪ੍ਰਧਾਨ, ਸੁਰਜੀਤ ਸਿੰਘ ਠੱਟਾ, ਮਹਿੰਗਾ ਸਿੰਘ ਠੱਟਾ, ਮਾਸਟਰ ਦੇਸਰਾਜ ਸੇਵਾਮੁਕਤ ਬੀ ਈ ਓ, ਸੰਤਾ ਸਿੰਘ, ਰਤਨ ਸਿੰਘ, ਅਵਤਾਰ ਸਿੰਘ ਫੌਜੀ, ਮਨਜੀਤ ਸਿੰਘ, ਸ਼ਿੰਗਾਰਾ ਸਿੰਘ, ਬਲਕਾਰ ਸਿੰਘ, ਤਰਲੋਚਨ ਸਿੰਘ, ਸੁਖਦੇਵ ਸਿੰਘ, ਅਜਾਇਬ ਸਿੰਘ ਪੰਨੂੰ, ਜਸਵਿੰਦਰ ਸਿੰਘ, ਸਰਪੰਚ ਮਲਕੀਤ ਸਿੰਘ ਮੀਰੇ, ਸਰਵਨ ਸਿੰਘ ਕਰਮਜੀਤ ਪੁਰ, ਰੇਸ਼ਮ ਸਿੰਘ ਤੇ ਮਨਜੀਤ ਸਿੰਘ ਬਿਧੀਪੁਰ, ਸੁਖਦੇਵ ਸਿੰਘ, ਜਗਜੀਤ ਸਿੰਘ, ਜਸਵੰਤ ਸਿੰਘ, ਜਗਰੂਪ ਸਿੰਘ, ਮੇਜਰ ਸਿੰਘ, ਹਰਬੰਸ ਸਿੰਘ ਆਦਿ ਵੀ ਹਾਜ਼ਰ ਸਨ।

ਮੁਆਵਜ਼ੇ ਦੀ ਮੰਗ ਨੂੰ ਲੈ ਕੇ ਕੇਂਦਰੀ ਮੰਤਰੀ ਦੀ ਕੋਠੀ ਅੱਗੇ ਦੂਸਰੇ ਦਿਨ ਵੀ ਧਰਨਾ ਜਾਰੀ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਭਾਰਤੀ ਕਿਸਾਨ ਯੂਨੀਅਨ (ਦੋਆਬਾ) ਵਲੋਂ ਹੜ੍ਹ ਪੀੜਤਾਂ ਨੂੰ ਬਣਦੇ ਮੁਆਵਜ਼ੇ ਦੀ ਅਦਾਇਗੀ ਦੀ ਮੰਗ ਨੂੰ ਲੈ ਕੇ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਕੈਂਥ ਦੀ ਕੋਠੀ ਅੱਗੇ ਸੋਮਵਾਰ ਨੂੰ ਸ਼ੁਰੂ ਹੋਇਆ ਧਰਨਾ ਅੱਜ ਦੂਸਰੇ ਦਿਨ ਮੰਗਲਵਾਰ ਨੂੰ ਵੀ ਜਾਰੀ ਰਿਹਾ। ਇਸ ਮੌਕੇ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਸਤਨਾਮ ਸਿੰਘ ਸਾਹਨੀ, ਕਿਰਪਾਲ ਸਿੰਘ ਮੂਸਾਪੁਰ, ਗੁਰਪਾਲ ਸਿੰਘ ਪਾਲਾ ਮੱਲੀ, ਦਵਿੰਦਰ ਸਿੰਘ ਸੰਧਵਾ, ਕੁਲਵਿੰਦਰ ਸਿੰਘ ਕਾਲਾ ਅਠੌਲੀ, ਮਨਜੀਤ ਸਿੰਘ ਲੱਲੀ ਅਤੇ ਇਕਬਾਲ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਦੇ ਹੜ੍ਹ ਪ੍ਰਭਾਵਿਤ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਨੂੰ ਕੇਂਦਰ ਅਤੇ ਸੂਬੇ ਦੀਆਂ ਸਰਕਾਰਾਂ ਵਲੋਂ ਮੁਆਵਜ਼ੇ ਦੀ ਅਦਾਇਗੀ ਨਾ ਕੀਤੇ ਜਾਣ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਤਿੰਨ ਰੋਜ਼ਾ ਧਰਨਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਦੀ ਕੋਠੀ ਅੱਗੇ ਦਿੱਤਾ ਗਿਆ। ਇਹ ਧਰਨਾ ਬੁੱਧਵਾਰ ਨੂੰ ਵੀ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਇਸ ਸਾਲ ਭਾਰੀ ਬਰਸਾਤ ਅਤੇ ਗੁਆਂਢੀ ਰਾਜਾਂ ਤੋਂ ਆਏ ਪਾਣੀ ਨੇ ਕਿਸਾਨਾਂ ਦੀਆਂ ਫਸਲਾਂ ਦਾ ਬਹੁਤ ਨੁਕਸਾਨ ਕੀਤਾ ਹੈ। ਝੋਨੇ ਦੀ ਫਸਲ ਤਾਂ ਪੂਰੀ ਤਰ੍ਹਾਂ ਤਬਾਹ ਹੋ ਗਈ ਹੈ। ਇਸ ਤੋਂ ਇਲਾਵਾ ਕਾਫੀ ਖੇਤ ਮਜ਼ਦੂਰਾਂ ਦੇ ਮਕਾਨ ਵੀ ਢਹਿ ਗਏ ਹਨ। ਜਿਸ ਕਰਕੇ ਉਹ ਖੁੱਲ੍ਹੇ ਅਸਮਾਨ ਹੇਠਾਂ ਪਰਵਾਰਾਂ ਸਮੇਤ ਰਾਤਾਂ ਕੱਟਣ ਲਈ ਮਜਬੂਰ ਹਨ। ਪਰ ਨਾ ਤਾਂ ਕੇਂਦਰ ਦੀ ਸਰਕਾਰ ਵਲੋਂ ਹੁਣ ਤੱਕ ਮੁਆਵਜ਼ਾ ਦਿੱਤਾ ਗਿਆ ਹੈ ਤੇ ਨਾ ਹੀ ਸੂਬੇ ਦੀ ਭਗਵੰਤ ਮਾਨ ਸਰਕਾਰ ਨੇ ਹੀ ਕਿਸਾਨਾਂ ਦੀ ਬਾਂਹ ਫੜੀ। ਜਿਸ ਲਈ ਕਿਸਾਨ ਜਥਬੰਦੀਆਂ ਨੂੰ ਧਰਨੇ ਲਗਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੀੜਤ ਕਿਸਾਨਾਂ ਨੂੰ ਜਲਦੀ ਮੁਆਵਜ਼ਾ ਨਾ ਮਿਲਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਦੌਰਾਨ ਕਿਸਾਨ ਆਗੂ ਸਤਨਾਮ ਸਿੰਘ ਸਾਹਨੀ, ਕਿਰਪਾਲ ਸਿੰਘ ਮੂਸਾਪੁਰ ਅਤੇ ਗੁਰਪਾਲ ਸਿੰਘ ਪਾਲਾ ਮੱਲੀ ਨੇ ਗੰਨੇ ਦੇ ਬਕਾਏ ਦੀ ਅਦਾਇਗੀ ਲਈ ਪ੍ਰਸ਼ਾਸਨ ਨੂੰ 15 ਸਤੰਬਰ ਤੱਕ ਦਾ ਸਮਾਂ ਦਿੰਦਿਆਂ ਕਿਹਾ ਕਿ ਜੇਕਰ ਫਗਵਾੜਾ ਦੀ ਗੰਨਾ ਮਿੱਲ ਦੀ ਬਕਾਇਆ ਰਕਮ 43 ਕਰੋੜ ਰੁਪਏ ਦੀ ਅਦਾਇਗੀ 15 ਸਤੰਬਰ ਤੱਕ ਨਾ ਕੀਤੀ ਗਈ ਤਾਂ ਫਗਵਾੜਾ 'ਚ ਵੱਡਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਧਰਨਾਕਾਰੀਆਂ ਨੂੰ ਸਮਰਥਨ ਦੇਣ ਲਈ ਬਲਜਿੰਦਰ ਸਿੰਘ ਪ੍ਰਧਾਨ ਨਵਾਂਸ਼ਹਿਰ, ਬਲਜੀਤ ਸਿੰਘ ਹਰਦਾਸਪੁਰ, ਮੇਜਰ ਸਿੰਘ, ਕਾਮਰੇਡ ਤਰਲੋਕ ਸਿੰਘ ਭਬਿਆਣਾ ਕੁਲ ਹਿੰਦ ਕਿਸਾਨ ਸਭਾ ਪੰਜਾਬ, ਦੋਆਬਾ ਕਿਸਾਨ ਯੂਨੀਅਨ ਪੰਜਾਬ ਤੋਂ ਜਸਕਰਨ ਸਿੰਘ ਨਵਾਂਸ਼ਹਿਰ, ਜਸਵੰਤ ਸਿੰਘ ਕਾਹਲੋਂ, ਗੁਰਚੇਤਨ ਸਿੰਘ ਤੱਖਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਦੋਰਾਹਾ, ਜਸਵੀਰ ਸਿੰਘ ਬੜਾ ਪਿੰਡ, ਤਰਸੇਮ ਸਿੰਘ ਢਿੱਲੋਂ ਸਮੇਤ ਵੱਡੀ ਗਿਣਤੀ 'ਚ ਇਲਾਕੇ ਭਰ ਦੇ ਕਿਸਾਨ ਹਾਜ਼ਰ ਸਨ।

ਇਕ ਲੱਖ ਗਰੀਬ ਲੋਕਾਂ ਨੂੰ ਮਿਲਣਗੇ ਆਵਾਸ : ਖੱਟਰ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਨੂੰ ਮੁੱਢਲੀ ਜਰੂਰਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸੀ ਲੜੀ ਵਿਚ ਗਰੀਬਾਂ ਦੇ ਸਿਰ 'ਤੇ ਛੱਤ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਰਕਾਰ ਨੇ ਯੋਜਨਾ ਤਿਆਰ ਕਰ ਲਈ ਹੈ, ਜਿਸ ਦੇ ਤਹਿਤ 1 ਲੱਖ ਗਰੀਬ ਲੋਕਾਂ ਨੂੰ ਮਕਾਨ ਦਿੱਤੇ ਜਾਣਗੇ। ਮੁੱਖ ਮੰਤਰੀ ਪਾਣੀਪਤ ਦੇ ਸਮਾਲਖਾ ਸਥਿਤ ਸੇਵਾ ਸਾਧਨਾ ਕੇਂਦਰ ਪਟੀਕਲਿਆਨਾ 'ਚ ਪ੍ਰਬੰਧਿਤ ਪ੍ਰੋਗ੍ਰਾਮ ਨੂੰ ਸੰਬੋਧਿਤ ਕਰ ਰਹੇ ਸਨ। ਮਨੋਹਰ ਲਾਲ ਨੇ ਕਿਹਾ ਸ਼ਹਿਰਾਂ ਵਿੱਚ ਵੀ 4 ਹਜਾਰ ਲੋਕਾਂ ਨੇ ਸ਼ਹਿਰੀ ਸਵਾਮਿਤਵ ਯੋਜਨਾ ਦਾ ਲਾਭ ਚੁਕਿਆ ਹੈ। ਇਸ ਤੋਂ ਇਲਾਵਾ, ਸਰਕਾਰ ਨੇ 450 ਅਣਅਥੋਰਾਇਜਡ ਕਲੋਨੀਆਂ ਨੂੰ ਨਿਯਮਤ ਕੀਤਾ ਹੈ ਅਤੇ 400 ਅਤੇ ਅਜਿਹੀ ਕਲੋਨੀਆਂ ਨੂੰ ਅਗਲੇ 2 ਮਹੀਨੇ ਵਿਚ ਨਿਯਮਤ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿਚ ਪਰਵਾਰ ਪਹਿਚਾਣ ਪੱਤਰ ਯੋਜਨਾ ਦੀ ਸ਼ੁਰੂਆਤ ਕੀਤੀ ਜਿਸ ਦੀ ਮਦਦ ਨਾਲ ਪੀਲ ਰਾਸ਼ਨ ਕਾਰਡ ਤੇ ਪੈਨਸ਼ਨ ਵਰਗੀ ਸਹੂਲਤਾਂ ਲੋਕਾਂ ਨੂੰ ਘਰ ਬੈਠੇ ਮਿਲ ਰਹੀਆਂ ਹਨ। ਮੌਜੂਦਾ ਸਰਕਾਰ ਨੇ ਨੌਕਰੀਆਂ ਵਿਚ ਹੋਣ ਵਾਲੇ ਭ੍ਰਿਸ਼ਟਾਚਾਰ 'ਤੇ ਰੋਕ ਲਗਾਈ, ਜਿਸ ਦੇ ਕਾਰਨ ਸਰਕਾਰੀ ਨੌਕਰੀਆਂ ਵਿਚ ਪਾਰਦਰਸ਼ਿਤਾ ਆਈ।

ਮੀਤਾ ਵਸ਼ਿਸ਼ਟ ਬਣੀ ਹਰਿਆਣਾ ਫਿਲਮ ਤੇ ਮਨੋਰੰਜਨ ਨੀਤੀ ਦੀ ਗਵਰਨਿੰਗ ਕੌਂਸਲ ਦੀ ਚੇਅਰਮੈਨ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਸਰਕਾਰ ਨੇ ਪ੍ਰਸਿੱਧ ਫਿਲਮ ਅਭਿਨੇਤਰੀ ਮੀਤਾ ਵਸ਼ਿਸ਼ਟ ਨੂੰ ਹਰਿਆਣਾ ਫ਼ਿਲਮ ਅਤੇ ਮਨੋਰੰਜਨ ਨੀਤੀ ਦੇ ਲਾਗੂ ਕਰਨ ਲਈ ਸਥਾਪਿਤ ਗਵਰਨਿੰਗ ਕਾਊਂਸਲ ਦਾ ਚੇਅਰਮੇਨ ਨਿਯੁਕਤ ਕੀਤਾ ਹੈ। ਨਿਦੇਸ਼ਕ, ਨਿਰਮਾਤਾ ਅਤੇ ਅਭਿਨੇਤਾ ਸਤੀਸ਼ ਕੌਸ਼ਿਕ ਜਿਨ੍ਹਾਂ ਨੇ ਸੂਬਾ ਸਰਕਾਰ ਵੱਲੋਂ ਗਵਰਨਿੰਗ ਕਾਊਂਸਲ ਦੇ ਪਹਿਲੇ ਚੇਅਰਮੇਨ ਵਜੋਂ ਨਿਯੁਕਤ ਕੀਤਾ ਗਿਆ ਸੀ, ਦੇ ਅਚਾਨਕ ਦੇਹਾਂਤ ਹੋਣ ਕਾਰਨ ਚੇਅਰਮੈਨ ਅਹੁਦਾ ਖਾਲੀ ਹੋ ਗਿਆ ਸੀ। ਮੀਤਾ ਵਸ਼ਿਸ਼ਟ ਲਗਭਗ 43 ਫਿਲਮਾਂ, ਕਈ ਟੈਲੀਵਿਜਨ ਸੀਰੀਅਲਾਂ, ਵੈਬ ਸੀਰੀਜ ਅਤੇ ਥੀਏਟਰ ਪੇਸ਼ਗੀਆਂ ਵਿੱਚ ਅਭਿਨੇ ਦਾ ਤਜਰਬਾ ਰੱਖਦੀ ਹੈ। ਇਸ ਤੋਂ ਇਲਾਵਾ, ਸੂਚਨਾ, ਜਨਸੰਪਰਕ, ਭਾਸ਼ਾ ਅਤੇ ਸੱਭਿਆਚਾਰਕ ਵਿਭਾਗ ਦੇ ਪ੍ਰਸ਼ਾਸ਼ਨਿਕ ਸਕੱਤਰ ਗਵਰਨਿੰਗ ਕਾਊਂਸਲ ਦੇ ਵਾਇਸ ਚੇਅਰਮੈਨ ਹੋਣਗੇ ਅਤੇ ਸੂਚਨਾ, ਜਨਸੰਪਰਕ , ਭਾਸ਼ਾ ਅਤੇ ਸਭਿਆਚਾਰਕ ਵਿਭਾਗ ਦੇ ਮਹਾਨਿਦੇਸ਼ਕ ਮੈਂਬਰ ਸਕੱਤਰ ਹੋਣਗੇ।

30 ਸਤੰਬਰ ਤੱਕ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾ ਕੇ 10 ਪ੍ਰਤੀਸ਼ਤ ਟੈਕਸ ਛੋਟ ਦਾ ਸੁਨਹਿਰੀ ਲਾਭ ਉਠਾਓ : ਕਮਿਸ਼ਨਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰਸ਼ ਕੋਮਲ ਮਿੱਤਲ ਨੇ ਦੱਸਿਆ ਕਿ ਜਿਹੜੇ ਵਿਅਕਤੀ ਮਿਤੀ 30 ਸਤੰਬਰ ਤੱਕ ਆਪਣਾ ਬਣਦਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣਗੇ ਸਰਕਾਰ ਵੱਲੋਂ ਉਨ੍ਹਾਂ ਨੂੰ ਚਾਲੂ ਵਿੱਤੀ ਸਾਲ ਦੇ ਬਣਦੇ ਪ੍ਰਾਪਰਟੀ ਟੈਕਸ 'ਤੇ 10 ਪ੍ਰਤੀਸ਼ਤ ਦੀ ਛੋਟ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਐਲਾਨ ਕੀਤੀ ਗਈ ਇਸ ਛੋਟ ਦਾ ਲਾਭ ਲੈਣ ਲਈ ਪਬਲਿਕ ਵਿੱਚ ਭਾਰੀ ਉਤਸ਼ਾਹ ਨੂੰ ਦੇਖਦਿਆਂ ਹੋਇਆਂ ਨਗਰ ਨਿਗਮ ਵੱਲੋਂ ਮਿਤੀ 16 ਸਤੰਬਰ, 17, 23, 24 ਅਤੇ 30 ਸਤੰਬਰ ਦਿਨ ਸ਼ਨਿਚਰਵਾਰ ਅਤੇ ਐਤਵਾਰ ਕੈਸ਼ ਕਾਊਂਟਰ ਪਬਲਿਕ ਦੀ ਸਹੂਲਤ ਲਈ ਵਿਸ਼ੇਸ਼ ਤੌਰ 'ਤੇ ਖੁੱਲ੍ਹੇ ਰੱਖੇ ਗਏ ਹਨ। ਉਨ੍ਹਾਂ ਆਮ ਪਬਲਿਕ ਨੂੰ ਅਪੀਲ ਕੀਤੀ ਕਿ ਪ੍ਰਾਪਰਟੀ ਟੈਕਸ 30 ਸਤੰਬਰ ਤੱਕ ਜਮ੍ਹਾਂ ਕਰਵਾ ਕੇ ਟੈਕਸ ਵਿਚੋਂ 10 ਫੀਸਦੀ ਛੋਟ ਦਾ ਸੁਨਹਿਰੀ ਲਾਭ ਉਠਾਉਣ। ਉਨ੍ਹਾਂ ਦੱਸਿਆ ਕਿ 31 ਦਸੰਬਰ ਤੱਕ ਟੈਕਸ ਜਮ੍ਹਾਂ ਕਰਵਾਉਣ ਵਾਲੇ ਵਿਅਕਤੀਆਂ ਨੂੰ ਕੋਈ ਵੀ ਛੋਟ ਨਹੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ 1 ਜਨਵਰੀ 2024 ਤੋਂ 31 ਮਾਰਚ 2024 ਤੱਕ 10 ਫੀਸਦੀ ਜੁਰਮਾਨੇ ਦੀ ਦਰ ਨਾਲ ਅਤੇ ਮਿਤੀ 31 ਮਾਰਚ 2024 ਤੋਂ ਬਾਅਦ ਟੈਕਸ ਜਮ੍ਹਾਂ ਕਰਵਾਉਣ ਵਾਲੇ ਵਿਅਕਤੀਆਂ ਤੋਂ 20 ਫੀਸਦੀ ਜੁਰਮਾਨੇ ਅਤੇ 18 ਪ੍ਰਤੀਸ਼ਤ ਵਿਆਜ ਦੀ ਦਰ ਨਾਲ ਟੈਕਸ ਵਸੂਲ ਕੀਤਾ ਜਾਵੇਗਾ। ਕਮਿਸ਼ਨਰ ਨਗਰ ਨਿਗਮ ਵੱਲੋਂ ਵਿਸ਼ੇਸ਼ ਤੌਰ 'ਤੇ ਦੱਸਿਆ ਗਿਆ ਕਿ ਕੋਈ ਵਿਅਕਤੀ ਨਗਰ ਨਿਗਮ ਦੀ ਵੈਬਸਾਈਟ 'ਤੇ ਆਪਣਾ ਬਣਦਾ ਪ੍ਰਾਪਰਟੀ ਟੈਕਸ ਸਮੇਂ ਸਿਰ ਜਮ੍ਹਾਂ ਕਰਵਾ ਸਕਦਾ ਹੈ। ਆਪਣਾ ਟੈਕਸ ਦਫਤਰ ਨਗਰ ਨਿਗਮ, ਹੁਸ਼ਿਆਰਪੁਰ ਵਿਖੇ ਕੈਸ਼ ਕਾਊਂਟਰ 'ਤੇ ਜਮ੍ਹਾਂ ਕਰਵਾਉਣ ਸਮੇਂ ਆਪਣੇ ਘਰ/ਦੁਕਾਨ ਦੇ ਬਾਹਰ ਲੱਗੀ ਯੂ.ਆਈ.ਡੀ.ਨੰਬਰ ਪਲੇਟ ਦੀ ਕਾਪੀ/ ਜਾਣਕਾਰੀ ਲਾਜ਼ਮੀ ਤੌਰ 'ਤੇ ਨਾਲ ਲੈ ਕੇ ਆਉਣ।

ਡਾ. ਰਾਕੇਸ਼ ਸ਼ਰਮਾ ਨਵਯੁਵਕ ਦੁਸਹਿਰਾ ਕਮੇਟੀ ਦੇ ਪ੍ਰਧਾਨ ਬਣੇ

ਫਿਲੌਰ (ਬੀ ਐਸ ਕੈਨੇਡੀ)- ਨਵਯੁਵਕ ਦੁਸਹਿਰਾ ਕਮੇਟੀ ਦੀ ਇਕ ਮੀਟਿੰਗ

14-Sep-PAGE- 9 qxd.qxd 9/13/2023 10:24 PM Page 1

ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਲਈ ਚੱਲ ਰਿਹਾ ਕਿਸਾਨ ਧਰਨਾ ਦੂਜੇ ਦਿਨ ਵੀ ਜਾਰੀ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਕਰਵਾਉਣ ਲਈ ਕੇਂਦਰ ਤੇ ਪੰਜਾਬ ਸਰਕਾਰ ਦੇ ਮੰਤਰੀਆਂ ਦੇ ਘਰਾਂ ਮੂਹਰੇ ਮਾਰੇ ਧਰਨੇ ਅੱਜ ਦੂਜੇ ਦਿਨ ਵੀ ਜਾਰੀ ਰਹੇ। ਜ਼ਿਲ੍ਹਾ ਭਰ ਦੀਆਂ ਅੱਠ ਕਿਸਾਨ ਜਥੇਬੰਦੀਆਂ ਨੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਧਰਨਾ ਸ਼ੁਰੂ ਕੀਤਾ ਹੋਇਆ ਹੈ ਜੋ ਕਿ ਅੱਜ ਦੂਜੇ ਦਿਨ ਵੀ ਜਾਰੀ ਰਿਹਾ। ਇਸ ਮੌਕੇ ਵੱਖ ਵੱਖ ਜਥੇਬੰਦੀਆਂ ਦੇ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਹੋਏ ਨੁਕਸਾਨ ਦੀ ਕਿਸਾਨਾਂ ਦੀ ਭਰਪਾਈ ਨਹੀਂ ਕਰ ਰਹੀ, ਕੇਂਦਰ ਸਰਕਾਰ ਸੂਬੇ ਨੂੰ ਹੜ੍ਹ ਪੀੜਤ ਸੂਬਾ ਐਲਾਨ ਨਹੀਂ ਕਰ ਰਹੀ। ਦੋਵੇਂ ਸਰਕਾਰਾਂ ਕਿਸਾਨ ਵਿਰੋਧੀ ਹਨ। ਆਗੂਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਲਈ ਕੋਈ ਵੀ ਕਦਮ ਨਹੀਂ ਚੁੱਕਿਆ। ਸਰਕਾਰ ਨੇ 6800 ਰੁਪਏ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਹੈ। ਇਹ ਕਿਸਾਨਾਂ ਨਾਲ ਕੋਝਾ ਮਜ਼ਾਕ ਹੈ। ਇਸ ਨੂੰ ਸੰਯੁਕਤ ਕਿਸਾਨ ਮੋਰਚੇ ਨੇ ਰੱਦ ਕਰ ਦਿੱਤਾ ਹੈ। ਸੂਬੇ ਵਿੱਚ ਹੜ੍ਹਾਂ ਨਾਲ ਬਹੁਤ ਵੱਡਾ ਨੁਕਸਾਨ ਹੋਇਆ ਹੈ ਪਰ ਪੰਜਾਬ ਸਰਕਾਰ ਨੇ ਭਰਪਾਈ ਪੂਰੀ ਕਰਨ ਲਈ ਕੋਈ ਵੀ ਕਦਮ ਨਹੀਂ ਚੁੱਕਿਆ। ਕਿਸਾਨ ਆਗੂਆਂ ਨੇ ਦੱਸਿਆ ਪੰਜਾਬ ਦੇ ਸਾਰੇ ਕੈਬਨਿਟ ਮੰਤਰੀਆਂ ਨੂੰ ਚੇਤਾਵਨੀ ਪੱਤਰ ਦਿੱਤੇ ਸਨ। ਇਸ ਵਿੱਚ ਮੰਗ ਕੀਤੀ ਗਈ ਸੀ ਕਿ ਹੜ੍ਹਾਂ ਨਾਲ ਖਰਾਬ ਹੋਈ ਫਸਲ ਦਾ 50000 ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ, ਦੁਧਾਰੂ ਪਸ਼ੂਆਂ ਦੀ ਮੌਤ ਦਾ 1 ਲੱਖ ਰੁਪਈਆ ਦਿੱਤਾ ਜਾਵੇ, ਜਾਨ ਗਵਾਉਣ ਵਾਲੇ ਕਿਸਾਨ ਪਰਵਾਰ ਨੂੰ 20 ਲੱਖ ਰੁਪਏ ਦਿੱਤੇ ਜਾਣ ਅਤੇ ਪਰਵਾਰ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਜਿਨ੍ਹਾਂ ਕਿਸਾਨਾਂ ਦੀਆਂ ਜ਼ਮੀਨਾਂ ਹੜ੍ਹਾਂ ਦੀ ਭੇਟ ਚੜ੍ਹ ਗਈਆਂ ਉਨ੍ਹਾਂ ਦੀ ਜ਼ਮੀਨ ਠੀਕ ਕੀਤੀ ਜਾਵੇ। ਸੰਯੁਕਤ ਕਿਸਾਨ ਮੋਰਚੇ ਨੇ ਮੰਤਰੀਆਂ ਦੇ ਘਰਾਂ ਅੱਗੇ 72 ਘੰਟਿਆਂ ਲਈ ਧਰਨੇ ਮਾਰਨ ਦੇ ਅੱਜ ਦੂਜੇ ਦਿਨ ਵੀ ਧਰਨਾ ਜਾਰੀ ਰਿਹਾ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਜਮਹੂਰੀ ਕਿਸਾਨ ਸਭਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਕਾਮਰੇਡ ਮੋਹਨ ਸਿੰਘ ਧਮਾਣਾ, ਕਿਰਤੀ ਕਿਸਾਨ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਬੀਰ ਸਿੰਘ ਬੜਵਾ, ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਨੰਗਲੀ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੀਨੀਅਰ ਆਗੂ ਜਤਿੰਦਰ ਪਾਲ ਸਿੰਘ ਜਿੰਦੂ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਯੂਨੀਅਨ ਦੇ ਪ੍ਰਧਾਨ ਜੈਮਲ ਸਿੰਘ ਭਜ਼ੀ ਨੇ ਪ੍ਰਧਾਨਗੀ ਹੇਠ ਧਰਨਾ ਜਾਰੀ ਰਿਹਾ। ਇਸ ਮੌਕੇ ਸੁਖਬੀਰ ਸਿੰਘ ਸੁੱਖਾ, ਮੇਜਰ ਸਿੰਘ, ਰਾਮਪਾਲ ਤਾਰਾਪੁਰ, ਗੁਲਜ਼ਾਰ ਸਿੰਘ ਨੰਗਲੀ, ਬਖਤਾਵਰ ਸਿੰਘ ਬਣੀ, ਜਰਨੈਲ ਸਿੰਘ, ਜਸਵਿੰਦਰ ਸਿੰਘ ਢੇਰ, ਬਿੱਕਰ ਸਿੰਘ ਮੋਠਾਂਪੁਰ, ਜਸਪਾਲ ਸਿੰਘ ਫੌਜੀ, ਜਗੀਰ ਸਿੰਘ ਰੌਲੀ, ਰਾਕੇਸ਼ ਕੁਮਾਰ ਬਾਲੀ ਕਲਸੇੜਾ, ਗੁਰਮੇਲ ਸਿੰਘ ਕਲਸੇੜਾ, ਰੋਸ਼ਨ ਲਾਲ, ਇੰਦਰਜੀਤ ਸਿੰਘ ਫੌਜੀ, ਦਲਜੀਤ ਸਿੰਘ ਪੈਨਸ਼ਨ ਐਸੋਸੀਏਸ਼ਨ ਦੇ ਪ੍ਰਧਾਨ, ਜਗੀਰ ਸਿੰਘ ਵਜੀਦਪੁਰ, ਕਰਨੈਲ ਸਿੰਘ, ਕੁਲਵੰਤ ਸਿੰਘ ਸਲੇਮਪੁਰ, ਰਣਬੀਰ ਸਿੰਘ ਮੁੰਡੀਆ, ਅਮਰਜੀਤ ਸਿੰਘ ਖੇੜੀ,ਦੀਵਾਨ ਸਿੰਘ, ਜਸਵਿੰਦਰ ਸਿੰਘ, ਜਰਨੈਲ ਸਿੰਘ ਘਨੌਲਾ, ਗੁਰਨੈਬ ਸਿੰਘ ਜੈਤੇਵਾਲ, ਕਰਮ ਚੰਦ ਗਨਾਰੂ, ਸੋਮ ਸਿੰਘ ਰੌਲੀ, ਵੈਦ ਪ੍ਰਕਾਸ਼ ਮੁਲਾਜ਼ਮ ਆਗੂ, ਜਸਪਾਲ ਸਿੰਘ ਬੀਕਾਪੁਰ, ਕਿਰਪਾਲ ਸਿੰਘ ਭੱਟੋਂ, ਪ੍ਰੀਤਮ ਸਿੰਘ ਰਾਏਪੁਰ, ਚਰਨਜੀਤ ਸਿੰਘ ਨੰਗਲ, ਮਨਜੀਤ ਸਿੰਘ ਰਾਹੀ, ਪ੍ਰਿੰਸੀਪਲ ਕੇਵਲ ਸਿੰਘ,ਕਮਲ ਸਿੰਘ ਮਹਿਰੋਲੀ,ਹਰਜਾਪ ਸਿੰਘ ਵਡਿਆਲ, ਗੁਰਚਰਨ ਸਿੰਘ ਕੂਨਰ, ਗੁਰਦਿਆਲ ਸਿੰਘ ਅਟਵਾਲ, ਸੁਰਿੰਦਰ ਕੁਮਾਰ, ਸੂਬੇਦਾਰ ਹਰਜਾਪ ਸਿੰਘ,ਤਾਰਾ ਸਿੰਘ ਨਾਹਲ, ਬਲਮ ਸਿੰਘ ਅਟਵਾਲ, ਸੋਮ ਨਾਥ ਅਜੋਲੀ, ਸੁਦੇਸ਼ ਕੁਮਾਰੀ ਭਨਾਮ, ਮਾਸਟਰ ਪਰਮਿੰਦਰ ਸਿੰਘ ਬੇਲਾ,ਬਲਾਕ ਸੰਮਤੀ ਮੈਂਬਰ ਕਮਲਜੀਤ ਸਿੰਘ ਪੱਪਲੂ, ਪਟਵਾਰੀ ਬੇਲਾ ਰਵਿੰਦਰ ਸਿੰਘ ਰਾਣਾ ਨੰਬਰਦਾਰ, ਅਜਮੇਰ ਸਿੰਘ ਬੇਲਾ, ਬਰਜਿੰਦਰ ਸਿੰਘ ਡੋਡ ਵੀ ਹਾਜ਼ਰ ਸਨ।

'ਆਪ' ਵਲੰਟੀਅਰ ਮੈਪਿੰਗ ਪਾਰਟੀ ਸੰਗਠਨ ਨੂੰ ਮਜ਼ਬੂਤ ਕਰੇਗਾ : ਸੰਦੀਪ ਸੈਣੀ

ਮਾਹਿਲਪੁਰ (ਸਫਰੀ) - ਹਲਕਾ ਚੱਬੇਵਾਲ ਦੇ ਨਿਯੁਕਤ ਕੋਆਰਡੀਨੇਟਰ ਸੰਦੀਪ ਸਿੰਘ ਸੈਣੀ ਨੇ ਬਾੜੀਆਂ ਕਲਾਂ ਬਲਾਕ ਦੇ 52 ਪਿੰਡਾਂ ਦੀ ਮੀਟਿੰਗ ਕਰਨ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਹਰ ਹਲਕੇ ਦੇ ਪਾਰਟੀ ਵਲੰਟੀਅਰਾਂ ਦੀ ਮੀਟਿੰਗ ਤੇ ਮੈਪਿੰਗ ਕਰਨ ਨਾਲ ਪਾਰਟੀ ਸੰਗਠਨ ਪਿੰਡ ਤੇ ਵਾਰਡ ਪੱਧਰ ਤੱਕ ਮਜ਼ਬੂਤ ਹੋਵੇਗਾ। ਸੰਦੀਪ ਸੈਣੀ ਹੁਰਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਹਰ ਪੱਧਰ ਉਤੇ ਲੋਕ ਭਲਾਈ ਕਾਰਜਾਂ ਨਾਲ ਚੋਣ ਵਾਅਦਿਆਂ ਨੂੰ ਅਮਲੀ ਰੂਪ ਦੇ ਕੇ ਪੰਜਾਬ ਨੂੰ ਸਿਹਤਮੰਦ ਤੇ ਖੁਸ਼ਹਾਲ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵਲੋਂ ਵੱਖ ਵੱਖ ਵਿਭਾਗਾਂ ਵਿੱਚ ਨੌਜਵਾਨਾਂ ਨੂੰ ਨੌਕਰੀਆਂ ਦੇ ਕਿ ਬੇਰੁਜ਼ਗਾਰੀ ਨੂੰ ਖਤਮ ਕਰ ਰਹੀ ਹੈ। ਉਹਨਾਂ ਕਿਹਾ ਕਿ ਵਲੰਟੀਅਰ ਮੈਪਿੰਗ ਹਰ ਬਲਾਕ ਵਿਚ ਵਲੰਟੀਅਰ ਮੀਟਿੰਗਾਂ ਵਿੱਚ ਕੀਤੀ ਜਾਵੇਗੀ। ਇਸ ਮੌਕੇ ਵਿਧਾਨ ਸਭਾ ਹਲਕਾ ਹੁਸ਼ਿਆਰਪੁਰ ਦੇ ਕੋਆਰਡੀਨੇਟਰ ਕ੍ਰਿਸ਼ਨਜੀਤ ਰਾਓ ਕੈਂਡੋਵਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਤੇ ਮੁੱਖ ਮੰਤਰੀ ਦਿੱਲੀ ਵਲੋਂ ਜੋ ਸਹੂਲਤਾਂ ਦਿਲੀ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆ ਹਨ ਉਹ ਸਹੂਲਤਾਂ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੇਣ ਜਾ ਰਹੇ ਹਨ। ਇਸ ਮੌਕੇ ਬਲਾਕ ਸੂਬਾ ਸੰਯੁਕਤ ਸਕੱਤਰ ਬਲਵਿੰਦਰ ਸਿੰਘ ਬਿੱਟੂ, ਪ੍ਰਧਾਨ ਭੁਪਿੰਦਰ ਸਿੰਘ ਫਤਿਹਪੁਰ ਕੋਠੀ, ਬਾਲ ਕਿਸ਼ਨ ਹਰਜੀਆਣਾ, ਸਰਪੰਚ ਬਲਵਿੰਦਰ ਕੌਰ ਕੈਂਡੋਵਾਲ, ਅਸ਼ੋਕ ਕੁਮਾਰ, ਤਰੁਨ ਗੁਪਤਾ, ਪੰਚ ਪੂਜਾ ਰਾਣੀ, ਫਿਰੋਜਾ ਖਤੂਨ, ਪਰਮਜੀਤ ਸਿੰਘ ਖਾਲਸਾ, ਜਤਿੰਦਰ ਸਿੰਘ ਸਿੰਘਾਪੁਰ, ਅਨੂ ਖੰਨੀ, ਦੀਪਕ ਸ਼ਰਮਾ, ਸਤਵਿੰਦਰ ਸਿੰਘ ਮਿੰਟੂ, ਰਵਜੋਤ ਰਾਓ, ਰੇਸ਼ਮ ਲਾਲ ਸਮੇਤ ਵੱਖ ਵੱਖ ਪਿੰਡਾਂ ਦੇ ਵਲੰਟੀਅਰ ਵਰਕਰ ਵੋਟਰ ਸਪੋਰਟਰ ਹਾਜ਼ਰ ਸਨ।

ਮਿਡ ਡੇ ਮੀਲ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ : ਧਾਲੀਵਾਲ

ਜਲੰਧਰ, (ਸ਼ੈਲੀ ਐਲਬਰਟ)-ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਵਲੋਂ ਜ਼ਿਲ੍ਹਾ ਜਲੰਧਰ ਦੇ ਵੱਖ-ਵੱਖ ਸਕੂਲਾਂ ਵਿੱਚ ਸਕੂਲੀ ਵਿਦਿਆਰਥੀਆਂ ਨੂੰ ਦਿੱਤੀ ਜਾ ਰਹੀ ਮਿਡ ਡੇਅ ਮੀਲ ਅਤੇ ਰਾਸ਼ਨ ਡਿਪੂਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਉਨ੍ਹਾਂ ਵਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਹਿਤਪੁਰ, ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਮਹਿਤਪੁਰ, ਸਰਕਾਰੀ ਪ੍ਰਾਇਮਰੀ ਸਕੂਲ ਸ਼ਾਹਪੁਰ, ਆਂਗਣਵਾੜੀ ਸੈਂਟਰ ਰਸੂਲਪੁਰ, ਗੁਰੂ ਹਰਗੋਬਿੰਦ ਬੇਟ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮਹਿਤਪੁਰ, ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਖਾਨਪੁਰ, ਆਂਗਣਵਾੜੀ ਸੈਂਟਰ ਨੰਬਰ 5 ਤੇ 6 ਅੱਪਰਾ, ਸਰਕਾਰੀ ਐਲੀਮੈਂਟਰੀ ਸਕੂਲ ਅਪਰਾ, ਸਰਕਾਰੀ ਹਾਈ ਸਮਾਰਟ ਸਕੂਲ ਅਪਰਾ, ਆਂਗਣਵਾੜੀ ਸੈਂਟਰ ਨੰਬਰ 1 ਅਤੇ 2, ਸਰਕਾਰੀ ਪ੍ਰਾਇਮਰੀ ਸਕੂਲ ਮਰੋਨ ਤੋਂ ਇਲਾਵਾ ਰਾਸ਼ਨ ਡਿਪੂ ਤਲਾਬ ਵਾਲਾ ਮੁਹੱਲਾ ਅਤੇ ਮਹੀਮਪੁਰ, ਸ਼ਾਦੀ ਖਾਨ ਮੁਹੱਲਾ ਮਹਿਤਪੁਰ ਅਤੇ ਫਿਲੌਰ ਵਿਖੇ ਰਾਸ਼ਨ ਡਿਪੂਆਂ ਦਾ ਦੌਰਾ ਕਰਕੇ ਜਾਂਚ ਕੀਤੀ ਗਈ। ਇਸ ਮੌਕੇ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਚੇਤਨ ਪ੍ਰਕਾਸ਼ ਧਾਲੀਵਾਲ ਨੇ ਵੱਖ-ਵੱਖ ਅਧਿਕਾਰੀਆਂ ਅਤੇ ਸਕੂਲ ਅਧਿਆਪਕਾਂ ਨੂੰ ਕਿਹਾ ਕਿ ਮਿਡ ਡੇਅ ਮੀਲ ਸਬੰਧੀ ਸਕੂਲ ਵਿਦਿਆਰਥੀਆਂ ਨੂੰ ਖਾਣਾ ਸੁਚੱਜੇ ਢੰਗ ਨਾਲ ਪਰੋਸਿਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਮਿਡ ਡੇਅ ਮੀਲ ਸਬੰਧੀ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਦਿੱਤਾ ਜਾਣ ਵਾਲਾ ਖਾਣਾ ਸਾਫ਼-ਸੁਥਰਾ ਤੇ ਪੂਰੀ ਤਰ੍ਹਾਂ ਪੌਸ਼ਟਿਕ ਹੋਣਾ ਚਾਹੀਦਾ ਹੈ। ਉਨ੍ਹਾਂ ਰਾਸ਼ਨ ਡਿਪੂ ਮਾਲਕਾਂ ਨੂੰ ਕਿਹਾ ਕਿ ਉਹ ਆਪਣੇ ਡਿਪੂਆਂ ਉਤੇ ਵੱਖ-ਵੱਖ ਸਕੀਮਾਂ ਅਤੇ ਲੋੜੀਂਦੀ ਜਾਣਕਾਰੀ ਸਬੰਧੀ ਬੋਰਡ ਜ਼ਰੂਰ ਲਗਾਉਣ ਤਾਂ ਜੋ ਲੋਕਾਂ ਨੂੰ ਸਮੇਂ ਸਿਰ ਸੂਚਨਾ ਮਿਲ ਸਕੇ। ਇਸ ਮੌਕੇ ਉਨ੍ਹਾਂ ਨੇ ਸਕੂਲੀ ਬੱਚਿਆਂ ਨਾਲ ਮਿਡ ਡੇਅ ਮੀਲ ਸਬੰਧੀ ਗੱਲਬਾਤ ਵੀ ਕੀਤੀ ਗਈ।

ਸੀਚੇਵਾਲ ਇੰਗਲੈਂਡ ਦੀ ਫੇਰੀ ਤੋਂ ਪਰਤੇ ਭਾਰਤ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ) ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ 20 ਦਿਨਾਂ ਦੀ ਵਿਦੇਸ਼ ਯਾਤਰਾ ਤੋਂ ਬਾਅਦ ਸਵਦੇਸ਼ ਪਰਤ ਆਏ ਹਨ। ਨਿਰਮਲ ਕੁਟੀਆ ਸੀਚੇਵਾਲ ਤੇ ਸੁਲਤਾਨਪੁਰ ਲੋਧੀ ਪਹੁੰਚਣ ਤੇ ਉਹਨਾਂ ਦਾ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸੰਤ ਸੀਚੇਵਾਲ ਇੰਗਲੈਂਡ ਤੋਂ ਵਾਪਸ ਆਉਂਦੇ ਸਾਰ ਹੀ ਪਿੰਡ ਗੱਟਾ ਮੁੰਡੀ ਕਾਸੂ ਪਹੁੰਚੇ ਜਿੱਥੇ ਸਤਲੁਜ 'ਚ ਆਏ ਹੜ੍ਹ ਦੌਰਾਨ ਵੱਡਾ ਪਾੜ ਪੈ ਗਿਆ ਸੀ। ਉੱਥੇ ਬੰਨ੍ਹ ਦੀ ਮਜ਼ਬੂਤੀ ਲਈ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਅਜੇ ਵੀ ਜਿਸ ਇਲਾਕੇ ਵਿੱਚ ਹੜ੍ਹ ਦਾ ਪਾਣੀ ਖੜ੍ਹਾਂ ਹੈ ਉੱਥੇ ਮੋਟਰਾਂ ਚਲਾ ਕੇ ਪਾਣੀ ਕੱਢਿਆ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਦੀ ਜ਼ਮੀਨਾਂ ਅਗਲੀ ਫਸਲ ਲਈ ਤਿਆਰ ਕੀਤੀਆਂ ਜਾ ਸਕਣ। ਹੜ੍ਹਾਂ ਦੌਰਾਨ ਸਤਲੁਜ ਦਰਿਆ ਵੱਲੋਂ ਵੱਡੇ ਪੱਧਰ ਤੇ ਮਿੱਟੀ ਬਾਹਰ ਕੱਢੇ ਜਾਣ ਨਾਲ ਖੇਤਾਂ ਵਿੱਚ ਤਿੰਨ ਤੋਂ ਚਾਰ ਫੁੱਟ ਜੰਮੀ ਗਾਰ ਨੂੰ ਵੀ ਕੱਢਿਆ ਜਾ ਰਿਹਾ ਹੈ। ਖੇਤਾਂ ਵਿੱਚੋਂ ਮਿੱਟੀ ਚੁੱਕਣ ਦੇ ਕੰਮਾਂ ਵਿੱਚ ਤੇਜ਼ੀ ਲਿਆਉਣ ਦੀਆਂ ਹਿਦਾਇਤਾਂ ਦਿੱਤੀਆਂ ਤਾਂ ਜੋ ਦਰਿਆ ਵਿੱਚ ਕੱਢੀ ਜਾ ਰਹੀ ਮਿੱਟੀ ਨੂੰ ਬੰਨ੍ਹ ਦੀ ਮਜ਼ਬੂਤੀ ਲਈ ਵਰਤੀ ਜਾ ਸਕੇ। ਇਸ ਮੌਕੇ ਸੰਤ ਸੁਖਜੀਤ ਸਿੰਘ, ਸੁਰਜੀਤ ਸਿੰਘ ਸ਼ੰਟੀ, ਜਥੇਦਾਰ ਬਲਵਿੰਦਰ ਸਿੰਘ ਸਰੂਪਵਾਲ, ਦਇਆ ਸਿੰਘ ਤੇ ਬੰਨ੍ਹਾਂ ਦੇ ਨਾਲ ਲੱਗਦੇ ਪਿੰਡਾਂ ਦੇ ਸਰਪੰਚ ਪੰਚ ਤੇ ਇਲਾਕੇ ਦੇ ਲੋਕ ਹਾਜ਼ਰ ਸਨ।

ਗੁੱਗਾ ਜ਼ਾਹਰ ਪੀਰ ਦਾ ਸਾਲਾਨਾ ਮੇਲਾ 20 ਨੂੰ

ਕਾਲਾ ਸੰਘਿਆਂ (ਮਨਜੀਤ ਮਾਨ) ਬਾਬਾ ਗੁੱਗਾ ਜ਼ਾਹਰ ਪੀਰ ਦਾ ਸਾਲਾਨਾ ਮੇਲਾ ਕਸਬਾ ਕਾਲਾ ਸੰਘਿਆਂ ਆਲਮਗੀਰ ਮੁਹੱਲਾ ਮੋਤੀ ਨਗਰ ਵਿਖੇ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਬਲਵੀਰ ਚੌਹਾਨ ਦੀ ਅਗਵਾਈ ਹੇਠ ਸਾਲਾਨਾ ਪਿੰਡ ਇਲਾਕਾ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 20 ਸਤੰਬਰ ਨੂੰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।

20 ਸਤੰਬਰ ਨੂੰ ਸਵੇਰੇ 10 ਵਜੇ ਝੰਡੇ ਦੀ ਰਸਮ ਹੋਵੇਗੀ ਉਪਰੰਤ ਗੁੱਗਾ ਜਾਹਰ ਪੀਰ ਦੀਆਂ ਕਥਾਵਾਂ ਕਰਨ ਵਾਲੀਆਂ ਜੋੜੀਆਂ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਨਗੀਆ ਇਸ ਤੋਂ ਉਪਰੰਤ ਵਾਲਮੀਕਿ ਕੌਮ ਦੇ ਪੰਥਕ ਕੀਰਤਨੀਏ ਗੌਰਵ ਭਗਵਾਨ ਵਾਲਮੀਕਿ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕਰਨਗੇ ਮੌਕੇ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਸਖਸੀਅਤਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ 23 ਨੂੰ

ਕਾਲਾ ਸੰਘਿਆਂ (ਮਨਜੀਤ ਮਾਨ) ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ 23 ਸਤੰਬਰ ਨੂੰ ਪਿੰਡ ਮੱਲ੍ਹੀਆ ਖੁਰਦ ਜਿਲ੍ਹਾ ਜਲੰਧਰ ਵਿਖੇ ਨੌਜਵਾਨ ਸਭਾ ਵੱਲੋਂ ਪਿੰਡ ਇਲਾਕਾ ਸਮੂਹ ਗ੍ਰਾਮ ਪੰਚਾਇਤ ਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਸਰਕਾਰੀ ਹਾਈ ਸਕੂਲ ਦੀ ਗਰਾਊਂਡ ਵਿਖੇ ਬਹੁਤ ਹੀ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। 23 ਸਤੰਬਰ ਨੂੰ ਦਿਨੇ 6 ਲੜਕੀਆਂ ਦੇ ਆਨੰਦ ਕਾਰਜ ਕਰਵਾਏ ਜਾਣਗੇ ਤੇ ਰਾਤ ਨੂੰ ਪੰਜਾਬ ਦੇ ਪੰਥਕ ਕਥਾ ਵਾਚਕ ਭਾਈ ਸੁਲੱਖਣ ਸਿੰਘ, ਕਵੀਸ਼ਰ ਭਾਈ ਪ੍ਰਿਤਪਾਲ ਸਿੰਘ ਬਰਗਾੜੀ, ਕਥਾ ਵਾਚਕ ਭਾਈ ਹਰਪ੍ਰੀਤ ਸਿੰਘ ਮੱਖੂ ਤੇ ਸ਼੍ਰੋਮਣੀ ਪੰਥਕ ਢਾਡੀ ਭਾਈ ਸੁਰਜੀਤ ਸਿੰਘ ਵਾਰਿਸ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਨਿਹਾਲ ਕਰਨਗੇ।

ਨਵੀਂ ਦਿਸ਼ਾ ਵੱਲ

14-SEP-PAGE-1.qxd 9/13/2023 10:14 PM Page 2

ਪੈਨੇਸੀਆ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਸੂਬਾ ਪੱਧਰੀ ਨੈੱਟਬਾਲ ਮੁਕਾਬਲੇ ਲਈ ਚੁਣੇ

ਜਲਾਲਾਬਾਦ (ਸਤਨਾਮ ਸਿੰਘ/ਜੀਤ ਕੁਮਾਰ)-ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਕਰਾਏ ਗਏ ਜ਼ਿਲ੍ਹਾ ਪੱਧਰੀ ਸਕੂਲ ਖੇਡ ਮੁਕਾਬਲੇ ਵਿੱਚ ਨੈੱਟਬਾਲ 'ਚ ਜਲਾਲਾਬਾਦ ਦੇ ਪੈਨੇਸੀਆ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਲੜਕਿਆਂ ਦੀ ਅੰਡਰ 14, 17 ਤੇ 19 ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣਾ, ਸਕੂਲ ਦਾ ਤੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ ਸੀ। ਇਨ੍ਹਾਂ ਵਿਦਿਆਰਥੀਆਂ ਨੂੰ ਸਕੂਲ ਵਿਚ ਪ੍ਰਿੰਸੀਪਲ ਰਮਨਪ੍ਰੀਤ ਕੌਰ ਤੇ ਮੈਨੇਜਮੈਂਟ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ। 67ਵੀਆਂ ਸਕੂਲ ਖੇਡਾਂ ਜ਼ਿਲ੍ਹਾ ਪੱਧਰੀ ਨੈੱਟਬਾਲ ਟੂਰਨਾਮੈਂਟ ਅੰਡਰ-14 (ਲੜਕੇ) ਵਿਚ ਐਵਿਸ਼ ਕੰਬੋਜ, ਮਨਪ੍ਰੀਤ ਜਈਆ, ਮਨਿੰਦਰ ਸਿੰਘ, ਹਰਨੂਰ ਸਿੰਘ, ਉਸ਼ਾਨ, ਰਾਜਨ ਕੰਬੋਜ, ਜਸਕਰਨ ਸਿੰਘ, ਹਰਿੰਦਰ ਸਿੰਘ, ਅਮਨਦੀਪ ਸਿੰਘ, ਗੁਰਪ੍ਰਸ਼ਾਤ ਨੇ ਖੇਡ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਇਸੇ ਤਰ੍ਹਾਂ ਅੰਡਰ-17 (ਲੜਕੇ) ਵਿਚ ਪ੍ਰਿੰਸ ਕੁਮਾਰ, ਏਕਮ ਸੰਧੂ, ਅੰਮ੍ਰਿਤਪਾਲ ਸਿੰਘ, ਸਕਸ਼ਮ, ਅਮਨਦੀਪ, ਮਨਿੰਦਰ, ਅਸੀਮ, ਅਮਨਜੋਤ ਨੇ ਖੇਡ ਕੇ ਪਹਿਲ ਸਥਾਨ ਹਾਸਲ ਕੀਤਾ ਹੈ। ਅੰਡਰ-19 (ਲੜਕੇ) ਵਿੱਚ ਸੁਖਪ੍ਰੀਤ ਸਿੰਘ, ਕਾਰਤਿਕ, ਜਸ਼ਨਦੀਪ ਸਿੰਘ, ਗੌਤਮ, ਗੁਰਜੋਤ, ਨਵਜੋਤ ਸਿੰਘ, ਵਰੁਨ ਵਿਲਾਸਰਾ ਨੇ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸਕੂਲ ਦੇ 24 ਖਿਡਾਰੀ ਸੂਬਾ ਪੱਧਰੀ ਮੁਕਾਬਲੇ ਲਈ ਚੁਣੇ ਗਏ ਹਨ। ਉਨ੍ਹਾਂ ਕੋਚ 'ਤੇ ਡੀ ਪੀ ਈ ਓਮ ਪ੍ਰਕਾਸ਼ ਵੱਲੋਂ ਕਰਾਈ ਗਈ ਮਿਹਨਤ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਨੂੰ ਵੀ ਸ਼ਾਬਾਸ਼ ਦਿੱਤੀ। ਪ੍ਰਿੰਸੀਪਲ ਰਮਨਪ੍ਰੀਤ ਕੌਰ ਨੇ ਕਿਹਾ ਕਿ ਲੜਕੀਆਂ ਵੱਲੋਂ ਵੀ ਨੈੱਟਬਾਲ ਵਿੱਚ ਉਮਦਾ ਪ੍ਰਦਰਸ਼ਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਕਰਾਟੇ, ਅਥਲੈਟਿਕਸ, ਬਾਕਸਿੰਗ 'ਚ ਵੀ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਉਮਦਾ ਪ੍ਰਦਰਸ਼ਨ ਕੀਤਾ ਹੈ, ਜੋ ਆਉਣ ਵਾਲੇ ਦਿਨਾਂ ਵਿਚ ਸਨਮਾਨਤ ਕੀਤੇ ਜਾਣਗੇ।

21 ਪਿਸਤੌਲਾਂ ਸਮੇਤ ਪੁਲਸ ਵੱਲੋਂ ਦੋ ਕਾਬੂ

ਦਿੜ੍ਹਬਾ (ਜਸਵੀਰ ਲਾਡੀ)-ਮੁਖਵਿੰਦਰ ਸਿੰਘ ਛੀਨਾ, ਅਡੀਸ਼ਨਲ ਡਾਇਰੈਕਟਰ ਜਨਰਲ ਪੁਲਿਸ, ਪਟਿਆਲਾ ਰੇਂਜ ਪਟਿਆਲਾ ਵੱਲੋਂ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਤਹਿਤ ਸ੍ਰੀ ਸੁਰੇਂਦਰ ਲਾਂਬਾ, ਸੰਗਰੂਰ ਦੀ ਅਗਵਾਈ ਹੇਠ ਸ੍ਰੀ ਪਲਵਿੰਦਰ ਸਿੰਘ ਚੀਮਾ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਸੰਗਰੂਰ ਅਤੇ ਪ੍ਰਿਥਵੀ ਸਿੰਘ ਚਹਿਲ, ਉਪ ਕਪਤਾਨ ਪੁਲਿਸ ਸਬ ਡਵੀਜ਼ਨ ਦਿੜਬਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਥਾਣੇਦਾਰ ਪ੍ਰਤੀਕ ਜਿੰਦਲ ਮੁੱਖ ਅਫਸਰ ਥਾਣਾ ਛਾਜਲੀ ਸਮੇਤ ਪੁਲਿਸ ਪਾਰਟੀ ਇਤਲਾਹ ਮਿਲਣ 'ਤੇ ਮਹਿਲਾਂ ਚੌਕ ਵਿਖੇ ਪੁੱਜੇ ਤਾਂ 02 ਸ਼ੱਕੀ ਵਿਅਕਤੀ ਪੁਲਸ ਨੂੰ ਵੇਖ ਕੇ ਖਿਸਕਣ ਲੱਗੇ, ਜਿਨ੍ਹਾਂ ਨੂੰ ਪੁਲਸ ਪਾਰਟੀ ਵੱਲੋਂ ਰਾਊਂਡਅਪ ਕਰਕੇ ਤਲਾਸ਼ੀ ਲੈਣ 'ਤੇ ਉਨ੍ਹਾਂ ਦੇ ਬੈਗ ਵਿੱਚੋਂ 21 ਪਿਸਟਲ ਬਰਾਮਦ ਕੀਤੇ ਗਏ, ਜਿਨ੍ਹਾਂ ਦੀ ਪਛਾਣ ਬਲਜਿੰਦਰ ਸਿੰਘ ਉਰਫ ਰੌਕ ਉਰਫ ਰੋਹਿਤ ਪੁੱਤਰ ਗੁਰਮੀਤ ਸਿੰਘ ਵਾਸੀ ਮਕਾਨ ਨੰਬਰ 48 ਬੀ, ਗਲੀ ਨੰਬਰ 2, ਨੇੜੇ ਆਨੰਦਪੁਰੀ ਕਾਲੀ ਸੜਕ ਲੁਧਿਆਣਾ ਤੇ ਕਰਨ ਸ਼ਰਮਾ ਪੁੱਤਰ ਸ਼ਿਵ ਕੁਮਾਰ ਸਰਮਾ ਵਾਸੀ ਮਕਾਨ ਨੰਬਰ 251, ਗਲੀ ਨੰਬਰ 03, ਨਵੀ ਕੁੰਦਨਪੁਰੀ ਸਿਵਲ ਲਾਇਨ ਲੁਧਿਆਣਾ ਦੇ ਰੂਪ ਵਿੱਚ ਕੀਤੀ ਗਈ, ਜਿਨ੍ਹਾਂ ਖਿਲਾਫ਼ ਅ/ਧ 24(7-1)/54/59 (2019) ਥਾਣਾ ਛਾਜਲੀ ਦਰਜ ਰਜਿਸਟਰ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ। ਤਫ਼ਤੀਸ਼ ਦੋਸ਼ੀਆਂ ਦੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਕਿ ਦੋਸ਼ੀ ਲੁਧਿਆਣਾ ਤੋਂ ਮੱਧ ਪ੍ਰਦੇਸ਼ ਵਿਖੇ ਨਜਾਇਜ਼ ਅਸਲਾ ਲੈਣ ਲਈ ਗਏ ਸਨ, ਜਿੱਥੋਂ ਉਹ ਵਾਪਸ ਆਉਂਦੇ ਹੋਏ ਬੱਸ ਬਦਲੀ ਕਰਨ ਲਈ ਮਹਿਲਾਂ ਚੌਕ ਤੋਂ ਉਤਰੇ ਸਨ, ਜਿੱਥੋਂ ਪੁਲਸ ਪਾਰਟੀ ਵੱਲੋਂ ਇਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਅੱਗੇ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਅਸਲਾ ਉਕਤ ਦੋਸ਼ੀਆਂ ਪਾਸੋਂ ਰਾਜੀਵ ਕੌਸਲ ਉਰਫ ਗੁੱਗੂ ਉਰਫ ਗੁਗਲੂ ਪੁੱਤਰ ਸੁਰਿੰਦਰ ਕੌਸਲ ਵਾਸੀ ਪਿੰਡ ਦੇਹਲਾ, ਜ਼ਿਲ੍ਹਾ ਊਨਾ, ਹਿਮਾਚਲ ਪ੍ਰਦੇਸ਼ ਨੇ ਮੰਗਵਾਇਆ ਸੀ, ਤੇ ਉਸ ਨੇ ਹੀ ਮੱਧ ਪ੍ਰਦੇਸ਼ ਦੇ ਗੈਰਕਾਨੂੰਨੀ ਹਥਿਆਰ ਬਣਾਉਣ ਵਾਲੇ ਬੰਦੇ ਨਾਲ ਰਾਬਤਾ ਕਰਾਇਆ ਸੀ। ਇਨ੍ਹਾਂ ਦੀ ਪੁੱਛ-ਗਿੱਛ 'ਤੇ ਇਨ੍ਹਾਂ ਦੇ ਆਉਣ ਜਾਣ ਅਤੇ ਹੋਰ ਖਰਚਿਆਂ ਦੇ ਸਬੰਧ ਵਿੱਚ ਰਾਜੀਵ ਕੌਸਲ ਦੇ ਇਸ਼ਾਰੇ 'ਤੇ ਪੈਸੇ ਟਰਾਂਸਫਰ ਕਰਨ ਵਾਲ ਹੇਮੰਤ ਮਨਤਾ ਪੁੱਤਰ ਕੁਲਵਿੰਦਰ ਸਿੰਘ ਵਾਸੀ ਵਾਰਡ ਨੰਬਰ 02, ਗਲੀ ਨੰਬਰ 06, ਮਕਾਨ ਨੰਬਰ 1636 ਨਿਊ ਬਸੰਤ ਵਿਹਾਰ ਕਾਕੂਆਲ ਰੋਡ ਲੁਧਿਆਣਾ, ਥਾਣਾ ਬਸਤੀ ਜੋਧੇਵਾਲ ਦੀ ਪਛਾਣ ਕਰਕੇ ਉਸ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਦੇਸੀ ਰਾਜੀਵ ਕੌਸਲ ਉਰਫ ਗੰਗੂ ਨੂੰ ਜ਼ਿਲ੍ਹਾ ਜੇਲ ਫ਼ਿਰੋਜ਼ਪੁਰ ਤੋਂ ਪ੍ਰੋਡਕਸ਼ਨ ਵਾਰੰਟ ਪਰ ਲਿਆ ਕੇ ਮੁਕੱਦਮੇ 'ਚ ਗ੍ਰਿਫ਼ਤਾਰ ਕੀਤਾ ਗਿਆ।

ਰਾਜੀਵ ਕੌਸ਼ਲ ਦੀ ਅੱਗੇ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਕਿ ਰਾਜੀਵ ਕੌਸ਼ਲ ਦਾ ਰਾਬਤਾ ਰਵੀ ਬਲਾਚੌਰੀਆ ਤੇ ਲਾਰੈਂਸ ਬਿਸ਼ਨੋਈ ਦੇ ਗੈਂਗਾਂ ਦੇ ਕੁੱਝ ਅਪਰਾਧੀਆਂ ਨਾਲ ਹੈ ਅਤੇ ਇਸ ਨੇ ਰਵੀ ਬਲਾਚੌਰੀਆ ਦੇ ਕਹਿਣ 'ਤੇ ਇਹ ਹਥਿਆਰ ਮੱਧ ਪ੍ਰਦੇਸ ਤੋਂ ਮੰਗਵਾਏ ਸਨ, ਜਿਨ੍ਹਾਂ ਨੂੰ ਅੱਗੇ ਮੋਹਾਲੀ, ਖਰੜ ਅਤੇ ਨਵਾਂਸ਼ਹਿਰ ਦੇ ਵੱਖ-ਵੱਖ ਅਪਰਾਧੀਆਂ ਨੂੰ ਸਪਲਾਈ ਕੀਤਾ ਜਾਣਾ ਸੀ। ਇਸ ਕੇਸ ਨੂੰ ਟਰੇਸ ਕਰਨ ਲਈ ਇੰਸਪੈਕਟਰ ਅਮਰੀਕ ਸਿੰਘ, ਇੰਚਾਰਜ ਸੀ.ਆਈ.ਏ ਸੰਗਰੂਰ, ਥਾਣੇਦਾਰ ਪ੍ਰਤੀਕ ਜਿੰਦਲ ਮੁੱਖ ਅਫਸਰ ਥਾਣਾ ਛਾਜਲੀ, ਥਾਣੇਦਾਰ ਸੰਦੀਪ ਸਿੰਘ, ਮੁੱਖ ਅਫ਼ਸਰ ਥਾਣਾ ਦਿੜਬਾ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ ਹੈ।

ਟੈਲੀ ਮਾਨਸਿਕ ਸਿਹਤ ਦਾ ਪੋਸਟਰ ਜਾਰੀ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਨਸ਼ਾ ਛੁਡਾਓ ਕੇਂਦਰ ਸਿਵਲ ਹਸਪਤਾਲ ਫਿਰੋਜ਼ਪੁਰ ਵੱਲੋਂ ਸਵੱਸਥ ਮੈਂ ਸਵੱਸਥ ਤਨ ਤਹਿਤ ਸਿਵਲ ਸਰਜਨ ਡਾ. ਰਜਿੰਦਰਪਾਲ ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮੇਜ ਗੁਰਾਇਆ ਦੀ ਰਹਿਨੁਮਈ ਹੇਠ ਡਾਕਟਰ ਰਚਨਾ ਮਿੱਤਲ ਅਤੇ ਡਾਕਟਰ ਨਵਦੀਪ ਸੋਈ ਦੀ ਅਗਵਾਈ ਵਿੱਚ ਨਸ਼ਾ ਛੁਡਾਓ ਕੇਂਦਰ ਦੇ ਮਰੀਜ਼ਾਂ ਦੇ ਇਕੱਠੇ ਨੂੰ ਸੰਬੋਧਨ ਕਰਦੇ ਹੋਏ ਜਾਰੀ ਕੀਤਾ ਗਿਆ। ਡਾ. ਨਵਦੀਪ ਸੋਈ ਅਤੇ ਡਾਕਟਰ ਰਚਨਾ ਮਿੱਤਲ ਨੇ ਦੱਸਿਆ ਕਿ ਮਾਨਸਿਕ ਸਿਹਤ ਕੀ ਹੈ, ਇਸ ਨੂੰ ਤੰਦਰੁਸਤ ਕਿਵੇਂ ਰੱਖਿਆ ਜਾ ਸਕਦਾ ਹੈ, ਉਨ੍ਹਾਂ ਟੈਲੀ ਮਾਨਸਿਕ ਪ੍ਰੋਗਰਾਮ 'ਤੇ ਵਿਸ਼ੇਸ਼ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਜੋ ਲੋਕ ਆਪਣੀ ਮਾਨਸਿਕ ਸਮੱਸਿਆ ਕਿਸੇ ਨਾਲ ਸਾਂਝੀ ਕਰਨ ਤੋਂ ਝਿਜਕਦੇ ਹਨ ਜਾਂ ਆਪਣੇ ਮਨ ਅੰਦਰ ਇਹ ਡਰ ਪੈਦਾ ਕਰੀ ਬੈਠੇ ਹਨ ਕਿ ਅਸੀਂ ਦਿਮਾਗ ਵਾਲੇ ਡਾਕਟਰ (ਸਾਇਕੈਟਰਿਸਟ) ਕੋਲ ਗਏ ਤਾਂ ਲੋਕ ਕੀ ਸੋਚਣਗੇ ਤਾਂ ਉਹ ਲੋਕ ਭਾਰਤ ਸਰਕਾਰ ਵੱਲੋਂ ਚਲਾਏ ਪ੍ਰੋਗਰਾਮ ਟੈਲੀ ਮਾਨਸਿਕ ਸਿਹਤ ਪ੍ਰੋਗਰਾਮ ਦੁਆਰਾ ਜਾਰੀ ਕੀਤੇ ਟੋਲ ਫਰੀ ਨੰਬਰ 14416 ਜਾਂ 1800-891-4416 'ਤੇ ਸੰਪਰਕ ਕਰਕੇ ਆਪਣੀ ਮਾਨਸਿਕ ਸਿਹਤ ਨਾਲ ਸਬੰਧਤ ਸਮੱਸਿਆ ਦਾ ਹੱਲ ਕਰ ਸਕਦੇ ਹਨ ।ਇਹ ਟੈਲੀ ਮਾਨਸਿਕ ਸਿਹਤ ਸੇਵਾ 24/7 ਘੰਟੇ ਉਪਲਬਧ ਹੈ।ਇਸ ਮੌਕੇ ਸਾਈਕੋਲੋਜਿਸਟ ਪ੍ਰੇਮਜੀਤ ਸਿੰਘ, ਸਾਇਕਾਇਰਿਕ ਸੋਸ਼ਲ ਵਰਕਰ ਗਗਨਦੀਪ ਕੌਰ, ਕੌਂਸਲਰ ਰਮਨਦੀਪ ਕੌਰ ਅਮਿਤਾ ਚੋਪੜਾ, ਸਟਾਫ਼ ਨਰਸ ਸਮਿਕਸ਼ਾ ਅਤੇ ਸਮੂਹ ਸਟਾਫ ਹਾਜ਼ਰ ਸਨ।

ਸਕਸ਼ਮ ਭਠੇਜਾ ਦਾ ਮੀਤ ਪ੍ਰਧਾਨ ਬਣਨ ਮਗਰੋਂ ਨਿੱਘਾ ਸਵਾਗਤ

ਮੁਕਤਸਰ (ਸ਼ਮਿੰਦਰਪਾਲ, ਪੂਜਾ)-ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਦੇ ਉਮੀਦਵਾਰ ਸਕਸ਼ਮ ਭਠੇਜਾ ਦਾ ਜੀਜੀਡੀ ਐਸਡੀ ਕਾਲਜ ਚੰਡੀਗੜ੍ਹ ਦਾ ਵਾਈਸ ਪ੍ਰਧਾਨ ਬਨਣ ਮਗਰੋਂ ਸੋਮਵਾਰ ਦੀ ਦੇਰ ਸ਼ਾਮ ਆਪਣੇ ਜੱਦੀ ਸ਼ਹਿਰ ਮੁਕਤਸਰ ਪਹੁੰਚਣ 'ਤੇ ਨਿੱਘਾ ਸਵਾਗਤ ਹੋਇਆ। ਮਲੋਟ ਰੋਡ 'ਤੇ ਢੋਲ-ਧਮਾਕਿਆਂ ਦੇ ਸ਼ੋਰਗੁੱਲ 'ਚ ਹਾਰ ਪਵਾ ਕੇ ਤੇ ਫੁੱਲਾਂ ਦੀ ਵਰਖਾ ਕਰਦਿਆਂ ਸਕਸ਼ਮ ਭਠੇਜਾ ਦਾ ਸਵਾਗਤ ਹੋਇਆ। ਦੱਸ ਦੇਈਏ ਕਿ ਸਕਸ਼ਮ ਭਠੇਜਾ ਸ੍ਰੀ ਮੁਕਤਸਰ ਸਾਹਿਬ ਭਾਜਪਾ ਮੰਡਲ-1 ਦੇ ਪ੍ਰਧਾਨ ਰਾਜਕੁਮਾਰ ਭਠੇਜਾ ਮੋਲੂ ਦੇ ਬੇਟੇ ਹਨ, ਜਿਹੜੇ ਬੀਤੇ ਦਿਨੀਂ ਜੀਜੀਡੀ ਐਸਡੀ ਕਾਲਜ ਚੰਡੀਗੜ੍ਹ ਦੇ ਵਾਈਸ ਪ੍ਰਧਾਨ ਬਣੇ ਨੇ। ਇਸ ਮੌਕੇ ਜਿੱਥੇ ਪਰਵਾਰਕ ਮੈਂਬਰ ਤਾਂ ਮੌਜੂਦ ਸਨ ਹੀ, ਉੱਥੇ ਹੀ ਭਾਜਪਾ ਸਰਕਲ 2 ਪ੍ਰਧਾਨ ਹਰੀਸ਼ ਵਾਟਸ, ਮੁਕਤਸਰ ਵਿਧਾਨ ਸਭਾ ਚੋਣ ਇੰਚਾਰਜ ਪੁਸ਼ਪਿੰਦਰ ਭੰਡਾਰੀ, ਸਤੀਸ਼ ਭਟੇਜਾ, ਭੰਵਰ ਲਾਲ, ਸੰਦੀਪ ਗਿਰਧਰ, ਮੁਕੇਸ਼ ਸੂਰੀਆ, ਰਾਜੀਵ ਦਾਬੜਾ, ਪੰਕਜ ਪਠੇਲਾ, ਅਭਿਮਨ ਪਠੇਲਾ, ਰਾਜਨ ਬਾਂਸਲ, ਅਖਿਲ ਭਾਰਤੀ, ਮੋਰਧਵਾਜ ਸੇਠੀ, ਬਾਬਾ ਖੇਤਰਪਾਲ ਸੇਵਾਦਾਰ ਸੁਸਾਇਟੀ ਦੇ ਪ੍ਰਧਾਨ ਨਰੇਸ਼ ਕੋਚਾ, ਪ੍ਰਿੰਸ ਪਸਰੀਚਾ, ਅਭੀ ਗਰਗ, ਆਰੀਅਨ ਮਦਾਨ, ਅਸ਼ੋਕ ਨਾਰੰਗ, ਮੰਗਤ ਚਾਵਲਾ, ਪ੍ਰਿੰਸ ਖੁਰਾਣਾ ਫੋਟੋਗ੍ਰਾਫ਼ਰ ਸਮੇਤ ਵੱਡੀ ਗਿਣਤੀ 'ਚ ਸ਼ਹਿਰ ਦੇ ਪਤਵੰਤੇ ਲੋਕ ਹਾਜ਼ਰ ਸਨ।

ਯੁਵਾ ਸੰਵਾਦ ਪ੍ਰੋਗਰਾਮ 'ਚ 300 ਨੌਜਵਾਨਾਂ ਨੇ ਲਿਆ ਹਿੱਸਾ

ਰਾਮਪੁਰਾ ਫੂਲ (ਦਰਸ਼ਨ ਜਿੰਦਲ)

ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸਨਜ ਢੱਡੇ ਵਿਖੇ ਗਿਆਨਦੀਪ ਸਿੱਖਿਆ ਸਮਿਤੀ ਬਠਿੰਡਾ ਵੱਲੋਂ ਨਹਿਰੂ ਯੁਵਾ ਕੇਂਦਰ ਬਠਿੰਡਾ ਦੇ ਸਹਿਯੋਗ ਨਾਲ ਯੁਵਾ ਸੰਵਾਦ ਪ੍ਰੋਗਰਾਮ ਕਰਾਇਆ ਗਿਆ। ਇਸ ਮੌਕੇ ਦਿਆਲ ਦਾਸ ਸੋਢੀ (ਉਪ ਪ੍ਰਧਾਨ ਬੀ.ਜੀ.ਪੀ) ਨੇ ਮੁੱਖ ਮਹਿਮਾਨ ਦੇ ਤੌਰ ਤੇ ਸਿਰਕਤ ਕੀਤੀ। ਉਨ੍ਹਾਂ ਤੋਂ ਇਲਾਵਾ ਬਲਦੇਵ ਸਿੰਘ ਅਕਲੀਆ, ਮਾਸਟਰ ਜਗਸੀਰ ਸਿੰਘ ਢੱਡੇ ਤੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਮੁੱਖ ਬੁਲਾਰੇ ਦੇ ਤੌਰ 'ਤੇ ਪਹੁੰਚੇ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਹਰਸ਼ਰਨ ਸਿੰਘ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਨਹਿਰੂ ਯੁਵਾ ਕੇਂਦਰ ਦੇ ਪ੍ਰੋਗਰਾਮ 'ਤੇ ਚਾਨਣਾ ਪਾਇਆ। ਕਾਲਜ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਐਮ.ਡੀ ਗੁਰਬਿੰਦਰ ਸਿੰਘ, ਡਾਇਰੈਕਟਰ ਐਡਮਨਿਸ਼ਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਇਹ ਨਹਿਰੂ ਯੁਵਾ ਕੇਂਦਰ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਜੋ ਸਕੂਲਾਂ, ਕਾਲਜਾਂ ਵਿੱਚ ਜਾ ਕੇ ਵਿਦਿਆਰਥੀ ਤੇ ਹੋਰ ਨੌਜਵਾਨਾਂ ਵਿੱਚ ਦੇਸ਼ ਦੀ ਤਰੱਕੀ ਲਈ ਜਜਬਾ ਪੈਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਜਾ ਕੇ ਲੋਕਾਂ ਅਤੇ ਨੌਜਵਾਨਾਂ ਨੂੰ ਸਰਕਾਰ ਦੇ ਪ੍ਰੋਗਰਾਮਾਂ ਤੋ ਜਾਣੂ ਕਰਾਇਆ ਜਾਵੇ। ਪ੍ਰੋਗਰਾਮ ਦਾ ਮੁੱਖ ਵਿਸ਼ਾ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਲਏ ਗਏ ਪੰਜ ਸੰਕਲਪ ਹਨ। ਮੁੱਖ ਮਹਿਮਾਨ ਦਿਆਲ ਦਾਸ ਨੇ ਪੰਜ ਸੰਕਲਪਾਂ ਬਾਰੇ ਵਿਸਥਾਰ ਸਹਿਤ ਨੌਜਵਾਨਾਂ ਨੂੰ ਜਾਣੂ ਕਰਾਇਆ ਜਿਨ੍ਹਾਂ ਵਿੱਚ ਵਿਕਾਸ, ਦੇਸ਼ ਭਗਤੀ, ਵਿਚਾਰਾਂ ਦੀ ਆਜਾਦੀ, ਨੈਤਿਕ ਕਦਰਾਂ ਕੀਮਤਾਂ ਨੂੰ ਆਪਣੀ ਜ਼ਿੰਦਗੀ ਵਿੱਚ ਲਾਗੂ ਕਰਨ ਦੀ ਪ੍ਰੇਰਣਾ ਦਿੱਤੀ। ਇਨ੍ਹਾਂ ਤੋ ਇਲਾਵਾ ਪ੍ਰੋ. ਸੋਨਦੀਪ ਕੌਰ ਤੇ ਯੂਥ ਆਗੂ ਹਰਵਿੰਦਰ ਸਿੰਘ ਨੇ ਵੀ ਨੌਜਵਾਨਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਸਾਰੇ ਹੀ ਬੁਲਾਰਿਆਂ ਨੇ ਯੂਥ ਕਲੱਬਾਂ ਦੇ ਕੰਮ ਕਾਜ, ਸਵੱਛਤਾ ਅਭਿਆਨ, ਯੂਥ ਲੀਡਰਸ਼ਿਪ ਤੇ ਸਮਾਜਿਕ ਕੰਮਾਂ ਵਿਚ ਵਧ-ਚੜ੍ਹ ਕੇ ਹਿੱਸਾ ਪਾਉਣ ਲਈ ਕਿਹਾ।

ਪ੍ਰੋਗਰਾਮ ਵਿੱਚ 300 ਦੇ ਕਰੀਬ ਨੌਜਵਾਨਾਂ ਨੇ ਹਿੱਸਾ ਲਿਆ। ਇਸ ਦੌਰਾਨ ਨੌਜਵਾਨਾਂ ਨੇ ਆਪਣੇ ਵਿਚਾਰ ਵੀ ਰੱਖੇ ਤੇ ਆਏ ਮਹਿਮਾਨਾਂ ਤੋਂ ਸਵਾਲ ਵੀ ਪੁੱਛੇ ਅਤੇ ਜਾਣਕਾਰੀ ਵਿੱਚ ਵਾਧਾ ਕੀਤਾ। ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਵੱਲੋਂ ਗਿਆਨਦੀਪ ਸਿੱਖਿਆ ਸਮਿਤੀ ਦੀ ਟੀਮ, ਨਹਿਰੂ ਯੁਵਾ ਕੇਂਦਰ ਤੇ ਸਾਰੇ ਮਹਿਮਾਨਾਂ ਦਾ ਕਾਲਜ ਵੱਲੋਂ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਵਿੱਚ ਦੇਸ਼ ਭਗਤੀ ਦਾ ਜਜ਼ਬਾ ਭਰਨ ਦੀ ਲੋੜ ਹੈ। ਨੈਤਿਕ ਕਦਰਾਂ-ਕੀਮਤਾਂ, ਨਸ਼ਿਆਂ ਸੰਬੰਧੀ ਜਾਗਰੂਕਤਾ ਤੇ ਸਵੈ ਰੁਜ਼ਗਾਰ ਦੇ ਮੌਕੇ ਪੈਦਾ ਕਰਨੇ ਸਰਕਾਰ ਦੀ ਜ਼ਿੰਮੇਵਾਰੀ ਹੈ ਤਾਂ ਜੁ ਨਰੋਏ ਭਾਰਤ ਦਾ ਨਿਰਮਾਣ ਹੋ ਸਕੇ ਤੇ ਫਿਰ ਹੀ ਅਸੀਂ ਵਿਕਸਿਤ ਭਾਰਤ ਦਾ ਸੁਪਨਾ ਦੇਖ ਸਕਦੇ ਹਾਂ। ਸਾਰੇ ਨੌਜਵਾਨਾਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ ਸੀ। ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜਾਨਚੀ ਮੈਡਮ ਪ੍ਰਸ਼ੋਤਮ ਕੌ

14-Sep-PAGE-11.qxd 9/13/2023 10:22 PM Page 1

ਭਰਤੀ ਕਰਵਾਉਣ ਦੇ ਨਾਂਅ 'ਤੇ 94 ਲੱਖ ਠੱਗਣ ਵਾਲੇ ਦੇ ਘਰ ਧਰਨਾ

ਕਲਾਨੌਰ (ਮਨਦੀਪ ਕੁਮਾਰ)-ਕਸਬਾ ਕਲਾਨੌਰ ਤਖਤ ਰੋਡ ਤੇ ਬੁੱਧਵਾਰ ਨੂੰ ਰੇਲਵੇ ਅਤੇ ਫੌਜ ਵਿੱਚ ਭਰਤੀ ਕਰਵਾਉਣ ਲਈ 16 ਮੈਂਬਰਾਂ ਤੋਂ 94 ਲੱਖ ਰੁਪਏ ਠੱਗਣ ਵਾਲੇ ਏਜੰਟ ਦੇ ਘਰ ਅੱਗੇ ਪੀੜਤ ਪਰਿਵਾਰ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਧਰਨਾ ਦਿੱਤਾ ਗਿਆ ਅਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਪੀੜਤ ਪਰਿਵਾਰ ਦੇ ਆਗੂਆਂ ਨੇ ਕਿਹਾ ਕਿ ਜਦ ਤੱਕ ਇਹ ਬੰਦਾ ਸਾਡੇ ਪੈਸੇ ਵਾਪਿਸ ਨਹੀਂ ਕਰੇਗਾ ਉਸ ਸਮੇਂ ਤੱਕ ਅਸੀਂ ਧਰਨੇ 'ਤੇ ਹੀ ਬੈਠੇ ਰਹਾਂਗੇ। ਇਸ ਮੌਕੇ ਗੁਲਜ਼ਾਰ ਸਿੰਘ ਵਾਸੀ ਚਮਿਆਰੀ ਜ਼ਿਲ੍ਹਾ ਅੰਮ੍ਰਿਤਸਰ ਨੇ ਦੱਸਿਆ ਕਿ ਉਨ੍ਹਾਂ ਨੇ ਅਤੇ 16 ਹੋਰ ਵਿਅਕਤੀਆਂ ਨੇ ਕਲਾਨੌਰ ਦੇ ਏਜੰਟ ਦੇ ਝਾਂਸੇ ਵਿੱਚ ਆ ਕੇ ਰੇਲਵੇ ਅਤੇ ਫੌਜ ਵਿੱਚ ਭਰਤੀ ਹੋਣ ਲਈ 94 ਲੱਖ ਰੁਪਇਆ ਦਿੱਤਾ ਹੈ। ਇਸ ਮੌਕੇ ਉਨ੍ਹਾਂ ਨੇ ਸਰਕਾਰ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਮੰਗ ਕੀਤੀ ਕੀ ਸਾਨੂੰ ਜਲਦੀ ਤੋਂ ਜਲਦੀ ਇਨਸਾਫ ਦਿੱਤਾ ਜਾਵੇ ਅਤੇ ਇਸਦੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਗੁਲਜਾਰ ਸਿੰਘ, ਜਗੀਰ ਸਿੰਘ, ਬਖਸ਼ੀਸ ਸਿੰਘ, ਮਨਜੀਤ ਸਿੰਘ, ਪ੍ਰਗਟ ਸਿੰਘ, ਜੁਗਰਾਜ ਸਿੰਘ ਆਦਿ ਸਾਰੇ ਹੀ ਤੀਰਥ ਪਰਿਵਾਰਾਂ ਦੇ ਮੈਂਬਰ ਹਾਜ਼ਰ ਸਨ।

ਇਤਿਹਾਸਕ ਨਗਰ ਵਾਂ ਤਾਰਾ ਸਿੰਘ 'ਚ ਗਿਰਜਾਘਰ ਬਣਾਉਣ ਖਿਲਾਫ ਇੱਕਜੁਟ ਹੋਏ ਪਿੰਡ ਵਾਸੀ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਅਠਾਰ੍ਹਵੀਂ ਸਦੀ ਦੇ ਮਹਾਨ ਸ਼ਹੀਦ ਭਾਈ ਤਾਰਾਂ ਸਿੰਘ ਵਾਂ ਜੀ ਦੀ ਜਨਮ ਭੂਮੀ ਵਾਂ ਤਾਰਾਂ ਸਿੰਘ 'ਚ ਇਸਾਈ ਧਰਮ ਵੱਲੋਂ ਗਿਰਜਾਘਰ ਬਣਾਉਣ ਵਿਰੁੱਧ ਪਿੰਡ ਵਾਸੀਆਂ ਵੱਲੋਂ ਵਿਰੋਧ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਵਾਸੀਆਂ ਅਤੇ ਸਿੱਖ ਜਥੇਬੰਦੀਆਂ ਵੱਲੋਂ ਗਿਰਜਾਘਰ ਦੀ ਉਸਾਰੀ ਨੂੰ ਰੋਕਣ ਲਈ ਇੱਕ ਲਿਖਤੀ ਦਰਖਾਸਤ ਥਾਣਾ ਖਾਲੜਾ ਵਿਖੇ ਦਰਜ ਕਰਵਾਈ ਗਈ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਸਤਿਕਾਰ ਕਮੇਟੀ ਆਗੂ ਭਾਈ ਰਣਜੀਤ ਸਿੰਘ ਉਧੋਕੇ ਅਤੇ ਭਾਈ ਜੁਗਰਾਜ ਸਿੰਘ ਵਾਂ ਨੇ ਦੱਸਿਆ ਕਿ ਭਾਈ ਤਾਰਾਂ ਸਿੰਘ ਵਾਂ ਜਿਨ੍ਹਾਂ ਨੇ ਸਿੱਖੀ ਨੂੰ ਕਾਇਮ ਰੱਖਣ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ, ਦੀ ਜਨਮ ਭੂਮੀ ਤੇ ਇਸਾਈ ਧਰਮ ਦੇ ਲੋਕਾਂ ਵੱਲੋਂ ਗੈਰ ਕਾਨੂੰਨੀ ਢੰਗ ਨਾਲ ਗਿਰਜਾਘਰ ਉਸਾਰਣ ਦੀ ਕੋਸ਼ਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡ ਵਾਂ ਤਾਰਾ ਸਿੰਘ ਦੇ ਹੀ ਰਹਿਣ ਵਾਲੇ ਕੁਝ ਕੁ ਸ਼ਰਾਰਤੀ ਅਨਸਰਾਂ ਵੱਲੋਂ ਪਿੰਡ ਦੇ ਇੱਕ ਜ਼ਿਮੀਦਾਰ ਪਰਿਵਾਰ ਦੀ ਨੰਬਰੀ ਜਗ੍ਹਾ ਤੇ ਕਬਜ਼ਾ ਕਰਕੇ ਗਿਰਜਾਘਰ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਉਪਰੋਕਤ ਗਿਰਜਾਘਰ ਜ਼ਿਲ੍ਹਾ ਪ੍ਰਸਾਸਨ ਦੀ ਮਨਜੂਰੀ ਤੋਂ ਬਿਨਾਂ ਬਣਾਇਆ ਜਾ ਰਿਹਾ ਹੈ। ਇਸ ਮੌਕੇ ਭਾਈ ਜੁਗਰਾਜ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਕਿਸੇ ਵੀ ਧਰਮ ਨੂੰ ਠੇਸ ਪਹੁੰਚਾਉਣਾ ਨਹੀਂ ਹੈ, ਪ੍ਰੰਤੂ ਉਹ ਭਾਈ ਤਾਰਾ ਸਿੰਘ ਵਾਂ ਜਿਨ੍ਹਾਂ ਨੇ ਸਿੱਖ ਕੌਮ ਦੀ ਚੜ੍ਹਦੀ ਕਲ੍ਹਾ ਲਈ ਸਹਾਦਤ ਦਾ ਜਾਮ ਪੀਤਾ, ਦੀ ਜਨਮ ਭੂਮੀ ਤੇ ਗਿਰਜਾਘਰ ਨਹੀਂ ਬਣਨ ਦੇਣਗੇ। ਇਸ ਮੌਕੇ ਪਿੰਡ ਵਾਂ ਦੇ ਵਸਨੀਕ ਰਣਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦੇ ਕੁਝ ਕੁ ਵਿਅਕਤੀ ਜੋ ਇਸਾਈ ਧਰਮ ਦੇ ਹਨ, ਪਿੰਡ ਦੇ ਹੀ ਵਿਅਕਤੀ ਦੀ ਜਮੀਨ ਤੇ ਕਬਜ਼ਾ ਕਰਕੇ ਗਿਰਜਾਘਰ ਬਣਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਕਬਜੇ ਸੰਬੰਧੀ ਉਨ੍ਹਾਂ ਵੱਲੋਂ ਇੱਕ ਲਿਖਤੀ ਦਰਖਾਸਤ ਥਾਣਾ ਖਾਲੜਾ ਵਿਖੇ ਦਰਜ ਕਰਵਾਈ ਗਈ ਹੈ। ਇਸ ਮੌਕੇ ਉਨ੍ਹਾਂ ਡੀਜੀਪੀ ਪੰਜਾਬ ਅਤੇ ਐੱਸਐੱਸਪੀ ਤਰਨ ਤਾਰਨ ਨੂੰ ਅਪੀਲ ਕੀਤੀ ਕਿ ਇਤਿਹਾਸਕ ਪਿੰਡ ਵਾਂ ਤਾਰਾਂ ਸਿੰਘ ਵਿੱਚ ਬਿਨਾਂ ਮਨਜੂਰੀ ਤੋਂ ਗਿਰਜਾਘਰ ਬਣਾਉਣ ਦੀ ਕੋਸ਼ਿਸ਼ ਕਰਨ ਵਾਲੇ ਵਿਅਕਤੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਉੱਧਰ ਜਦੋਂ ਇਸ ਮਾਮਲੇ ਸੰਬੰਧੀ ਇਸਾਈ ਭਾਈਚਾਰੇ ਨਾਲ ਸਬੰਧਤ ਕੁਲਵਿੰਦਰ ਸਿੰਘ ਨਾਮਕ ਵਿਅਕਤੀ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਭਾਈਚਾਰੇ ਵੱਲੋਂ ਮਿਲ ਕੇ ਬੰਦਗੀ ਕਰਨ ਲਈ ਗਿਰਜਾਘਰ ਬਣਾਇਆ ਜਾ ਰਿਹਾ ਹੈ। ਕੁਲਵਿੰਦਰ ਸਿੰਘ ਦਾ ਕਹਿਣਾ ਸੀ ਕਿ ਗਿਰਜਾਘਰ ਦੀ ਉਸਾਰੀ ਸਬੰਧੀ ਉਨ੍ਹਾਂ ਨੇ ਪ੍ਰਸਾਸਨ ਪਾਸੋਂ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਮਨਜੂਰੀ ਮਨਜੂਰੀ ਨਹੀਂ ਲਈ ਅਤੇ ਗਿਰਜਾਘਰ ਬਣਾਉਣ ਵਾਲੀ ਜਗ੍ਹਾ 'ਤੇ ਵੀ ਉਨ੍ਹਾਂ ਕਬਜ਼ਾ ਕੀਤਾ ਹੈ। ਇਸ ਮਾਮਲੇ ਸੰਬੰਧੀ ਜਦੋਂ ਥਾਣਾ ਖਾਲੜਾ ਦੇ ਐਸਐਚਓ ਬਲਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਦੋਵਾਂ ਧਿਰਾਂ ਨੂੰ ਥਾਣੇ ਆਉਣ ਲਈ ਸੂਚਿਤ ਕੀਤਾ ਗਿਆ ਹੈ। ਥਾਣਾ ਮੁਖੀ ਖਾਲੜਾ ਦਾ ਕਹਿਣਾ ਸੀ ਕਿ ਇਨਵੈਸਟੀਗੇਸ਼ਨ ਤੋਂ ਬਾਅਦ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਪੋਤਰੇ ਵੱਲੋਂ ਧੱਕੇ ਮਾਰ ਕੇ ਘਰੋਂ ਕੱਢਣ 'ਤੇ 90 ਸਾਲਾ ਬਜ਼ੁਰਗ ਦਾਦੀ ਦਰ-ਦਰ ਠੋਕਰਾਂ ਖਾਣ ਲਈ ਮਜਬੂਰ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)- ਘਰ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਤਹਿਤ ਪੈਸੇ ਖੋਹ ਕੇ ਘਰੋਂ ਧੱਕੇ ਮਾਰ ਕੇ ਬਾਹਰ ਕੱਢਣ ਤੇ ਵਾਪਿਸ ਘਰ ਨਾ ਵੜਨ 'ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੇ ਜਾਣ ਕਾਰਨ ਘਰੋਂ ਬੇਘਰ ਹੋਈ ਇੱਕ ਬਜ਼ੁਰਗ ਔਰਤ ਨੂੰ ਉਸਦੇ ਸਕੇ ਪੋਤਰੇ ਦੁਆਰਾ ਦਰ-ਦਰ ਠੋਕਰਾਂ ਖਾਣ ਲਈ ਮਜ਼ਬੂਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ।

ਇਸ ਸੰਬੰਧੀ ਸਥਾਨਕ ਸ਼ਹਿਰ ਅਜਨਾਲਾ ਵਿਖੇ ਪ੍ਰਸਿੰਨ ਕੌਰ ਪਤਨੀ ਦਲੀਪ ਸਿੰਘ ਉਮਰ ਕਰੀਬ 90 ਸਾਲ ਨੇ ਪ੍ਰੈੱਸ ਨੂੰ ਪੁਲਸ ਪ੍ਰਸ਼ਾਸਨ ਸਣੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਿੱਤੀਆਂ ਦਰਖਾਸਤਾਂ ਦੇ ਹਵਾਲੇ ਤਹਿਤ ਆਪਣਾ ਦੁੱਖ ਬਿਆਨ ਕਰਦਿਆਂ ਦੱਸਿਆ ਕਿ ਉਹ ਪਿੰਡ ਜਸਰਾਊਰ (ਨੇੜੇ ਅਜਨਾਲਾ), ਤਹਿਸੀਲ ਲੋਪੋਕੇ ਜ਼ਿਲ੍ਹਾ ਅੰਮ੍ਰਿਤਸਰ ਦੀ ਰਹਿਣ ਵਾਲੀ ਹੈ ਅਤੇ ਬੁਢਾਪਾ ਪੈਨਸ਼ਨ ਹੀ ਮਾਤਰ ਉਸਦੇ ਜੀਵਨ ਦਾ ਸਹਾਰਾ ਹੈ ਜਦੋਂਕਿ ਉਸਦਾ ਸਕਾ ਪੋਤਰਾ ਮਨਪ੍ਰੀਤ ਸਿੰਘ ਨਸੇ ਕਰਨ ਦਾ ਆਦੀ ਹੋਣ ਕਰਕੇ ਬੁਰੀ ਸੰਗਤ ਵਿੱਚ ਪਿਆ ਹੋਇਆ ਹੈ ਜਿਸ ਕਰਕੇ ਉਸਦੇ ਪੋਤਰੇ ਨੇ ਪਹਿਲਾਂ ਵੀ ਘਰ ਦਾ ਸਾਰਾ ਸਾਮਾਨ ਵੇਚ ਦਿੱਤਾ ਹੈ ਜਿਸ ਕਰਕੇ ਉਹ ਜਦੋਂ ਵੀ ਇਸ ਨੂੰ ਕਈ ਵਾਰ ਰੋਕਦੀ ਹੈ ਤਾਂ ਉਸ ਦਾ ਉਕਤ ਨਸ਼ੇੜੀ ਪੋਤਰਾ ਜੋ ਪਹਿਲਾਂ ਵੀ 2 ਕਤਲਾਂ ਦੇ ਮਾਮਲਿਆਂ 'ਚ ਜ਼ਮਾਨਤ ਤੇ ਜੇਲ੍ਹ ਤੋਂ ਬਹਾਰ ਆਇਆ ਹੋਇਆ ਹੈ। ਇਸ ਮੌਕੇ ਉਕਤ ਬਜ਼ੁਰਗ ਔਰਤ ਨੇ ਆਪਣੇ ਪੋਤਰੇ ਤੇ ਆਪਣੀ ਮਾਰ-ਕੁਟਾਈ ਦੋਸ਼ ਲਾਉਂਦੇ ਹੋਏ ਕਿਹਾ ਕਿ ਮੇਰੇ ਪੋਤਰੇ ਮਨਪ੍ਰੀਤ ਸਿੰਘ ਨੇ ਉਸਦੀ ਕੁੱਟ-ਮਾਰ ਕਰਕੇ ਉਸਦੇ ਪੈਸੇ ਖੋਹ ਕੇ ਉਸ ਨੂੰ ਘਰੋਂ ਬਾਹਰ ਕੱਢ ਦਿੱਤਾ ਹੈ ਅਤੇ ਉਹ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦਾ ਹੋਇਆ ਕਹਿੰਦਾ ਹੈ ਉਸ ਨੇ ਪਹਿਲਾਂ ਵੀ 2 ਕਤਲ ਕੀਤੇ ਹੋਏ ਹਨ, ਹੁਣ ਉਸੇ ਤਰ੍ਹਾਂ ਗਲ ਘੁੱਟ ਕੇ ਤੈਨੂੰ ਵੀ ਮਾਰ ਦੇਣਾ ਹੈ। ਇਸ ਮੌਕੇ ਬਜ਼ੁਰਗ ਮਾਤਾ ਨੇ ਕਿਹਾ ਕਿ ਉਹ ਬਜ਼ੁਰਗ ਹੋਣ ਕਰਕੇ ਹੋਰ ਕੋਈ ਕੰਮ ਕਰ ਨਹੀਂ ਕਰ ਸਕਦੀ ਅਤੇ ਉਸ ਦਾ ਪੋਤਰਾ ਉਸਦਾ ਬੁਢਾਪੇ ਵਿੱਚ ਪਾਲਣ ਪੋਸਣ ਕਰਨ ਅਤੇ ਦਵਾ-ਦਾਰੂ ਦੇਣ ਦੀ ਬਜਾਏ ਉਸਦੀ ਬੁਢਾਪਾ ਪੈਨਸ਼ਨ ਵੀ ਉਸ ਕੋਲੋਂ ਖੋਹ ਲੈਂਦਾ ਹੈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਉਸਨੇ ਆਪਣੇ ਪੋਤਰੇ ਖਿਲਾਫ ਪੁਲਸ ਥਾਣਾ ਭਿੰਡੀ ਸੈਦਾਂ , ਐੱਸਡੀਐੱਮ ਲੋਪੋਕੇ ਤੇ ਹੋਰ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਰਖਾਸਤਾਂ ਦਿੱਤੀਆਂ ਹਨ , ਪਰ ਸਥਾਨਕ ਪੁਲਸ ਸਣੇ ਕਿਸੇ ਵੀ ਪ੍ਰਸ਼ਾਸ਼ਨਿਕ ਅਧਿਕਾਰੀ ਵੱਲੋਂ ਉਸਦੇ ਬੇ-ਰਹਿਮ ਪੋਤਰੇ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।

ਇਸ ਮੌਕੇ ਪੀੜਤ ਬਜ਼ੁਰਗ ਦਾਦੀ ਨੇ ਪੁਲਸ ਤੇ ਸਿਵਲ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਛੇਤੀ ਤੋਂ ਛੇਤੀ ਬਣਦੀ ਕਾਰਵਾਈ ਕਰਕੇ ਉਸ ਦੇ ਨਸ਼ੇੜੀ ਪੋਤਰੇ ਤੋਂ ਉਸ ਦੀ ਜਾਨ ਤੇ ਮਾਲ ਦੀ ਰਾਖੀ ਨਾ ਕੀਤੀ ਗਈ ਉਸ ਦੇ ਕਤਲ ਦੇ ਜ਼ਿੰਮੇਵਾਰ ਸੰਬੰਧਿਤ ਪ੍ਰਸ਼ਾਸਨਿਕ ਅਧਿਕਾਰੀ ਹੋਣਗੇ। ਉਧਰ ਉਕਤ ਬਜ਼ੁਰਗ ਔਰਤ ਵੱਲੋਂ ਦਿੱਤੇ ਗਏ ਫੋਨ ਨੰਬਰ ਤੇ ਪੁਲਸ ਥਾਣਾ ਭਿੰਡੀ ਸੈਦਾਂ ਦੀ ਇੱਕ ਮਹਿਲਾ ਅਧਿਕਾਰੀ ਨੂੰ ਵਾਰ-ਵਾਰ ਫੋਨ ਕਰਨ 'ਤੇ ਵੀ ਉਨ੍ਹਾਂ ਵੱਲੋਂ ਫੋਨ ਨਹੀਂ ਸੁਣਿਆ ਗਿਆ ਜਦੋਂਕਿ ਇਸ ਸੰਬੰਧ 'ਚ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਜ਼ਿਲ੍ਹਾ ਅੰਮ੍ਰਿਤਸਰ ਨੇ ਵੀ ਫੋਨ ਨਹੀਂ ਚੁੱਕਿਆ ਜਿਸ ਕਾਰਨ ਇਨ੍ਹਾਂ ਦਾ ਪੱਖ ਨਹੀਂ ਲਿਆ ਜਾ ਸਕਿਆ ।

ਗੁਰਦੀਪ ਰੰਧਾਵਾ ਦੀ ਅਗਵਾਈ 'ਚ ਸੈਂਕੜੇ ਗੱਡੀਆਂ ਤੇ ਵਰਕਰਾਂ ਦਾ ਕਾਫਲਾ ਅੰਮ੍ਰਿਤਸਰ ਰਵਾਨਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਅੱਜ ਗੁਰੂ ਨਗਰੀ ਸ੍ਰੀ ਅਮ੍ਰਿਤਸਰ ਵਿਖੇ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਆਮਦ ਨੂੰ ਲੈ ਕੇ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਸੈਂਕੜੇ ਗੱਡੀਆਂ ਤੇ 30 ਬੱਸਾ ਅਤੇ ਸੈਂਕੜੇ ਵਰਕਰਾਂ ਦਾ ਕਾਫਲਾ ਰਵਾਨਾ ਹੋਇਆ। ਇਸ ਮੌਕੇ ਗੱਲਬਾਤ ਦੌਰਾਨ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਕਰਨ ਲਈ ਦਿੱਲੀ ਦੀ ਤਰਜ਼ ਤੇ ਸਕੂਲ ਆਫ ਐਮੀਨੈਂਸ ਦੇ ਪਹਿਲੇ ਸਕੂਲ ਦਾ ਉਦਘਾਟਨ ਕਰਨ ਲਈ ਪਾਰਟੀ ਸੁਪਰੀਮੋ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਗੁਰੂ ਨਗਰੀ ਸ੍ਰੀ ਅਮ੍ਰਿਤਸਰ ਤੋਂ ਸ਼ੁਰੂਆਤ ਕਰਨ ਜਾ ਰਹੇ ਹਨ। ਇਸ ਇਤਿਹਾਸਕ ਫੈਸਲੇ ਨਾਲ ਜਿਸ ਤਰ੍ਹਾਂ ਨੌਜਵਾਨ ਦਿੱਲੀ ਦੇ ਸਕੂਲ ਆਫ ਐਮੀਨੈਂਸ ਵਿੱਚ ਪੜ੍ਹ ਕੇ ਵੱਡੇ ਮੁਕਾਮ ਹਾਸਲ ਕਰ ਰਹੇ ਹਨ ਉਸੇ ਦੀ ਤਰਜ਼ ਤੇ ਪੰਜਾਬ ਦੇ ਨੌਜਵਾਨ ਇਨ੍ਹਾਂ ਸਕੂਲਾਂ ਵਿੱਚ ਪੜ੍ਹ ਕੇ ਬੁਲੰਦੀਆਂ ਤੇ ਪਹੁੰਚਣਗੇ ਜੋ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਸਪਨਾ ਹੈ।

ਰੰਧਾਵਾ ਨੇ ਦੱਸਿਆ ਕਿ ਇਸ ਤਰਾਂ ਦੇ ਸਕੂਲ ਹਰ ਪਿੰਡ ਅਤੇ ਕਸਬੇ ਵਿੱਚ ਖੋਲ੍ਹੇ ਜਾਣਗੇ ਤਾਂ ਕਿ ਪੰਜਾਬ ਦੇ ਨੌਜਵਾਨ ਅਫਸਰ ਬਣ ਕੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣਗੇ। ਇਸ ਮੌਕੇ ਪਲਵਿੰਦਰ ਸਿੰਘ ਰੰਧਾਵਾ, ਮਾ:ਕੁਲਜੀਤ ਸਿੰਘ, ਗੁਰਦੇਵ ਸਿੰਘ ਸ਼ਾਹਪੁਰ, ਤਜਿੰਦਰ ਸਿੰਘ ਮਾਨ, ਕੈਪਟਨ ਜਸਬੀਰ ਸਿੰਘ ਕਹਿਲੋ ਬਾਂਗਰ ਵਡਾਲਾ, ਪਰਦੀਪ ਸਿੰਘ ਆੜਤੀ, ਸਰਪੰਚ ਅੰਗਰੇਜ਼ ਸਿੰਘ ਕਠਿਆਲਾ, ਪੀ. ਏ. ਲਵਪ੍ਰੀਤ ਸਿੰਘ, ਪੀ. ਏ ਹਰਦੇਵ ਸਿੰਘ, ਐਡਵੋਕੇਟ ਜਸ਼ਨਪ੍ਰੀਤ ਸਿੰਘ, ਨਿਰਮਲ ਸਿੰਘ ਦੋਸਤਪੁਰ, ਹਰਦਿਆਲ ਸਿੰਘ ਰਾਜੇਕੇ, ਕੈਪਟਨ ਕਸਮੀਰ ਸਿੰਘ ਮਲੇਵਾਲ, ਰਸ਼ਪਾਲ ਸਿੰਘ, ਜ਼ਿਲ੍ਹਾ ਵਾਈਸ ਪ੍ਰਧਾਨ, ਮੇਵਾ ਸਿੰਘ ਚੌੜਾ ਖੁਰਦ, ਮੁਖਤਿਆਰ ਸਿੰਘ ਗੱਡੀਆਂ ਕਲਾਂ, ਸੂਬਾ ਸਿੰਘ ਕੁੱਕਰ, ਜਸਵਿੰਦਰ ਸਿੰਘ, ਹੀਰਾ ਮਸੀਹ, ਸਤਨਾਮ ਸਿੰਘ ਫੌਜੀ ਟਰਪੱਲਾ, ਰਜਤ ਮਰਵਾਹਾ, ਬਲਦੇਵ ਸਿੰਘ ਬੱਲੀ ਉਦੋਵਾਲੀ ਖੁਰਦ, ਗੁਰਪ੍ਰੀਤ ਸਿੰਘ ਸੋਨੂੰ, ਸਰਪੰਚ ਕਸ਼ਮੀਰ ਸਿੰਘ ਰਾਜੇਕੇ, ਮਾਸਟਰ ਜਗਦੀਸ਼ ਸਿੰਘ ਰਾਜੇਕੇ, ਗੁਰਦੇਵ ਸਿੰਘ ਵਿਰਕ, ਅਮਨਦੀਪ ਸਿੰਘ ਪਰਾਚਾ, ਸੁਖਦੀਪ ਸਿੰਘ ਹਕੀਮਬੇਗ, ਹੀਰਾ ਸਿੰਘ ਪਰਚਾ, ਸੋਨੂੰ ਰੱਤਾ, ਸਰਪੰਚ ਮੋਹਿੰਦਰ ਸਿੰਘ ਨਿੱਕੋਸਰਾ, ਮਾ: ਬਲਦੇਵ ਸਿੰਘ, ਸੁੱਖ ਤਲਵੰਡੀ ਰਾਮਾ, ਰੇਸ਼ਮ ਸਿੰਘ ਪੱਡਾ, ਮਨਪ੍ਰੀਤ ਪੱਡਾ, ਕੁਲਦੀਪ ਸਿੰਘ ਰੱਤਾ,ਰਾਣਾ ਖੋਦੇਬੇਟ, ਹੈਪੀ ਡੇਹਰੀਵਾਲ ਕਵਲ ਗੁਰਾਇਆ, ਨਵਦੀਪ ਸਿੰਘ ਕਲਾਨੌਰ, ਹਰਪਿੰਦਰ ਰਵਾਲ, ਦਲੇਰ ਸਿੰਘ ਮਾਨ, ਰਮਜੀਤ ਸਿੰਘ, ਦਿਲਬਾਗ ਸਿੰਘ ਪੱਬਾਰਾਲੀ, ਗਗਨ ਕਠਿਆਲਾ, ਰਾਜੂ ਮਸੀਹ, ਹਰਤਾਜ ਪਹਿਲਵਾਨ, ਰਣਜੀਤ ਸਿੰਘ ਛੱਕਰੀ, ਸੁਬੇਗ ਸਿੰਘ ਮੱਲ੍ਹੀ, ਸਰਪੰਚ ਨਿਰਮਲ ਸਿੰਘ ਭਿਖਾਰੀਵਾਲ, ਪਲਵਿੰਦਰ ਸਿੰਘ ਮਾਹਲ, ਸਰਪੰਚ ਕੁਲਰਾਜ ਸਿੰਘ, ਗੁਰਦੀਪ ਸਿੰਘ ਬੋਹੜ ਵਡਾਲਾ, ਜਗਪ੍ਰੀਤ ਸਿੰਘ ਲੋਪਾ, ਰਤਨ ਸਿੰਘ ਗੌਂਸਲ, ਮੰਨਾ ਭੋਜਰਾਜ, ਮੋਹਨ ਮਸੀਹ ਲਖਮਾਨੀਆ, ਸਰਬਜੀਤ ਸਿੰਘ ਸੱਬਾ, ਅਮਰੀਕ ਸਿੰਘ, ਪਲਵਿੰਦਰ ਸਿੰਘ, ਸੁਖਦੇਵ ਸਿੰਘ ਚਰਨਜੀਤ, ਗੋਰਾ ਸਿੰਘ , ਜਗਪ੍ਰੀਤ ਸਿੰਘ, ਬਲਕਾਰ ਸਿੰਘ, ਸੁਰਜਣ ਸਿੰਘ, ਸਵਿੰਦਰ ਸਿੰਘ, ਪਰਮਪਾਲ ਸਿੰਘ, ਸਰਬਜੀਤ ਸਿੰਘ ਨੱਬੀਨੱਗਰ ਆਦਿ ਤੋਂ ਹੋਰ ਵਰਕਰ ਹਾਜ਼ਰ ਸਨ।

'ਆਯੂਸ਼ਮਾਨ ਭਵਯ ਕੰਪੇਨ' ਦਾ ਕੌਮੀ ਪੱਧਰ 'ਤੇ ਉਦਘਾਟਨ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਮਾਣਯੋਗ

14-Sep-PAGE- 12qxd.qxd 9/13/2023 10:23 PM Page 1

ਪਿਪਸ ਦੇ ਖਿਡਾਰੀਆਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)-ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਦੇ ਵਿਦਿਆਰਥੀਆਂ ਨੇ ਜ਼ੋਨ ਅਤੇ ਜ਼ਿਲ੍ਹਾ ਪੱਧਰ 'ਤੇ ਹੋ ਰਹੀਆਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਨਾਮ ਹਾਸਲ ਕੀਤੇ। ਸਕੂਲ ਦੀ ਪ੍ਰਿੰਸੀਪਲ ਅਨੁਰਾਧਾ ਧੀਮਾਨ ਨੇ ਦੱਸਿਆ ਕਿ ਸਕੂਲ ਦੀਆਂ ਅੰਡਰ -14 ਅਤੇ ਅੰਡਰ -19 ਲੜਕੀਆਂ ਦੀ ਵਾਲੀਬਾਲ ਟੀਮ ਨੇ ਜ਼ੋਨ ਪੱਧਰ ਤੇ ਪਹਿਲਾ ਅਤੇ ਅੰਡਰ -17 ਵਾਲੀਬਾਲ ਲੜਕੀਆਂ ਨੇ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ 19 ਅਤੇ ਅੰਡਰ -17 ਲੜਕੀਆਂ ਦੇ ਵਾਲੀਬਾਲ ਟੀਮ ਨੇ ਪਹਿਲਾ ਤੇ ਅੰਡਰ 14 ਲੜਕਿਆਂ ਨੇ ਜ਼ੋਨ ਪੱਧਰ 'ਤੇ ਤੀਜਾ ਸਥਾਨ ਹਾਸਲ ਕੀਤਾ। ਫੁਟਬਾਲ ਅੰਡਰ 14 ਲੜਕੀਆਂ ਦੀ ਟੀਮ ਨੇ ਜ਼ੋਨ ਪੱਧਰ 'ਤੇ ਪਹਿਲਾ ਅਤੇ ਅੰਡਰ -14 ਅਤੇ 19 ਲੜਕਿਆ ਦੀ ਫੁਟਬਾਲ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਅੰਡਰ -19 ਲੜਕੀਆਂ ਦੇ ਬੈਡਮਿੰਟਨ ਡਬਲ ਮੈਚ ਦੌਰਾਨ ਤਰਨਜੋਤ ਕੌਰ ਅਤੇ ਸੁਖਮਨਪ੍ਰੀਤ ਕੌਰ ਨੇ ਪਹਿਲਾ ਅਤੇ ਸਿੰਗਲ ਮੈਚ ਵਿੱਚ ਸਮੀਕਸ਼ਾ ਕਪੂਰ ਨੇ ਦੂਜਾ ਸਥਾਨ ਹਾਸਲ ਕੀਤਾ। ਜਦੋਂ ਕਿ ਅੰਡਰ -14 ਲੜਕੀਆਂ ਨੇ ਬੈਡਮਿੰਟਨ ਡਬਲ ਅਤੇ ਸਿੰਗਲ ਮੈਚ ਦੌਰਾਨ ਸੁਖਮਨੀ ਅਤੇ ਇਸ਼ਾਨ ਨੇ ਜ਼ੋਨ ਪੱਧਰ 'ਤੇ ਪਹਿਲਾ ਸਥਾਨ ਹਾਸਲ ਕੀਤਾ। ਉਨ੍ਹਾਂ ਦੱਸਿਆ ਕਿ ਜਿਲ੍ਹਾ ਪੱਧਰ ਤੇ ਹੋਏ ਹੈਂਡਬਾਲ ਮੁਕਾਬਲਿਆਂ ਵਿੱਚ ਅੰਡਰ 14 ਲੜਕਿਆਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਅੰਡਰ -19 ਲੜਕੀਆਂ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ। ਸਕੂਲ ਦੇ ਵਿਦਿਆਰਥੀ ਜਸਕਰਨ ਸਿੰਘ ਨੇ ਕੁਸ਼ਤੀ 125 ਕਿਲੋਗ੍ਰਾਮ ਫ੍ਰੀਸਟਾਇਲ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਪ੍ਰਾਪਤ ਕੀਤਾ।

ਇਨ੍ਹਾਂ ਜੇਤੂ ਰਹੇ ਵਿਦਿਆਰਥੀਆਂ ਨੂੰ ਸਕੂਲ ਪੁੱਜਣ 'ਤੇ ਕਮੇਟੀ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ ਅਤੇ ਨਿਰਦੇਸ਼ਕਾ ਸ਼ਿੰਦਰਪਾਲ ਕੌਰ ਅਟਵਾਲ ਵੱਲੋਂ ਵਧਾਈ ਸੰਦੇਸ਼ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਖੇਡਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਤੇ ਵਧੀਆ ਪ੍ਰਦਰਸ਼ਨ ਲਈ ਸ਼ੁੱਭਕਾਮਨਾਵਾਂ ਭੇਜੀਆਂ। ਇਸ ਮੌਕੇ ਮੈਨੇਜਰ ਪ੍ਰੀਤਪਾਲ ਕੌਰ ਅਟਵਾਲ, ਵਾਈਸ ਪ੍ਰਿੰਸੀਪਲ, ਪ੍ਰਬੰਧਕ ਸੁਰਜੀਤ ਸਿੰਘ, ਮਨਦੀਪ ਕੌਰ, ਹਰਪ੍ਰੀਤ ਸਿੰਘ, ਨਿਰਮਲਜੀਤ ਸਿੰਘ, ਸਤਨਾਮ ਸਿੰਘ ਅਤੇ ਸੁਨੀਤਾ ਸ਼ਰਮਾ ਆਦਿ ਹਾਜਰ ਸਨ।

ਸ਼ਾਹਕੋਟ ਤੋਂ ਕਾਕੜ ਕਲਾਂ ਦੀ ਅਗਵਾਈ 'ਚ ਵੱਡਾ ਕਾਫਲਾ ਰਵਾਨਾ

ਹਲਕਾ ਇੰਚਾਰਜ ਰਤਨ ਸਿੰਘ ਕਾਕੜ ਕਲਾਂ ਕਾਫਲੇ ਨੂੰ ਰਵਾਨਾ ਕਰਦੇ ਹੋਏ

ਸ਼ਾਹਕੋਟ (ਗਿਆਨ ਸੈਦਪੁਰੀ)- ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਅੰਮ੍ਰਿਤਸਰ ਵਿੱਚ ਕੀਤੇ ਜਾ ਰਹੇ ਸੂਬੇ ਦੇ ਪਹਿਲੇ ਸਕੂਲ ਆਫ ਐਮੀਨੈਂਸ ਦੇ ਉਦਘਾਟਨੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਸ਼ਾਹਕੋਟ ਤੋਂ ਵੱਡਾ ਜਥਾ ਰਵਾਨਾ ਹੋਇਆ। ਇਸ ਕਾਫਲੇ ਵਿੱਚ 30 ਬੱਸਾਂ ਅਤੇ 35-40 ਕਾਰਾਂ ਆਦਿ ਸ਼ਾਮਲ ਸਨ। ਇਸ ਕਾਫਲੇ ਨੂੰ ਹਲਕਾ ਇੰਚਾਰਜ ਰਤਨ ਸਿੰਘ ਕਾਕੜ ਕਲਾਂ ਨੇ ਰਵਾਨਾ ਕੀਤਾ। ਇਸ ਵਿੱਚ ਸਾਰੇ ਬਲਾਕ ਪ੍ਰਧਾਨ, ਸਰਕਲ ਪ੍ਰਧਾਨ ਅਤੇ ਹੋਰ ਅਹੁਦੇਦਾਰ ਸ਼ਾਮਲ ਸਨ। ਰਤਨ ਸਿੰਘ ਕਾਕੜ ਕਲਾਂ ਨੇ ਸਭ ਦਾ ਧੰਨਵਾਦ ਕੀਤਾ।

ਇਹ ਪੰਜਾਬ ਸ਼ਹੀਦਾਂ ਦਾ ਪੰਜਾਬ : ਰਾਜਵਿੰਦਰ ਕੌਰ ਥਿਆੜਾ

ਅੰਮ੍ਰਿਤਸਰ-ਸਾਰਗੜ੍ਹੀ ਦੇ ਸ਼ਹੀਦਾਂ ਦੀ ਲਸਾਨੀ ਸ਼ਹਾਦਤ ਦੇ ਸ਼ਹੀਦਾਂ ਦੀ ਜੰਗੀ ਯਾਦਗਰ ਬਣਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਫਿਰੋਜ਼ਪੁਰ ਵਿਖੇ ਕੀਤੇ ਗਏ ਉਦਘਾਟਨ ਮੌਕੇ ਸਾਰਾਗੜ੍ਹੀ ਦੇ ਸ਼ਹੀਦਾਂ ਦੇ ਪਰਵਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਦੌਰਾਨ ਸੂਬਾ ਸਕੱਤਰ ਕਨਟੇਨਰ ਵੇਅਰਹਾਊਸ ਦੀ ਚੇਅਰਮੈਨ ਰਾਜਵਿੰਦਰ ਕੌਰ ਥਿਆੜਾ ਨੂੰ ਵੀ ਸਨਮਾਨਤ ਕੀਤਾ ਗਿਆ। ਇਨ੍ਹਾਂ 21 ਸੂਰਬੀਰਾਂ ਵਿੱਚ ਮੈਡਮ ਰਾਜਵਿੰਦਰ ਕੌਰ ਦੇ ਨਾਨਾ ਜੀ ਵੀ ਸਨ। ਮੈਡਮ ਰਾਜਵਿੰਦਰ ਕੌਰ ਨੇ ਮੁੱਖ ਮੰਤਰੀ ਪੰਜਾਬ ਦੇ ਉਸ ਬਿਆਨ ਦੀ ਸ਼ਲਾਘਾ ਕੀਤੀ ਕਿ ਜਿੰਨੇ ਵੀ ਮਰਜ਼ੀ ਪੈਸੇ ਲੱਗ ਜਾਣ ਇਹ ਯਾਦਗਾਰ ਜਲਦੀ ਬਣ ਜਾਵੇਗੀ। ਉਨ੍ਹਾਂ ਕਿਹਾ ਪੰਜਾਬ ਸਰਕਾਰ ਵਲੋਂ ਸ਼ਹੀਦਾਂ ਨੂੰ ਬਣਦਾ ਮਾਣ ਸਨਮਾਨ ਦੇਣ ਲਈ ਕੀਤੇ ਜਾ ਰਹੇ ਉਪਰਾਲੇ ਆਉਣ ਵਾਲੀ ਨਵੀਂ ਪੀੜ੍ਹੀ ਨੂੰ ਸ਼ਹੀਦਾਂ ਅਤੇ ਦੇਸ਼ ਲਈ ਦਿੱਤੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਉਣ ਲਈ ਸਹਾਇਕ ਸਾਬਿਤ ਹੋਣਗੇ। ਉਨ੍ਹਾਂ ਕਿਹਾ ਇਹ ਪੰਜਾਬ ਸ਼ਹੀਦਾਂ ਦਾ ਪੰਜਾਬ ਹੈ ਜਿੱਥੇ ਅਨੇਕਾਂ ਹੀ ਮਾਵਾਂ ਦੀ ਕੁੱਖ ਨੇ ਆਪਣੇ ਲਾਡਲਿਆਂ ਨੂੰ ਜਨਮ ਦੇ ਕੇ ਦੇਸ਼ ਅਤੇ ਪੰਜਾਬ ਦੀ ਰੱਖਿਆ ਲਈ ਸਰਹੱਦਾਂ 'ਤੇ ਭੇਜਿਆ ਹੈ। ਉਨ੍ਹਾਂ ਕਿਹਾ ਕਿ ਸਾਰਗੜ੍ਹੀ ਦੇ ਸ਼ਹੀਦਾਂ ਦੀ ਲਸਾਨੀ ਸ਼ਹਾਦਤ ਦੇ ਸ਼ਹੀਦਾਂ ਦੀ ਜੰਗੀ ਯਾਦਗਾਰ ਬਣਨ ਨਾਲ ਸਾਡੇ ਦੇਸ਼ ਅਤੇ ਬਾਹਰੋਂ ਵੱਡੀ ਗਿਣਤੀ ਵਿੱਚ ਲੋਕ ਸਹੀਦਾਂ ਦੀ ਯਾਦਗਾਰ ਵਿਖੇ ਨਤਮਸਤਕ ਹੋਣ ਲਈ ਆਉਣਗੇ। ਉਨ੍ਹਾਂ ਕਿਹਾ ਕਿ ਮੇਰੇ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਮੈਂ ਉਸ ਘਰ ਵਿੱਚ ਜਨਮ ਲਿਆ ਜਿਸ ਵਿੱਚ ਉਨ੍ਹਾਂ ਦੇ ਨਾਨਾ ਜੀ ਨੇ ਆਪਣੇ ਦੇਸ਼ ਅਤੇ ਪੰਜਾਬ ਲਈ ਆਪਣੀ ਸ਼ਹਾਦਤ ਦਿੱਤੀ।

ਅੱਜ 'ਹਿੰਦੀ ਦਿਵਸ' 'ਤੇ ਵਿਸ਼ੇਸ਼

ਕਿਰਨਜੀਤ ਕੌਰ ਦੀ 'ਹਿੰਦੀ ਵਾਟਿਕਾ' ਨੇ ਵਿਦਿਆਰਥੀਆਂ ਨਾਲ ਲਿਵ ਜੋੜੀ

ਬਹਿਰਾਮ (ਅਵਤਾਰ ਕਲੇਰ)- ਬਾਬਾ ਗੋਲਾ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੰਗਾ ਦੇ ਵਿਹੜੇ ਸਜੀ 'ਹਿੰਦੀ ਵਾਟਿਕਾ' ਵਿਦਿਆਰਥੀਆਂ ਲਈ ਚਾਨਣ ਮੁਨਾਰਾ ਸਾਬਤ ਹੋਈ ਹੈ। ਇਸ ਵਾਟਿਕਾ 'ਚ ਹਿੰਦੀ ਭਾਸ਼ਾ ਦੇ ਬਹੁਪੱਖੀ ਵਿਕਾਸ ਸਬੰਧੀ ਕੁਦਰਤੀ ਵਿਧੀ ਰਾਹੀਂ ਅਨੇਕਾਂ ਕਿਰਿਆਵਾਂ ਜੋੜੀਆਂ ਗਈਆਂ ਹਨ। ਵਿਦਿਆਰਥੀ ਵਰਗ ਨੂੰ ਸਰਲ ਅਤੇ ਸਹਿਜ ਅਵਸਥਾ ਰਾਹੀਂ ਹਿੰਦੀ ਨਾਲ ਜੋੜਨ ਲਈ ਹਿੰਦੀ ਅਧਿਆਪਕਾ ਕਿਰਨਜੀਤ ਕੌਰ ਦੇ ਇਸ ਉਪਰਾਲੇ ਦੀ ਵੱਡੇ ਪੱਧਰ 'ਤੇ ਸ਼ਲਾਘਾ ਹੋ ਰਹੀ ਹੈ। ਛੇਵੀਂ ਤੋਂ ਦਸਵੀਂ ਜਮਾਤ ਤੱਕ ਦਰਜ ਸਾਰੇ ਪਾਠ ਇਸ 'ਹਿੰਦੀ ਵਾਟਿਕਾ' 'ਚ ਮੂਰਤੀਆਂ, ਤਸਵੀਰਾਂ ਅਤੇ ਵਸਤੂਆਂ ਰਾਹੀਂ ਰੂਪਮਾਨ ਕੀਤੇ ਗਏ ਹਨ। ਇਸ ਦੇ ਨਾਲ ਹੀ ਹਿੰਦੀ ਦੀ ਬਹੁਪੱਖੀ ਜਾਣਕਾਰੀ ਨੂੰ ਬਾਖੂਬੀ ਢੰਗ ਨਾਲ ਦਰਜ ਕੀਤਾ ਗਿਆ ਹੈ ਅਤੇ ਉਕਤ ਪਾਠਕ੍ਰਮ 'ਚ ਦਰਜ ਕਵਿਤਾਵਾਂ ਦੇ ਹਰ ਸੰਦੇਸ਼ ਨੂੰ ਆਧੁਨਿਕ ਢੰਗ ਨਾਲ ਦ੍ਰਿਸ਼ਵਾਨ ਕੀਤਾ ਗਿਆ ਹੈ। ਇਸ 'ਹਿੰਦੀ ਵਾਟਿਕਾ' ਅੰਦਰ 52 ਅੱਖਰੀ ਵਰਣਮਾਲਾ ਨੂੰ ਮਛਲੀ ਦੇ ਰੂਪ ਸਜਾਇਆ ਗਿਆ ਹੈ, ਸੰਯੁਕਤ ਵਿਅੰਜਨਾਂ ਨੂੰ ਵੱਖ ਵੱਖ ਕ੍ਰਿਤੀਆਂ 'ਤੇ ਉਕੇਰਿਆ ਗਿਆ ਹੈ ਅਤੇ ਕਠਿਨ ਸ਼ਬਦਾਂ ਦੇ ਅਰਥ, ਮਾਤਰਾਵਾਂ, ਵਿਰੋਧੀ ਸ਼ਬਦ, ਹਿੰਦੀ ਸ਼ਬਦਾਂ ਦੇ ਅਨੁਵਾਦ ਆਦਿ ਦੀ ਲੰਬੀ ਤਰਤੀਬ ਵੀ ਇਸ ਵਾਟਿਕਾ ਦਾ ਹਿੱਸਾ ਹੈ। ਦੱਸਣਯੋਗ ਹੈ ਕਿ ਆਜ਼ਾਦੀ ਦੇ ਪ੍ਰਵਾਨਿਆਂ ਅਤੇ ਦੇਸ਼ ਭਗਤਾਂ ਦੀਆਂ ਜੀਵਨੀਆਂ ਅਤੇ ਕੁਰਬਾਨੀਆਂ ਦਾ ਵਰਣਨ ਵੀ ਇਸ ਵਾਟਿਕਾ 'ਚ ਬਾਖੂਬੀ ਦਰਸਾਇਆ ਗਿਆ ਹੈ। ਜਨ ਜੀਵਨ ਦੀਆਂ ਬਾਗੀਕੀਆਂ ਦੇ ਨਾਲ ਨਾਲ ਮਾਂ ਦਾ ਕਮਰਾ, ਸੁਖੀ ਪਰਵਾਰ, ਪਿਆਸਾ ਕਾਂ ਵਰਗੀਆਂ ਕਹਾਣੀਆਂ ਦਰਸਾਉਂਦੇ ਦ੍ਰਿਸ਼ ਤੋਂ ਇਲਾਵਾ ਮੁਹਾਵਰਿਆਂ ਦਾ ਵਿਸਥਾਰ, ਰਸੋਈ ਦਾ ਤਾਜ ਸਬਜ਼ੀਆਂ ਤੇ ਜ਼ਿੰਦਗੀ ਦੇ ਹੋਰ ਰੰਗਾਂ ਦੀ ਰੰਗੋਲੀ ਸਜੀ ਹੋਈ ਹੈ ਅਤੇ ਇਸ ਤਰ੍ਹਾਂ ਹਿੰਦੀ ਦੀ ਬਾਤ ਪਾਉਂਦੇ ਜਾਨਵਰ, ਪੰਛੀ, ਨਦੀਆਂ, ਝਰਨਾ, ਪਹਾੜ ਆਦਿ ਵਿਦਿਆਰਥੀਆਂ ਦਾ ਧਿਆਨ ਖਿੱਚ ਰਹੇ ਹਨ। ਹਿੰਦੀ ਅਧਿਆਪਕਾ ਕਿਰਨਜੀਤ ਕੌਰ ਨੇ ਕਿਹਾ ਕਿ ਵਿਦਿਆਰਥੀ ਵਰਗ ਦਾ ਇਸ ਵਿਧੀ ਰਾਹੀਂ ਹਿੰਦੀ ਨਾਲ ਹਕੀਕੀ ਰੂਪ 'ਚ ਜੋੜਨ ਦਾ ਵਰਤਾਰਾ ਉਨ੍ਹਾਂ ਲਈ ਮਾਣਮਈ ਹੈ। ਹਿੰਦੀ ਦੇ ਜ਼ਿਲ੍ਹਾ ਕੋਆਰਡੀਨੇਟਰ ਰਜਨੀ ਸ਼ਰਮਾ ਅਤੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਜਸਵਿੰਦਰ ਕੌਰ ਨੇ ਇਸ ਹਿੰਦੀ ਵਾਟਿਕਾ ਦੀ ਪ੍ਰਸੰਸਾ ਕਰਦਿਆਂ ਇਸ ਦੇ ਸੰਸਥਾਪਕ ਕਿਰਨਜੀਤ ਕੌਰ ਦੀ ਭਰਪੂਰ ਸ਼ਲਾਘਾ ਕੀਤੀ ਹੈ।

ਸੀਟੀ ਗਰੁੱਪ ਵੱਲੋਂ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਅਵਾਰਡਜ਼ 2023

ਜਲੰਧਰ -(ਸ਼ੈਲੀ ਐਲਬਰਟ)- ਅਧਿਆਪਕ ਦਿਵਸ ਮੌਕੇ ਸੀਟੀ ਗਰੁੱਪ ਵੱਲੋਂ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਅਵਾਰਡਜ਼ 2023 ਦੀ ਮੇਜ਼ਬਾਨੀ ਕੀਤੀ।ਇਸ ਸਮਾਗਮ ਰਾਹੀਂ ਸਿੱਖਿਅਕਾਂ ਦੇ ਅਟੁੱਟ ਸਮਰਪਣ ਦਾ ਜਸ਼ਨ ਮਨਾਇਆ ਜਿਨ੍ਹਾਂ ਨੇ ਅਣਗਿਣਤ ਵਿਅਕਤੀਆਂ ਦੇ ਮਨਾਂ ਨੂੰ ਆਕਾਰ ਦਿੱਤਾ ਹੈ, ਇੱਕ ਉੱਜਵਲ ਭਵਿੱਖ ਦਾ ਮੈਗਦਰਸ਼ਨ ਕੀਤਾ। ਸਮਾਰੋਹ ਵਿੱਚ ਜਲੰਧਰ ਜ਼ਿਲ੍ਹੇ ਦੇ 200 ਅਧਿਆਪਕਾਂ, 20 ਪ੍ਰਿੰਸੀਪਲਾਂ ਅਤੇ 101 ਸਕੂਲਾਂ ਦੀ ਮੌਜੂਦਗੀ ਦੇਖੀ ਗਈ, ਜਿਨ੍ਹਾਂ ਨੂੰ ਸਿੱਖਿਆ ਵਿੱਚ ਉਨ੍ਹਾਂ ਦੇ ਅਣਮੁੱਲੇ ਯੋਗਦਾਨ ਲਈ ਮਾਨਤਾ ਦਿੱਤੀ ਗਈ। ਵਿਸ਼ੇਸ਼ ਮਹਿਮਾਨਾਂ ਦੀ ਸ਼ਾਨਦਾਰ ਲੜੀ ਵਿੱਚ ਡਾਇਰੈਕਟਰ ਡੀ ਈ ਓ ਜਲੰਧਰ ਰਾਜੀਵ ਜੋਸ਼ੀ (ਸਟੇਟ ਅਵਾਰਡੀ), ਰਾਕੇਸ਼ ਸ਼ਰਮਾ (ਪ੍ਰਿੰਸੀਪਲ, ਸੈਣ ਦਾਸ ਏ.ਐੱਸ. ਸੀਨੀਅਰ ਸੈਕੰਡਰੀ ਸਕੂਲ), ਧਰਮਿੰਦਰ ਰੈਨਾ (ਸਟੇਟ ਐਵਾਰਡੀ) ਪ੍ਰਿੰਸੀਪਲ ਜੀ.ਐਸ.ਐਸ.ਐਸ. ਨਕੋਦਰ, ਹਰਜੀਤ ਬਾਵਾ (ਡੀ. ਐਮ. ਸਾਇੰਸ ਜਲੰਧਰ), ਸੁਖਦੇਵ ਲਾਲ ਬੱਬਰ (ਪ੍ਰਿੰਸੀਪਲ ਜੀ.ਐਸ.ਐਸ.ਐਸ. ਆਲਮਪੁਰ ਬੱਕਾ), ਹਰਪ੍ਰੀਤ ਸਿੰਘ ਸੋਂਧੀ (ਪ੍ਰਿੰਸੀਪਲ ਜੀ.ਐਸ.ਐਸ.ਐਸ. ਬਾਜਵਾ ਕਲਾਂ), ਨਵਤੇਜ ਸਿੰਘ ਬੱਲ (ਪ੍ਰਿੰਸੀਪਲ ਜੀ.ਐਸ.ਐਸ.ਐਸ. ਕਰਤਾਰਪੁਰ), ਸੁਮਨ ਸ਼ਰਮਾ (ਪ੍ਰਿੰਸੀਪਲ ਜੀ.ਐਸ.ਐਸ. ਕਰਾਰੀ), ਸੀਮਾ ਚੋਪੜਾ (ਪ੍ਰਿੰਸੀਪਲ ਜੀ.ਐਸ.ਐਸ. ਉੱਗੀ), ਭੁਪਿੰਦਰ ਸਿੰਘ (ਪ੍ਰਿੰਸੀਪਲ ਜੀ.ਐਸ.ਐਸ. ਮੁਠੱਡਾ ਖੁਰਦ), ਮਨੀਸ਼ ਕੁਮਾਰ (ਹੈੱਡਮਾਸਟਰ ਜੀ.ਐਚ.ਐਸ. ਕੋਟ ਸਾਦਿਕ), ਪੂਨਮ (ਹੈੱਡਮਿਸਟ੍ਰੈਸ ਜੀ.ਐੱਚ.ਐੱਸ. ਤਾਜਪੁਰ ਭਗਵਾਨਪੁਰ), ਨਵਜੋਤ ਕੌਰ (ਹੈੱਡਮਿਸਟ੍ਰੈਸ ਜੀ.ਐਚ.ਐਸ. ਚੰਨਿਆ), ਅਤੇ ਪਰਮਜੀਤ ਸਿੰਘ (ਹੈੱਡਮਾਸਟਰ ਜੀ.ਐਚ.ਐਸ. ਕੋਟ ਕਲਾਂ) ਸ਼ਾਮਲ ਸਨ। ਇਨ੍ਹਾਂ ਸਨਮਾਨਿਤ ਸਿੱਖਿਆਰਥੀਆਂ ਦੇ ਨਾਲ-ਨਾਲ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ, ਕੈਂਪਸ ਡਾਇਰੈਕਟਰ ਡਾ. ਜੀ.ਐਸ.ਸਿੱਧੂ, ਡਾਇਰੈਕਟਰ ਖੋਜ ਅਤੇ ਇਨੋਵੇਸ਼ਨ, ਡਾ.ਜਸਦੀਪ ਕੌਰ ਧਾਮੀ, ਐਡੀਸ਼ਨਲ ਡਾਇਰੈਕਟਰ, ਡਿਵੀਜ਼ਨ ਆਫ਼ ਐਡਮਿਸ਼ਨ, ਡਾ. ਵਨੀਤ ਠਾਕੁਰ, ਫੈਕਲਟੀ ਅਤੇ ਵਿਦਿਆਰਥੀਆਂ ਦੇ ਮੌਜੂਦ ਸਨ। ਐਨਆਈਟੀ ਜਲੰਧਰ ਦੇ ਰਜਿਸਟਰਾਰ, ਪ੍ਰੋ. ਡਾ. ਅਜੇ ਬਾਂਸਲ, ਅਤੇ ਖੇਤਰ ਦੇ ਵਿਦਿਆ ਭਾਰਤੀ ਸੰਗਠਨ ਮੰਤਰੀ ਵਿਜੇ ਕੁਮਾਰ ਨੱਡਾ ਨੇ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਅਵਾਰਡਸ 2023 ਚ ਖਾਸ ਤੌਰ 'ਤੇ ਸ਼ਿਰਕਤ ਕੀਤੀ ਅਤੇ ਤੇ ਵਿਦਿਅਕ ਭਾਈਚਾਰੇ ਦੀ ਦਿਲੋਂ ਪ੍ਰਸ਼ੰਸਾ ਕੀਤੀ। ਸੀਟੀ ਗਰੁੱਪ ਦੇ ਚੇਅਰਮੈਨ, ਚਰਨਜੀਤ ਸਿੰਘ ਚੰਨੀ ਨੇ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਐਕਸੀਲੈਂਸ ਅਵਾਰਡਜ਼ 2023 ਵਿੱਚ ਸਨਮਾਨਿਤ ਕੀਤੇ ਗਏ ਸਮਰਪਿਤ ਸਿੱਖਿਅਕਾਂ ਦੀ ਦਿਲੋਂ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਾਡੇ ਸਮਾਜ ਦੇ ਭਵਿੱਖ ਨੂੰ ਬਣਾਉਣ ਵਿੱਚ ਅਧਿਆਪਕਾਂ ਦੀ ਅਹਿਮ ਭੂਮਿਕਾ ਹੈ ਅਤੇ ਉਹਨਾਂ ਦੇ ਅਣਥੱਕ ਯਤਨ ਸਦਕਾ ਹੀ ਦੇਸ਼ ਤਰੱਕੀ ਕਰ ਰਿਹਾ ਹੈ।

ਬਲਾਕ ਪੱਧਰੀ ਖੇਡਾਂ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ

ਸੁਲਤਾਨਪੁਰ ਲੋਧੀ, (ਹਨੀ)- ਗੁਰੂ ਗੋਬਿੰਦ ਸਿੰਘ ਸਟੇਡੀਅਮ ਡਡਵਿੰਡੀ ਵਿਖੇ ਬਲਾਕ ਪੱਧਰ 'ਤੇ ਆਯੋਜਿਤ ਖੇਡਾਂ ਵਤਨ ਪੰਜਾਬ ਦੀਆਂ 2023 ਵਿਚ ਹਿੱਸਾ ਲੈਂਦਿਆਂ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸੁਲਤਾਨਪੁਰ ਲੋਧੀ ਦੇ ਵਿਦਿਆਰਥੀਆਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਪ੍ਰਿੰਸੀਪਲ ਰੇਨੂੰ ਅਰੋੜਾ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਵੱਖ-ਵੱਖ ਵਰਗਾਂ ਵਿੱਚ ਹਿੱਸਾ ਲੈਂਦਿਆਂ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾ ਦੱਸਿਆ ਕਿ ਸਕੂਲ ਦੀ ਲੜਕਿਆਂ ਦੀ ਅੰਡਰ-21 ਵਾਲੀਬਾਲ ਟੀਮ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਿਚ ਸਫਲ ਰਹੀ ਅਤੇ ਰੱਸਾਕਸ਼ੀ ਅੰਡਰ-17 ਦੇ ਮੁਕਾਬਲੇ ਵਿੱਚ ਵੀ ਸਕੂਲ ਦੇ ਵਿਦਿਆਰਥੀਆਂ ਪਹਿਲੇ ਸਥਾਨ 'ਤੇ ਕਬਜ਼ਾ ਕੀਤਾ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਮੈਡਮ ਅਰੋੜਾ ਨੇ ਜੇਤੂ ਵਿਦਿਆਰਥੀਆਂ ਅਤੇ ਸਟਾਫ਼ ਮੈਂ